PAIGAM-E-JAGAT

ਪੈਗ਼ਾਮ-ਏ-ਜਗਤ

Title code : CHAMUL00914 | E-mail : Info@paigamejagat.com | ਸ਼ੁੱਕਰਵਾਰ, 11 ਸਤੰਬਰ 2026, ਸਾਲ-4, ਅੰਕ-6, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

'ਜ਼ਿੰਦਗੀ ਵਿੱਚ ਕੁਝ ਪ੍ਰਾਪਤ ਕਰਨ ਲਈ, ਤੁਹਾਨੂੰ ਕੁਝ ਗੁਆਉਣਾ ਪੈਂਦਾ ਹੈ, ਅਤੇ ਕੁਝ ਗੁਆਉਣ ਲਈ, ਤੁਹਾਨੂੰ ਬਹੁਤ ਕੁਝ ਪ੍ਰਾਪਤ ਕਰਨਾ ਪੈਂਦਾ ਹੈ।'

ਪੁਲਾੜ ਸੰਮੇਲਨ ਵਿੱਚ ਪ੍ਰਧਾਨ ਮੰਤਰੀ ਮੋਦੀ ਦਾ ਸੰਦੇਸ਼

'ਇੱਕ ਧਰਤੀ, ਇੱਕ ਪਰਿਵਾਰ, ਇੱਕ ਭਵਿੱਖ' ਦੀ ਭਾਵਨਾ 'ਤੇ ਆਧਾਰਿਤ ਸੁਰੱਖਿਅਤ ਅਤੇ ਟਿਕਾਊ ਪੁਲਾੜ ਖੇਤਰ ਦੀ ਮੰਗ

- ਭਾਰਤ ਇੱਕ ਸੁਰੱਖਿਅਤ ਅਤੇ ਟਿਕਾਊ ਪੁਲਾੜ ਖੇਤਰ ਦਾ ਸਮਰਥਨ ਕਰਦਾ ਹੈ: ਪ੍ਰਧਾਨ ਮੰਤਰੀ ਮੋਦੀ



ਨਵੀਂ ਦਿੱਲੀ, 10 ਸਤੰਬਰ (ਪੈ.ਗਾਮ-ਏ-ਜਗਤ)

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਨੂੰ ਕਿਹਾ ਕਿ ਭਾਰਤ ਅੰਤਰਰਾਸ਼ਟਰੀ ਕਾਨੂੰਨ 'ਤੇ ਆਧਾਰਿਤ ਇੱਕ ਸੁਰੱਖਿਅਤ ਅਤੇ ਟਿਕਾਊ ਪੁਲਾੜ ਖੇਤਰ ਦਾ ਸਮਰਥਨ ਕਰਦਾ ਹੈ। ਉਨ੍ਹਾਂ ਕਿਹਾ, ਪੁਲਾੜ ਦੀਆਂ ਸੰਭਾਵਨਾਵਾਂ ਅਸੀਮਤ ਹਨ ਅਤੇ ਸਾਡੀ ਜ਼ਿੰਮੇਵਾਰੀ ਸਮੂਹਿਕ ਹੈ। ਪੈਰਿਸ ਵਿੱਚ ਆਯੋਜਿਤ ਅੰਤਰਰਾਸ਼ਟਰੀ ਪੁਲਾੜ ਸੰਮੇਲਨ ਨੂੰ ਵਰਚੁਅਲ ਲਿੰਕ ਰਾਹੀਂ ਸੰਬੋਧਨ ਕਰਦਿਆਂ, ਮੋਦੀ ਨੇ ਫਰਾਂਸ ਅਤੇ ਹੋਰ ਦੇਸ਼ਾਂ ਨੂੰ ਭਾਰਤ ਦੀ ਅਗਲੀ ਪੀੜ੍ਹੀ ਦੀ ਪੁਲਾੜ ਖੋਜ ਵਿੱਚ ਸਹਿ-ਯਾਤਰੀ ਬਣਨ ਦਾ ਸੱਦਾ ਵੀ ਦਿੱਤਾ।

ਉਨ੍ਹਾਂ ਕਿਹਾ, ਅਸੀਂ ਅੰਤਰਰਾਸ਼ਟਰੀ ਕਾਨੂੰਨ 'ਤੇ ਆਧਾਰਿਤ ਇੱਕ ਸੁਰੱਖਿਅਤ ਅਤੇ ਟਿਕਾਊ ਪੁਲਾੜ ਖੇਤਰ ਦਾ ਸਮਰਥਨ ਕਰਦੇ ਹਾਂ। ਸਾਂਝੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਵਿਗਿਆਨਕ ਅੰਕੜਿਆਂ ਦੀ ਵਰਤੋਂ ਇਮਾਨਦਾਰੀ ਨਾਲ ਕੀਤੀ ਜਾਣੀ ਚਾਹੀਦੀ ਹੈ। ਭਾਰਤ ਦੀ ਪੁਲਾੜ ਯਾਤਰਾ ਇਸੇ ਭਾਵਨਾ ਨੂੰ ਦਰਸਾਉਂਦੀ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦੀ ਪਹੁੰਚ 'ਵਸੁਧੈਵ ਕੁਟੁੰਬਕਮ'—ਜਿਸਦਾ ਅਰਥ ਹੈ 'ਇੱਕ ਧਰਤੀ, ਇੱਕ ਪਰਿਵਾਰ, ਇੱਕ ਭਵਿੱਖ'—ਦੀ ਭਾਵਨਾ 'ਤੇ ਆਧਾਰਿਤ ਹੈ ਅਤੇ ਇਹ ਭਾਵਨਾ ਧਰਤੀ ਤੋਂ ਪਾਰ ਪੁਲਾੜ ਤੱਕ ਫੈਲਣੀ ਚਾਹੀਦੀ ਹੈ।

ਮੋਦੀ ਨੇ ਕਿਹਾ ਕਿ ਪੁਲਾੜ ਨੇ ਸਦੀਆਂ ਤੋਂ ਮਨੁੱਖੀ ਕਲਪਨਾ ਨੂੰ ਪ੍ਰੇਰਿਤ ਕੀਤਾ ਹੈ ਅਤੇ ਹੁਣ ਇਹ ਧਰਤੀ 'ਤੇ ਜਾਨਾਂ ਬਚਾਉਣ ਵਿੱਚ ਮਦਦ ਕਰ ਰਿਹਾ ਹੈ। ਉਨ੍ਹਾਂ ਦੁਹਰਾਇਆ, ਪੁਲਾੜ ਦੀਆਂ (ਬਾਕੀ ਸਫ਼ਾ 2 'ਤੇ)

ਅਮਰੀਕੀ ਰਿਪੋਰਟ ਦਾ ਦਾਅਵਾ

ਭਾਰਤ ਕੋਲ 190 ਪ੍ਰਮਾਣੂ ਬੰਬ ਮੌਜੂਦ ਹਨ

- 225 ਹੋਰ ਬਣਾਉਣ ਲਈ ਲੋੜੀਂਦਾ ਪਲੂਟੋਨੀਅਮ ਮੌਜੂਦ ਹੈ
- ਸਮੁੰਦਰ ਵਿੱਚ 'ਪ੍ਰਮਾਣੂ ਢਾਲ' ਤਿਆਰ ਕੀਤੀ ਜਾ ਰਹੀ ਹੈ



ਨਵੀਂ ਦਿੱਲੀ, 10 ਸਤੰਬਰ (ਪੈ.ਗਾਮ-ਏ-ਜਗਤ)

ਭਾਰਤ ਕੋਲ 190 ਪ੍ਰਮਾਣੂ ਹਥਿਆਰ ਮੌਜੂਦ ਹਨ। ਇਸ ਕੋਲ ਆਉਣ ਵਾਲੇ ਕੁਝ ਸਾਲਾਂ ਵਿੱਚ 225 ਹੋਰ ਪ੍ਰਮਾਣੂ ਹਥਿਆਰ ਤਿਆਰ ਕਰਨ ਦੀ ਸਮਰੱਥਾ ਹੈ। ਇਹ ਜਾਣਕਾਰੀ ਅਮਰੀਕਾ ਸਥਿਤ 'ਥਿੰਕ ਟੈਂਕ', ਫੈਡਰੇਸ਼ਨ ਆਫ਼ ਅਮੈਰੀਕਨ ਸਾਇੰਟਿਸਟਸ ਦੀ ਇੱਕ ਨਵੀਂ ਰਿਪੋਰਟ ਵਿੱਚ ਸਾਹਮਣੇ ਆਈ ਹੈ।

ਰਿਪੋਰਟ ਅਨੁਸਾਰ, ਭਾਰਤ ਸਮੁੰਦਰ ਤੋਂ ਪ੍ਰਮਾਣੂ ਹਮਲੇ ਕਰਨ ਦੀ ਆਪਣੀ ਸਮਰੱਥਾ ਨੂੰ ਵੀ ਲਗਾਤਾਰ ਮਜ਼ਬੂਤ ਕਰ ਰਿਹਾ ਹੈ। ਭਾਰਤ ਪ੍ਰਮਾਣੂ-ਸੰਚਾਲਿਤ ਬੈਲਿਸਟਿਕ ਮਿਜ਼ਾਈਲ ਪਣਡੁੱਬੀਆਂ ਦੇ ਬੇੜੇ ਰਾਹੀਂ ਸਮੁੰਦਰ ਵਿੱਚ ਇੱਕ 'ਪ੍ਰਮਾਣੂ ਢਾਲ' ਤਿਆਰ ਕਰ ਰਿਹਾ ਹੈ।

ਇਨ੍ਹਾਂ 190 ਪ੍ਰਮਾਣੂ ਹਥਿਆਰਾਂ ਵਿੱਚੋਂ, 160 ਤੋਂ ਵੱਧ ਮੌਜੂਦਾ ਮਿਜ਼ਾਈਲਾਂ ਲਈ ਹਨ, ਜਦੋਂ ਕਿ ਬਾਕੀ ਨਵੀਆਂ ਮਿਜ਼ਾਈਲਾਂ ਲਈ ਰੱਖੇ ਗਏ ਹਨ। ਐਫ.ਏ.ਐਸ. ਦਾ ਅਨੁਮਾਨ ਹੈ ਕਿ ਭਵਿੱਖ ਵਿੱਚ ਭਾਰਤ ਦੇ ਪ੍ਰਮਾਣੂ ਹਥਿਆਰਾਂ ਦੀ ਗਿਣਤੀ ਵਧ ਸਕਦੀ ਹੈ। ਭਾਰਤ ਲਗਾਤਾਰ ਆਪਣੇ ਪ੍ਰਮਾਣੂ (ਬਾਕੀ ਸਫ਼ਾ 2 'ਤੇ)



ਜੂਨੀਅਰ ਏਸ਼ੀਆ ਕੱਪ ਵਿੱਚ ਸਭ ਤੋਂ ਵੱਡੀ ਜਿੱਤ

ਭਾਰਤੀ ਮਹਿਲਾ ਹਾਕੀ ਟੀਮ ਨੇ ਪਾਕਿਸਤਾਨ ਨੂੰ 19-0 ਨਾਲ ਹਰਾਇਆ

ਮੋਕਵੀ, 10 ਸਤੰਬਰ (ਪੈ.ਗਾਮ-ਏ-ਜਗਤ)

ਭਾਰਤੀ ਜੂਨੀਅਰ ਮਹਿਲਾ ਹਾਕੀ ਟੀਮ ਨੇ ਪਾਕਿਸਤਾਨ ਵਿਰੁੱਧ 19 ਗੋਲ ਕਰਕੇ ਇਤਿਹਾਸਕ ਜਿੱਤ ਦਰਜ ਕੀਤੀ। ਪਾਕਿਸਤਾਨੀ ਟੀਮ ਇੱਕ ਵੀ ਗੋਲ ਕਰਨ ਵਿੱਚ ਨਾਕਾਮ ਰਹੀ। ਇਹ ਮਹਿਲਾ ਜੂਨੀਅਰ ਹਾਕੀ ਵਿੱਚ ਭਾਰਤ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਜਿੱਤ ਹੈ।

ਵੀਰਵਾਰ ਨੂੰ ਜੂਨੀਅਰ ਏਸ਼ੀਆ ਕੱਪ ਦੇ ਕੁਆਰਟਰ ਫਾਈਨਲ ਵਿੱਚ ਪਾਕਿਸਤਾਨ ਨੂੰ ਹਰਾ ਕੇ ਮੌਜੂਦਾ ਚੈਂਪੀਅਨ ਭਾਰਤ ਨੇ ਸੈਮੀਫਾਈਨਲ ਵਿੱਚ ਆਪਣੀ ਜਗ੍ਹਾ ਪੱਕੀ ਕੀਤੀ। ਭਾਰਤ ਨੇ ਪਹਿਲੇ ਹਾਫ ਵਿੱਚ 10 ਅਤੇ ਦੂਜੇ ਹਾਫ ਵਿੱਚ 9 ਗੋਲ ਕੀਤੇ। ਪੂਜਾ ਮਲਿਕ ਨੇ ਭਾਰਤ ਲਈ ਹੈਟ੍ਰਿਕ ਲਗਾਈ। ਸਾਨਿਕਾ ਚੰਦਰਕਾਂਤ ਮਾਨੇ, ਮਧੂ ਸਿਦਾਰ, ਸੁਪਰੀਆ ਅਤੇ ਰੋਸ਼ਨੀ ਆਇੰਦ ਨੇ ਦੋ-ਦੋ ਗੋਲ ਕੀਤੇ। ਭਾਰਤ ਨੇ ਪਹਿਲੇ ਹੀ ਕੁਆਰਟਰ ਵਿੱਚ ਪੰਜ ਗੋਲ ਕੀਤੇ; ਪੂਜਾ ਸਾਹੂ ਨੇ 7ਵੇਂ ਮਿੰਟ ਵਿੱਚ ਗੋਲ ਕਰਕੇ ਖਾਤਾ ਖੋਲ੍ਹਿਆ, ਜਿਸ ਤੋਂ ਬਾਅਦ ਰੋਸ਼ਨੀ ਆਇੰਦ (9ਵੇਂ), ਤਨੁਸ਼੍ਰੀ ਦਿਨੇਸ਼ ਕਾਡੂ (11ਵੇਂ), ਸੁਖਵੀਰ ਕੌਰ (13ਵੇਂ) ਅਤੇ ਸਾਨਿਕਾ ਮਾਨੇ (13ਵੇਂ) ਨੇ ਗੋਲ ਕੀਤੇ। ਦੂਜੇ ਕੁਆਰਟਰ ਵਿੱਚ ਮਧੂ ਸਿਦਾਰ, ਗੀਤਾ ਯਾਦਵ, ਸਾਨਿਕਾ ਮਾਨੇ, ਤਨੁਜਾ ਟੋਪੋ ਅਤੇ (ਬਾਕੀ ਸਫ਼ਾ 2 'ਤੇ)

ਆਈ.ਆਰ.ਸੀ.ਟੀ.ਸੀ. ਮਨੀ ਲਾਂਡਰਿੰਗ ਮਾਮਲਾ

ਲਾਲੂ ਅਤੇ ਤੇਜਸਵੀ ਸਮੇਤ 9 ਵਿਅਕਤੀਆਂ 'ਤੇ ਦੋਸ਼ ਆਇਦ



ਪਟਨਾ: ਆਈ.ਆਰ.ਸੀ.ਟੀ.ਸੀ. ਮਨੀ ਲਾਂਡਰਿੰਗ ਮਾਮਲੇ ਵਿੱਚ ਲਾਲੂ ਪਰਿਵਾਰ ਦੀਆਂ ਮੁਸ਼ਕਲਾਂ ਵਧ ਗਈਆਂ ਹਨ। ਵੀਰਵਾਰ ਨੂੰ ਦਿੱਲੀ ਦੀ ਰਾਊਸ ਐਵੇਨਿਊ ਅਦਾਲਤ ਨੇ ਲਾਲੂ, ਤੇਜਸਵੀ ਅਤੇ ਰਾਬੜੀ ਸਮੇਤ ਨੌਂ ਵਿਅਕਤੀਆਂ 'ਤੇ ਦੋਸ਼ ਆਇਦ ਕੀਤੇ। ਅਦਾਲਤ ਨੇ ਸੱਤ ਮੁਲਜ਼ਮਾਂ ਨੂੰ ਬਰੀ ਕਰ ਦਿੱਤਾ।

ਇਨਫੋਰਸਮੈਂਟ ਡਾਇਰੈਕਟੋਰੇਟ ਨੇ ਇਸ ਮਾਮਲੇ ਵਿੱਚ 16 ਲੋਕਾਂ ਵਿਰੁੱਧ ਚਾਰਜਸ਼ੀਟ ਦਾਖਲ ਕੀਤੀ ਸੀ। ਅਗਲੀ ਸੁਣਵਾਈ 3 ਅਕਤੂਬਰ ਨੂੰ ਹੋਵੇਗੀ। ਅਦਾਲਤ ਨੇ ਨੋਟਿਸ ਲਿਆ ਕਿ ਰਾਬੜੀ ਦੇਵੀ ਅਤੇ ਤੇਜਸਵੀ ਯਾਦਵ ਵਿਰੁੱਧ ਅਪਰਾਧ ਰਾਹੀਂ ਕਮਾਈ ਕਰਨ ਅਤੇ ਆਪਣੇ ਅਧਿਕਾਰਤ (ਬਾਕੀ ਸਫ਼ਾ 2 'ਤੇ)

ਚੀਨ ਦੇ ਬੰਦਰਗਾਹ 'ਤੇ ਮਾਲਵਾਹਕ ਜਹਾਜ਼ ਵਿੱਚ ਅੱਗ ਲੱਗਣ ਨਾਲ 20 ਲੋਕਾਂ ਦੀ ਮੌਤ



- ਜਹਾਜ਼ 'ਤੇ ਕੁੱਲ 42 ਲੋਕ ਸੀ ਸਵਾਰ ਸਨ; 12 ਲੋਕਾਂ ਨੂੰ ਕੱਢਿਆ ਸੁਰੱਖਿਅਤ ਬਾਹਰ

ਬੀਜਿੰਗ, 10 ਸਤੰਬਰ (ਪੈ.ਗਾਮ-ਏ-ਜਗਤ)

ਪੂਰਬੀ ਚੀਨ ਦੇ ਸ਼ਾਂਦੋਂਗ ਸੂਬੇ 'ਚ ਸਥਿਤ ਕਿੰਗਦਾਓ ਬੇਹਾਈ ਸ਼ਿਪਯਾਰਡ 'ਚ ਰੱਖ-ਰਖਾਅ (ਮੈਂਟੇਨੈਂਸ) ਲਈ ਖੜ੍ਹੇ ਇੱਕ ਵਿਦੇਸ਼ੀ ਝੰਡੇ ਵਾਲੇ ਮਾਲਵਾਹਕ ਜਹਾਜ਼ 'ਚ ਭਿਆਨਕ ਅੱਗ ਲੱਗ ਗਈ।

ਇਸ ਹਾਦਸੇ 'ਚ ਘੱਟੋ-ਘੱਟ 20 ਲੋਕਾਂ ਦੀ ਮੌਤ ਹੋਣ ਅਤੇ ਭਾਰੀ ਜਾਨੀ-ਮਾਲੀ ਨੁਕਸਾਨ ਦੀ ਖ਼ਬਰ ਹੈ। ਸਮਾਚਾਰ ਏਜੰਸੀ ਦੀ ਖ਼ਬਰ ਅਨੁਸਾਰ ਜਹਾਜ਼ 'ਤੇ ਕੁੱਲ 42 ਲੋਕ ਸਵਾਰ ਸਨ, ਜਿਨ੍ਹਾਂ ਵਿੱਚੋਂ 12 ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਹੈ। ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ ਅਤੇ ਪ੍ਰਧਾਨ ਮੰਤਰੀ ਲੀ ਕਿਯਾਂਗ ਨੇ ਲਾਪਤਾ ਲੋਕਾਂ ਲਈ ਤੁਰੰਤ ਖੋਜ ਅਤੇ ਬਚਾਅ ਮੁਹਿੰਮ ਚਲਾਉਣ, ਜ਼ਖ਼ਮੀਆਂ ਦੇ ਇਲਾਜ ਅਤੇ ਘਟਨਾ ਲਈ ਜ਼ਿੰਮੇਵਾਰ ਲੋਕਾਂ ਦੀ ਸਖ਼ਤੀ ਨਾਲ ਜਵਾਬਦੇਹੀ ਤੈਅ ਕਰਨ ਦੇ ਨਿਰਦੇਸ਼ ਜਾਰੀ ਕੀਤੇ ਹਨ। ਪੂਰਬੀ ਚੀਨ ਦੇ ਸ਼ਾਂਦੋਂਗ ਸੂਬੇ ਦੇ ਕਿੰਗਦਾਓ 'ਚ (ਬਾਕੀ ਸਫ਼ਾ 2 'ਤੇ)

ਯੂਨੀਅਨ ਬੈਂਕ 'ਚ ਦਿਨ-ਦਿਹਾੜੇ ਲੁੱਟ ਦੀ ਕੋਸ਼ਿਸ਼; ਗਾਰਡ ਦੀ ਹਿੰਮਤ ਅੱਗੇ ਹਾਰੇ ਬਦਮਾਸ਼

ਚਾਰ ਨਕਾਬਪੋਸ਼ ਨੌਜਵਾਨ ਬੈਂਕ ਵਿੱਚ ਦਾਖਲ ਹੋ ਕੇ ਗਾਹਕਾਂ ਵਾਲੀ ਕਤਾਰ ਵਿੱਚ ਬੈਠੇ



ਜੰਡਿਆਲਾ ਗੁਰੂ, 10 ਸਤੰਬਰ (ਪੈ.ਗਾਮ-ਏ-ਜਗਤ)

ਸਥਾਨਕ ਘਾਹ ਮੰਡੀ ਚੌਂਕ ਨੇੜੇ ਸਥਿਤ ਯੂਨੀਅਨ ਬੈਂਕ ਵਿੱਚ ਅੱਜ ਦਿਨ ਦਿਹਾੜੇ ਪੰਜ ਨਕਾਬਪੋਸ਼ ਲੁਟੇਰਿਆਂ ਵੱਲੋਂ ਬੈਂਕ ਲੁੱਟਣ ਦੀ ਕੋਸ਼ਿਸ਼ ਕੀਤੀ ਗਈ, ਪਰ ਬੈਂਕ ਦੇ ਸਕਿਉਰਟੀ ਗਾਰਡ ਵੱਲੋਂ ਦਿਖਾਈ ਗਈ ਹਿੰਮਤ ਕਾਰਨ ਬੈਂਕ ਲੁੱਟਣ ਦੀ ਕੋਸ਼ਿਸ਼ ਨਾਕਾਮ ਹੋ ਗਈ। ਗਾਰਡ ਵੱਲੋਂ ਤੁਰੰਤ ਕੀਤੀ ਕਾਰਵਾਈ ਕਾਰਨ ਲੁਟੇਰੇ ਬਿਨਾਂ ਕੋਈ ਲੁੱਟ ਕੀਤੇ ਮੌਕੇ ਤੋਂ ਫਰਾਰ ਹੋ ਗਏ, ਜਿਸ ਨਾਲ ਬੈਂਕ ਵਿੱਚ ਵੱਡੀ ਵਾਰਦਾਤ ਹੋਣੋਂ ਟਲ ਗਈ।

ਇਸ ਸਬੰਧੀ ਬੈਂਕ ਮੈਨੇਜਰ ਮੁਕੇਸ਼ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੈਂਕ ਵਿੱਚ ਰੋਜ਼ਾਨਾ ਦੀ ਤਰ੍ਹਾਂ ਬੈਂਕਿੰਗ ਦਾ ਕੰਮ ਚੱਲ ਰਿਹਾ ਸੀ। ਕਰੀਬ ਸਵੇਰੇ 11.15 ਵਜੇ ਚਾਰ ਨਕਾਬਪੋਸ਼ ਨੌਜਵਾਨ ਬੈਂਕ ਵਿੱਚ ਦਾਖਲ ਹੋ ਕੇ ਗਾਹਕਾਂ ਵਾਲੀ ਕਤਾਰ ਵਿੱਚ ਬੈਠ ਗਏ ਤੇ ਵਾਊਚਰ ਭਰਨ ਲੱਗ ਪਏ।

ਸਕਿਉਰਟੀ ਗਾਰਡ ਵੱਲੋਂ ਜਦੋਂ ਉਨ੍ਹਾਂ ਨੂੰ ਮੂੰਹ ਤੋਂ ਮਾਸਕ ਹਟਾਉਣ ਲਈ ਕਿਹਾ ਗਿਆ ਤਾਂ ਇਸੇ ਦੌਰਾਨ ਇੱਕ ਹੋਰ ਵਿਅਕਤੀ ਬੈਂਕ ਵਿੱਚ ਦਾਖਲ ਹੋਇਆ, ਜਿਸ ਵੇਲੇ ਗਾਰਡ ਦੇ ਪਿੱਛੇ ਜਾ ਕੇ ਉਸ ਦੇ ਮੂੰਹ 'ਤੇ ਕੋਈ ਸਪਰੇਅ ਛਿੜਕ ਦਿੱਤੀ। ਸਪਰੇਅ ਕੀਤੇ ਜਾਣ ਦੇ ਬਾਵਜੂਦ ਸਕਿਉਰਟੀ ਗਾਰਡ ਨੇ ਹਿੰਮਤ ਨਹੀਂ ਹਾਰੀ ਅਤੇ ਤੁਰੰਤ ਆਪਣੀ ਰਾਈਫਲ ਚੁੱਕ ਲਈ। ਗਾਰਡ ਵੱਲੋਂ ਰਾਈਫਲ ਚੁੱਕਦਿਆਂ ਹੀ ਸਾਰੇ ਲੁਟੇਰੇ ਘਬਰਾ ਕੇ ਬੈਂਕ ਵਿੱਚੋਂ ਬਾਹਰ ਦੌੜ ਗਏ। ਇਸ ਤਰ੍ਹਾਂ ਬੈਂਕ ਦਾ ਕਿਸੇ ਵੀ ਕਿਸਮ ਦਾ ਮਾਲੀ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ।

ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਜੰਡਿਆਲਾ ਗੁਰੂ ਦੇ ਐੱਸਐੱਚਓ ਹਰਪਾਲ ਸਿੰਘ ਤੁਰੰਤ ਪੁਲਿਸ ਪਾਰਟੀ (ਬਾਕੀ ਸਫ਼ਾ 2 'ਤੇ)

ਜਿਨਪਿੰਗ ਬ੍ਰਿਕਸ ਸੰਮੇਲਨ ਵਿੱਚ ਸ਼ਾਮਲ ਹੋ ਸਕਦੇ ਹਨ

- ਗਲਵਾਨ ਝੜਪ ਤੋਂ ਬਾਅਦ ਭਾਰਤ ਵਿੱਚ ਮੋਦੀ ਅਤੇ ਜਿਨਪਿੰਗ ਵਿਚਕਾਰ ਪਹਿਲੀ ਦੁਵੱਲੀ ਮੀਟਿੰਗ ਹੋਣ ਦੀ ਸੰਭਾਵਨਾ; ਉਨ੍ਹਾਂ ਨੇ ਆਖਰੀ ਵਾਰ 2019 ਵਿੱਚ ਦੌਰਾ ਕੀਤਾ ਸੀ

ਨਵੀਂ ਦਿੱਲੀ, 10 ਸਤੰਬਰ (ਪੈ.ਗਾਮ-ਏ-ਜਗਤ)

ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਬ੍ਰਿਕਸ ਸੰਮੇਲਨ ਵਿੱਚ ਸ਼ਾਮਲ ਹੋਣ ਲਈ ਭਾਰਤ ਦਾ ਦੌਰਾ ਕਰ ਸਕਦੇ ਹਨ। ਇਸ ਦੌਰੇ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਜਿਨਪਿੰਗ ਵਿਚਕਾਰ ਦੁਵੱਲੀ ਮੀਟਿੰਗ ਹੋਣ ਦੀ ਸੰਭਾਵਨਾ ਹੈ।

ਜੇਕਰ ਇਹ ਮੀਟਿੰਗ ਹੁੰਦੀ ਹੈ, ਤਾਂ ਇਹ ਜੂਨ 2020 ਦੀ ਗਲਵਾਨ ਹਿੰਸਾ ਤੋਂ ਬਾਅਦ ਭਾਰਤ ਵਿੱਚ ਦੋਵਾਂ ਨੇਤਾਵਾਂ ਵਿਚਕਾਰ ਪਹਿਲੀ ਦੁਵੱਲੀ ਗੱਲਬਾਤ ਹੋਵੇਗੀ। ਪੂਰਬੀ ਲੱਦਾਖ ਦੀ ਗਲਵਾਨ ਘਾਟੀ ਵਿੱਚ ਹੋਈ ਝੜਪ ਦੌਰਾਨ ਭਾਰਤ ਦੇ ਵੀਹ ਸੈਨਿਕ ਸ਼ਹੀਦ ਹੋ ਗਏ ਸਨ। ਬਾਅਦ ਵਿੱਚ ਚੀਨ ਨੇ ਆਪਣੇ ਚਾਰ ਸੈਨਿਕਾਂ ਦੀ ਮੌਤ ਦੀ ਪੁਸ਼ਟੀ ਕੀਤੀ ਸੀ।

ਹਾਲਾਂਕਿ, ਕਿਸੇ ਵੀ ਦੇਸ਼ ਨੇ ਅਜੇ ਤੱਕ ਜਿਨਪਿੰਗ ਦੇ ਭਾਰਤ ਦੌਰੇ ਦੀ ਪੁਸ਼ਟੀ ਨਹੀਂ ਕੀਤੀ ਹੈ। ਚੀਨੀ ਵਿਦੇਸ਼ ਮੰਤਰਾਲੇ ਨੇ ਵੀਰਵਾਰ ਨੂੰ ਕਿਹਾ ਕਿ ਉਨ੍ਹਾਂ ਕੋਲ ਇਸ ਮਾਮਲੇ ਬਾਰੇ ਕੋਈ ਜਾਣਕਾਰੀ ਨਹੀਂ ਹੈ। ਜਿਨਪਿੰਗ ਨੇ ਆਖਰੀ ਵਾਰ 2019 ਵਿੱਚ ਭਾਰਤ ਦਾ ਦੌਰਾ ਕੀਤਾ ਸੀ।



ਇਸ ਸਾਲ ਬ੍ਰਿਕਸ ਦੀ ਪ੍ਰਧਾਨਗੀ ਭਾਰਤ ਕੋਲ ਹੈ। ਬ੍ਰਿਕਸ ਪ੍ਰਮੁੱਖ ਉੱਭਰਦੀਆਂ ਅਰਥਵਿਵਸਥਾਵਾਂ ਦਾ ਇੱਕ ਸਮੂਹ ਹੈ। ਇਸ ਦੇ ਮੈਂਬਰਾਂ ਵਿੱਚ ਭਾਰਤ, ਰੂਸ, ਚੀਨ, ਬ੍ਰਾਜ਼ੀਲ ਅਤੇ ਦੱਖਣੀ ਅਫਰੀਕਾ ਦੇ ਨਾਲ-ਨਾਲ ਮਿਸਰ, ਈਰਾਨ, (ਬਾਕੀ ਸਫ਼ਾ 2 'ਤੇ)

ਆਜ਼ਮ ਖ਼ਾਨ ਖ਼ਿਲਾਫ਼ ਐੱਫਆਈਆਰ ਦਰਜ

- ਹੱਜ ਕਮੇਟੀ ਦੀ ਜ਼ਮੀਨ ਵੇਚਣ 'ਚ ਗੜਬੜੀ ਦਾ ਦੋਸ਼



ਲਖਨਊ, 10 ਸਤੰਬਰ (ਪੈ.ਗਾਮ-ਏ-ਜਗਤ)

ਸਮਾਜਵਾਦੀ ਪਾਰਟੀ ਦੇ ਸੰਸਥਾਪਕਾਂ 'ਚੋਂ ਇੱਕ ਆਜ਼ਮ ਖ਼ਾਨ ਖ਼?ਲਾਫ਼ ਵੀਰਵਾਰ ਨੂੰ ਲਖਨਊ 'ਚ ਮੁਕੱਦਮਾ ਦਰਜ ਕੀਤਾ ਗਿਆ ਹੈ। ਆਜ਼ਮ ਖ਼ਾਨ 'ਤੇ ਹੱਜ ਕਮੇਟੀ ਦੀ ਜ਼ਮੀਨ ਵੇਚਣ 'ਚ ਗੜਬੜੀ ਕਰਨ ਦਾ ਦੋਸ਼ ਸੀ। ਜਾਂਚ ਦੌਰਾਨ ਵੱਡੇ ਪੱਧਰ 'ਤੇ ਮਾਲੀ ਨੁਕਸਾਨ ਦੀ ਪੁਸ਼ਟੀ ਹੋਣ ਤੋਂ ਬਾਅਦ ਵਿਜੀਲੈਂਸ ਨੇ ਮਾਮਲਾ ਦਰਜ ਕੀਤਾ ਹੈ।

ਉੱਤਰ ਪ੍ਰਦੇਸ਼ ਰਾਜ ਹੱਜ ਕਮੇਟੀ ਦੀ ਜ਼ਮੀਨ ਦੀ ਵਿਕਰੀ 'ਚ ਗੜਬੜੀ ਦੇ ਮਾਮਲੇ 'ਚ ਵਿਜੀਲੈਂਸ ਨੇ ਸਮਾਜਵਾਦੀ ਪਾਰਟੀ ਦੇ ਆਗੂ ਤੇ ਉੱਤਰ ਪ੍ਰਦੇਸ਼ ਹੱਜ ਕਮੇਟੀ ਦੇ ਸਾਬਕਾ ਚੇਅਰਮੈਨ ਆਜ਼ਮ ਖ਼ਾਨ ਸਮੇਤ ਪੰਜ ਲੋਕਾਂ ਖ਼ਿਲਾਫ਼ ਐੱਫਆਈਆਰ ਦਰਜ ਕੀਤੀ ਹੈ। ਵਿਜੀਲੈਂਸ ਦੀ ਜਾਂਚ 'ਚ ਜ਼ਮੀਨ ਦੀ ਵਿਕਰੀ ਕਾਰਨ ਕਮੇਟੀ ਨੂੰ 2.08 ਕਰੋੜ ਰੁਪਏ ਦੇ ਮਾਲੀ ਨੁਕਸਾਨ ਦੀ ਪੁਸ਼ਟੀ ਹੋਈ ਹੈ।

ਦੋਸ਼ ਹੈ ਕਿ ਇੱਕ ਨਿੱਜੀ ਫਰਮ ਨੂੰ ਫਾਇਦਾ ਪਹੁੰਚਾਉਣ ਲਈ ਜ਼ਮੀਨ ਦੀ ਵਿਕਰੀ 'ਚ ਨਿਯਮਾਂ ਦੀ ਅਣਦੇਖੀ ਕੀਤੀ ਗਈ ਤੇ ਅਹੁਦੇ ਦੀ ਦੁਰਵਰਤੋਂ ਕੀਤੀ ਗਈ। ਵਿਜੀਲੈਂਸ ਦਾ ਦੋਸ਼ ਹੈ ਕਿ ਮੁਲਜ਼ਮਾਂ ਨੇ ਆਪਣੇ ਅਹੁਦੇ ਦਾ ਗਲਤ ਇਸਤੇਮਾਲ ਕਰਦਿਆਂ ਨਿੱਜੀ ਫਰਮ ਨੂੰ (ਬਾਕੀ ਸਫ਼ਾ 2 'ਤੇ)

ਸੁਪਰੀਮ ਕੋਰਟ ਵੱਲੋਂ ਗੈਂਗਸਟਰ ਅਬੂ ਸਲੇਮ ਦੀ ਹਿਰਾਸਤ ਤੋਂ ਰਿਹਾਈ ਦੀ ਅਰਜ਼ੀ ਖਾਰਜ

ਨਵੀਂ ਦਿੱਲੀ, 10 ਸਤੰਬਰ (ਪੈ.ਗਾਮ-ਏ-ਜਗਤ)

ਸੁਪਰੀਮ ਕੋਰਟ ਨੇ ਵੀਰਵਾਰ ਨੂੰ ਗੈਂਗਸਟਰ ਅਬੂ ਸਲੇਮ ਵੱਲੋਂ ਦਾਇਰ ਕੀਤੀ ਗਈ ਉਸ ਅਰਜ਼ੀ ਨੂੰ ਖਾਰਜ ਕਰ ਦਿੱਤਾ, ਜਿਸ ਵਿੱਚ ਉਸ ਨੇ ਪੁਰਤਗਾਲ ਤੋਂ ਉਸ ਦੀ ਹਵਾਲਗੀ ਦੀਆਂ ਸ਼ਰਤਾਂ ਤਹਿਤ ਲਾਜ਼ਮੀ ਤੌਰ 'ਤੇ ਭਾਰਤ ਵਿੱਚ 25 ਸਾਲ ਜੇਲ੍ਹ ਪੂਰੀ ਕਰਨ ਦੇ ਆਧਾਰ 'ਤੇ ਹਿਰਾਸਤ ਤੋਂ ਰਿਹਾਈ ਦੀ ਮੰਗ ਕੀਤੀ ਸੀ। ਜਸਟਿਸ ਵਿਕਰਮ ਨਾਥ ਅਤੇ ਜਸਟਿਸ ਸੰਦੀਪ ਮਹਿਤਾ ਦੇ ਬੈਂਚ ਨੇ ਬੰਬੇ ਹਾਈ ਕੋਰਟ ਦੇ ਅਪ੍ਰੈਲ ਦੇ ਹੁਕਮਾਂ ਨੂੰ ਬਰਕਰਾਰ ਰੱਖਿਆ,



ਜਿਸ ਨੇ ਉਸ ਦੀ ਫੌਰੀ ਰਿਹਾਈ ਦੀ ਮੰਗ ਕਰਨ ਵਾਲੀ ਪਟੀਸ਼ਨ ਨੂੰ 'ਸਮੇਂ ਤੋਂ ਪਹਿਲਾਂ' (ਪ੍ਰੀਮੇਚਿਅਰ) ਅਤੇ 'ਗਲਤ ਧਾਰਨਾ ਵਾਲੀ' (ਮਿਸਕੌਂਸੀਵਡ) ਕਹਿ ਕੇ ਖਾਰਜ ਕਰ ਦਿੱਤਾ ਸੀ। ਸਿਖਰਲੀ ਅਦਾਲਤ ਨੇ ਹਾਈ ਕੋਰਟ ਦੇ ਹੁਕਮਾਂ ਨੂੰ ਚੁਣੌਤੀ ਦੇਣ ਵਾਲੀ ਸਲੇਮ ਦੀ ਅਰਜ਼ੀ 'ਤੇ ਆਪਣਾ ਫ਼ੈਸਲਾ ਸੁਣਾਇਆ। ਇੱਕ ਵਿਸਤ੍ਰਿਤ ਫ਼ੈਸਲੇ ਦੀ ਉਡੀਕ ਹੈ। 1993 ਦੇ ਮੁੰਬਈ ਲੜੀਵਾਰ ਧਮਾਕਿਆਂ ਵਿੱਚ ਦੋਸ਼ੀ ਸਲੇਮ ਨੂੰ ਇੱਕ ਲੰਬੀ ਕਾਨੂੰਨੀ ਲੜਾਈ ਤੋਂ ਬਾਅਦ 11 ਨਵੰਬਰ 2005 ਨੂੰ ਪੁਰਤਗਾਲ ਤੋਂ ਹਵਾਲੇ ਕੀਤਾ ਗਿਆ ਸੀ। ਭਾਰਤ ਅਤੇ ਪੁਰਤਗਾਲ ਦੁਆਰਾ ਸਹਿਮਤ ਕੀਤੀਆਂ ਗਈਆਂ ਹਵਾਲਗੀ ਦੀਆਂ ਸ਼ਰਤਾਂ ਅਨੁਸਾਰ, ਸਲੇਮ ਨੂੰ ਮੌਤ ਦੀ ਸਜ਼ਾ ਨਹੀਂ ਦਿੱਤੀ ਜਾ ਸਕਦੀ ਅਤੇ ਉਸ ਦੀ ਜੇਲ੍ਹ ਦੀ ਸਜ਼ਾ 25 ਸਾਲ ਤੋਂ ਵੱਧ ਨਹੀਂ ਹੋ ਸਕਦੀ।

ਮਿਡਟਰਮ ਚੋਣਾਂ ਜਿੱਤੇ ਤਾਂ ਹਰ ਵੋਟਰ ਨੂੰ 5 ਲੱਖ ਰੁਪਏ : ਟਰੰਪ

- ਇਸ 'ਤੇ 128 ਲੱਖ ਕਰੋੜ ਖ਼ਰਚ ਕਰਨੇ ਪੈਣਗੇ, ਇਹ ਪਾਕਿਸਤਾਨ ਦੀ ਇਕੋਨਮੀ ਨਾਲੋਂ 3 ਗੁਣਾ ਵੱਧ ਹੈ

ਵਾਸ਼ਿੰਗਟਨ, 10 ਸਤੰਬਰ (ਪੈ.ਗਾਮ-ਏ-ਜਗਤ)

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ ਕਿ ਨਵੰਬਰ ਦੀਆਂ ਮਿਡਟਰਮ ਚੋਣਾਂ ਵਿੱਚ ਜੇਕਰ ਰਿਪਬਲਿਕਨ ਪਾਰਟੀ ਹਾਊਸ ਆਫ਼ ਰਿਪ੍ਰੈਜ਼ੈਂਟੇਟਿਵਜ਼ (ਪ੍ਰਤੀਨਿਧੀ ਸਭਾ) ਅਤੇ ਸੈਨੇਟ, ਦੋਵਾਂ ਵਿੱਚ ਬਹੁਮਤ ਬਰਕਰਾਰ ਰੱਖਦੀ ਹੈ, ਤਾਂ ਹਰ ਬਾਲਗ ਅਮਰੀਕੀ ਨੂੰ 5,000 ਡਾਲਰ (ਲਗਭਗ 4.76 ਲੱਖ ਰੁਪਏ) ਦਿੱਤੇ ਜਾਣਗੇ।

ਟਰੰਪ ਨੇ ਇਹ ਬਿਆਨ ਡਲਾਸ ਵਿੱਚ ਰਿਪਬਲਿਕਨ ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਦਿੱਤਾ। ਉਨ੍ਹਾਂ ਨੇ ਇਸ ਨੂੰ 'ਟਰੰਪ ਡਿਵੀਡੈਂਡ' ਦਾ ਨਾਂ ਦਿੱਤਾ ਅਤੇ ਕਿਹਾ ਕਿ ਇਹ ਅਮਰੀਕਾ ਦੀ 'ਆਰਥਿਕ ਤਾਕਤ



ਅਤੇ ਸਫ਼ਲਤਾ' ਦੇ ਕਾਰਨ ਦਿੱਤਾ ਜਾਵੇਗਾ।

ਟਰੰਪ ਨੇ ਇਹ ਵੀ ਕਿਹਾ ਕਿ ਡਿਵੀਡੈਂਡ ਦੀ ਇਹ ਰਕਮ ਅਮਰੀਕਾ ਦੇ ਅੰਦਰ ਹੀ ਖ਼ਰਚ ਕਰਨੀ ਪਵੇਗੀ। ਹਾਲਾਂਕਿ, ਉਨ੍ਹਾਂ ਨੇ ਇਹ ਨਹੀਂ ਦੱਸਿਆ ਕਿ ਇਸ ਲਈ ਪੈਸਾ ਕਿੱਥੋਂ ਆਵੇਗਾ, ਭੁਗਤਾਨ ਦਾ ਦਾਇਰਾ ਕੀ ਹੋਵੇਗਾ ਅਤੇ ਰਕਮ ਕਿਸ ਤਰ੍ਹਾਂ ਵੰਡੀ ਜਾਵੇਗੀ। ਅਮਰੀਕਾ ਵਿੱਚ ਲਗਭਗ 26.98 ਕਰੋੜ ਬਾਲਗ ਹਨ। ਜੇਕਰ ਸਾਰਿਆਂ ਨੂੰ 5,000 ਡਾਲਰ ਦਿੱਤੇ ਜਾਣ ਤਾਂ ਕੁੱਲ ਖ਼ਰਚ ਲਗਭਗ 1.35 ਟ੍ਰਿਲੀਅਨ ਡਾਲਰ ਯਾਨੀ 128.25 ਲੱਖ ਕਰੋੜ ਰੁਪਏ ਹੋਵੇਗਾ। ਇਹ ਰਕਮ ਦੁਨੀਆ ਦੇ ਲਗਭਗ 162 ਦੇਸ਼ਾਂ ਦੀ ਆਰਥਿਕਤਾ (ਇਕੋਨਮੀ) ਨਾਲੋਂ ਵੱਧ ਹੈ।

ਵਿਸ਼ਵ ਬੈਂਕ ਦੇ 2025 ਦੇ ਅੰਕੜਿਆਂ ਮੁਤਾਬਕ, ਇਸ ਤੋਂ ਵੱਧ ਜੀ.ਡੀ.ਪੀ. ਸਿਰਫ਼ 19 ਦੇਸ਼ਾਂ ਦੀ ਹੈ। ਇੱਥੋਂ ਤੱਕ ਕਿ ਇਹ ਪਾਕਿਸਤਾਨ ਦੀ ਪੂਰੀ ਅਰਥਵਿਵਸਥਾ ਨਾਲੋਂ ਲਗਭਗ 3.3 ਗੁਣਾ ਵੱਧ ਹੈ। ਪਾਕਿਸਤਾਨ ਦੀ ਜੀ.ਡੀ.ਪੀ. ਲਗਭਗ 407.3 ਅਰਬ ਡਾਲਰ ਯਾਨੀ 38.69 ਲੱਖ ਕਰੋੜ ਹੈ। 2025 ਵਿੱਚ ਅਮਰੀਕਾ ਦੀ ਅਰਥਵਿਵਸਥਾ ਲਗਭਗ 30.8 ਟ੍ਰਿਲੀਅਨ ਡਾਲਰ ਦੀ ਸੀ। ਹਰ ਬਾਲਗ ਅਮਰੀਕੀ ਨੂੰ 5,000 ਡਾਲਰ ਦੇਣ ਦੀ ਯੋਜਨਾ 'ਤੇ ਲਗਭਗ 1.3 ਟ੍ਰਿਲੀਅਨ ਡਾਲਰ ਖ਼ਰਚ ਹੋਵੇਗਾ। ਇਸ ਨੂੰ ਲਾਗੂ ਕਰਨ ਲਈ ਸੰਸਦ (ਕਾਂਗਰਸ) ਦੀ ਮੰਜ਼ੂਰੀ ਜ਼ਰੂਰੀ ਹੋਵੇਗੀ। ਇਹ ਰਕਮ ਅਮਰੀਕਾ ਦੀ 2025 ਦੀ (ਬਾਕੀ ਸਫ਼ਾ 2 'ਤੇ)

ਬਿਹਾਰ ਦੇ 14 ਜ਼ਿਲ੍ਹਿਆਂ ਵਿੱਚ ਹੜ੍ਹ; 5,000 ਸਕੂਲ ਬੰਦ

- ਯੂ.ਪੀ. ਦੇ ਬਾਰਾਬੰਕੀ ਵਿੱਚ ਘਰ ਰੁੜ੍ਹ ਗਏ, ਬਰੇਲੀ ਵਿੱਚ ਮੰਦਰ ਪਾਣੀ ਵਿੱਚ ਡੁੱਬਿਆ; ਮੱਧ ਪ੍ਰਦੇਸ਼ ਅਤੇ ਰਾਜਸਥਾਨ ਵਿੱਚ ਮੀਂਹ ਘਟਿਆ

ਨਵੀਂ ਦਿੱਲੀ, 10 ਸਤੰਬਰ (ਪੈ.ਗਾਮ-ਏ-ਜਗਤ)

ਬਿਹਾਰ ਦੇ 14 ਜ਼ਿਲ੍ਹਿਆਂ ਵਿੱਚ, ਜਿਨ੍ਹਾਂ ਵਿੱਚ ਪਟਨਾ, ਮੁੰਗੇਰ ਅਤੇ ਭਾਗਲਪੁਰ ਸ਼ਾਮਲ ਹਨ, ਹੜ੍ਹ ਦੀ ਸਥਿਤੀ ਬਣੀ ਹੋਈ ਹੈ। ਇਸ ਨਾਲ 40 ਲੱਖ ਤੋਂ ਵੱਧ ਲੋਕ ਪ੍ਰਭਾਵਿਤ ਹੋਏ ਹਨ। ਹੜ੍ਹ ਦੇ ਪਾਣੀ ਵਿੱਚ ਡੁੱਬਣ ਕਾਰਨ 5,000 ਤੋਂ ਵੱਧ ਸਕੂਲ ਬੰਦ ਕਰ ਦਿੱਤੇ ਗਏ ਹਨ। ਸੂਬੇ ਭਰ ਵਿੱਚ ਗੰਗਾ, ਕੋਸੀ ਅਤੇ ਗੰਡਕ ਵਰਗੀਆਂ ਨਦੀਆਂ ਪੂਰੇ ਜੋਬਨ 'ਤੇ ਹਨ। ਇਨ੍ਹਾਂ ਨਦੀਆਂ ਦੇ ਕੰਢਿਆਂ 'ਤੇ ਬਣੇ 500 ਤੋਂ ਵੱਧ ਸ਼ਮਸ਼ਾਨਘਾਟ ਪਾਣੀ ਵਿੱਚ ਡੁੱਬ ਗਏ ਹਨ, ਜਿਸ ਕਾਰਨ ਅੰਤਿਮ ਸੰਸਕਾਰ ਕਰਨ ਵਿੱਚ ਮੁਸ਼ਕਲਾਂ ਆ ਰਹੀਆਂ ਹਨ। ਉੱਤਰ ਪ੍ਰਦੇਸ਼ ਵਿੱਚ ਲਗਾਤਾਰ ਮੀਂਹ ਕਾਰਨ ਨਦੀਆਂ ਓਵਰਫਲੋ ਹੋ ਰਹੀਆਂ ਹਨ। ਹੜ੍ਹ ਨੇ 26 ਜ਼ਿਲ੍ਹਿਆਂ ਵਿੱਚ 4 ਲੱਖ ਲੋਕਾਂ ਨੂੰ ਪ੍ਰਭਾਵਿਤ ਕੀਤਾ ਹੈ। ਬਰੇਲੀ ਵਿੱਚ ਇੱਕ ਪ੍ਰਾਚੀਨ ਮੰਦਰ ਰਾਮਗੰਗਾ ਨਦੀ ਵਿੱਚ ਸਮਾ ਗਿਆ, ਜਦੋਂ ਕਿ (ਬਾਕੀ ਸਫ਼ਾ 2 'ਤੇ)



ਡੀਕੇ ਸਰਕਾਰ ਦਾ ਫ਼ੁਰਮਾਨ ਜਾਰੀ

'ਕਰਨਾਟਕ 'ਚ ਵੰਦੇ ਮਾਤਰਮ ਦੇ ਦੋ ਅੰਤਰੇ ਹੀ ਗਾਏ ਜਾਣਗੇ'

ਤਿਰੂਵਨੰਤਪੁਰਮ: ਕਰਨਾਟਕ ਸਰਕਾਰ ਨੇ ਵੀਰਵਾਰ ਨੂੰ ਇੱਕ ਹੁਕਮ ਜਾਰੀ ਕਰਕੇ ਲਾਜ਼ਮੀ ਕੀਤਾ ਹੈ ਕਿ ਸਰਕਾਰੀ ਸਮਾਗਮਾਂ ਦੌਰਾਨ 'ਵੰਦੇ ਮਾਤਰਮ' ਦੇ ਸਿਰਫ਼ ਪਹਿਲੇ ਦੋ ਬੰਦ ਹੀ ਗਾਏ ਜਾਣ। ਹਾਲਾਂਕਿ ਇਹ ਹੁਕਮ ਪੂਰੇ ਰਾਜ ਵਿੱਚ ਸਰਕਾਰੀ ਸਮਾਗਮਾਂ 'ਤੇ ਲਾਗੂ ਹੁੰਦਾ ਹੈ, ਪਰ ਰਾਸ਼ਟਰਪਤੀ, ਉਪ-ਰਾਸ਼ਟਰਪਤੀ, ਪ੍ਰਧਾਨ ਮੰਤਰੀ ਜਾਂ ਰਾਜਪਾਲ ਦੀ ਮੌਜੂਦਗੀ ਵਾਲੇ ਪ੍ਰੋਗਰਾਮਾਂ ਨੂੰ ਇਸ ਤੋਂ ਛੋਟ ਦਿੱਤੀ ਗਈ ਹੈ।

ਇਸ ਸਾਲ 9 ਜੁਲਾਈ ਨੂੰ, ਕੇਂਦਰੀ ਗ੍ਰਹਿ ਮੰਤਰਾਲੇ ਨੇ ਹਦਾਇਤ ਕੀਤੀ ਸੀ ਕਿ ਸਾਰੇ ਸਰਕਾਰੀ ਸਮਾਗਮਾਂ ਵਿੱਚ ਰਾਸ਼ਟਰੀ ਗੀਤ 'ਜਨ ਗਣ ਮਨ' ਦੇ ਨਾਲ-ਨਾਲ 'ਵੰਦੇ ਮਾਤਰਮ' ਦੇ ਸਾਰੇ ਛੇ ਬੰਦ ਗਾਏ ਜਾਣ। ਇਸ ਤੋਂ ਬਾਅਦ, 19 ਅਗਸਤ ਨੂੰ ਕਾਂਗਰਸ ਵਰਕਿੰਗ ਕਮੇਟੀ ਨੇ 'ਵੰਦੇ ਮਾਤਰਮ' ਬਾਰੇ ਆਪਣੇ 1937 ਦੇ ਮਤੇ ਦੀ ਪਾਲਣਾ ਕਰਨ ਦਾ ਫੈਸਲਾ ਕੀਤਾ। ਉਸ ਮਤੇ ਤਹਿਤ, ਪਾਰਟੀ ਸਮਾਗਮਾਂ ਵਿੱਚ ਰਾਸ਼ਟਰੀ ਗੀਤ ਦੇ ਸਿਰਫ਼ ਦੋ ਬੰਦ ਹੀ ਗਾਏ ਜਾਂਦੇ ਹਨ।

ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਖ਼ਿਲਾਫ਼ ਜਲੰਧਰ 'ਚ ਮੁਕੰਮਲ ਬੰਦ

- ਬਾਜ਼ਾਰ ਰਹੇ ਪੂਰੀ ਤਰ੍ਹਾਂ ਠੱਪ, ਬਹੁਜਨ ਤੇ ਧਾਰਮਿਕ ਜਥੇਬੰਦੀਆਂ ਵੱਲੋਂ ਜ਼ੋਰਦਾਰ ਪ੍ਰਦਰਸ਼ਨ; ਡੀਸੀ ਤੇ ਪੁਲੀਸ ਕਮਿਸ਼ਨਰ ਨੂੰ ਸੌਂਪਿਆ ਮੰਗ ਪੱਤਰ



ਜਲੰਧਰ, 10 ਸਤੰਬਰ (ਪੈ.ਗਾਮ-ਏ-ਜਗਤ)

ਲੁਧਿਆਣਾ ਵਿਚ ਡਾ. ਭੀਮ ਰਾਓ. ਅੰਬੇਡਕਰ ਦੀ ਮੂਰਤੀ ਨਾਲ ਕੀਤੀ ਗਈ ਛੇੜਛਾੜ ਦੇ ਵਿਰੋਧ ਵਿਚ ਅੱਜ ਜਲੰਧਰ ਬੰਦ ਕੀਤਾ ਗਿਆ ਹੈ। ਬੀਤੇ ਦਿਨ ਵਾਲਮੀਕਿ ਭਾਈਚਾਰੇ ਵੱਲੋਂ ਸਵੇਰੇ 9 ਵਜੇ ਤੋਂ ਲੈ ਕੇ ਸ਼ਾਮ 5 ਵਜੇ ਤੱਕ ਜਲੰਧਰ ਬੰਦ ਦੀ ਕਾਲ ਦਿੱਤੀ ਗਈ ਸੀ। ਇਸੇ ਤਹਿਤ ਸਵੇਰ ਤੋਂ ਜਲੰਧਰ ਸ਼ਹਿਰ ਦੇ ਸਾਰੇ ਬਾਜ਼ਾਰ ਅਤੇ ਦੁਕਾਨਾਂ ਬੰਦ ਹਨ। ਬੈਂਕ ਵੀ ਬੰਦ ਹਨ, ਉਥੇ ਹੀ ਹੁਸ਼ਿਆਰਪੁਰ ਵਿਚ ਵੀ ਪ੍ਰਦਰਸ਼ਨਕਾਰੀਆਂ ਨੇ ਬਾਜ਼ਾਰ ਬੰਦ ਕਰਵਾਏ ਹਨ।

ਇਸ ਸਬੰਧ ਵਿਚ ਜਥੇਬੰਦੀਆਂ ਨੇ ਸਪੱਸ਼ਟ ਕੀਤਾ ਹੈ ਕਿ ਵਿਦਿਆਰਥੀਆਂ ਦੀਆਂ ਪ੍ਰੀਖਿਆਵਾਂ ਨੂੰ ਧਿਆਨ ਵਿਚ ਰੱਖਦਿਆਂ ਸਕੂਲ ਅਤੇ ਕਾਲਜਾਂ ਨੂੰ ਬੰਦ ਤੋਂ ਮੁਕਤ ਰੱਖਿਆ ਗਿਆ ਹੈ। ਇਸ ਤੋਂ ਇਲਾਵਾ ਮੈਡੀਕਲ ਸਟੋਰ ਅਤੇ ਐਮਰਜੈਂਸੀ ਸਿਹਤ ਸੇਵਾਵਾਂ ਵੀ ਆਮ ਵਾਂਗ ਜਾਰੀ ਰਹਿਣਗੀਆਂ। ਜਲੰਧਰ ਬੰਦ ਨੂੰ ਲੈ ਕੇ ਪੁਲਸ ਅਤੇ ਪ੍ਰਸ਼ਾਸਨ ਵੱਲੋਂ ਸ਼ਹਿਰ ਵਿਚ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਹਨ, ਤਾਂ ਜੋ ਅਮਨ-ਕਾਨੂੰਨ ਦੀ ਸਥਿਤੀ ਬਰਕਰਾਰ ਰਹੇ। ਭਗਵਾਨ ਵਾਲਮੀਕਿ ਸ਼ਕਤੀ ਕ੍ਰਾਂਤੀ ਸੈਨਾ ਪੰਜਾਬ ਦੇ ਪ੍ਰਧਾਨ ਰਾਜੀਵ ਗੋਰਾ ਨੇ ਦੱਸਿਆ ਕਿ ਮੁੱਖ ਧਰਨਾ ਜਲੰਧਰ ਦੇ ਡਾ. ਭੀਮ ਰਾਓ ਅੰਬੇਡਕਰ ਚੌਂਕ 'ਤੇ ਦਿੱਤਾ ਗਿਆ ਹੈ।

ਇਸ ਤੋਂ ਇਲਾਵਾ ਵੱਖ-ਵੱਖ ਸੰਸਥਾਵਾਂ ਦੇ ਮੈਂਬਰਾਂ ਨੇ ਬਾਜ਼ਾਰਾਂ ਦਾ ਦੌਰਾ ਕੀਤਾ ਅਤੇ ਦੁਕਾਨਦਾਰਾਂ ਨੂੰ ਆਪਣੀਆਂ (ਬਾਕੀ ਸਫ਼ਾ 2 'ਤੇ)

ਅਮਰੀਕੀ ਯੂਨੀਵਰਸਿਟੀ ਨੂੰ ਭਾਰਤੀ ਮੂਲ ਦੇ ਜੋੜੇ ਨੇ 2 ਕਰੋੜ ਡਾਲਰ ਦਾਨ ਕੀਤੇ

- ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਉੱਨਤ ਵਿਸ਼ਲੇਸ਼ਣ 'ਤੇ ਧਿਆਨ ਕੇਂਦਰਤ ਕਰਦੇ ਹੋਏ ਦਿੱਤਾ ਤੋਹ.ਫ਼ਾ

ਨਿਊਯਾਰਕ, 10 ਸਤੰਬਰ (ਪੈ.ਗਾਮ-ਏ-ਜਗਤ)

ਭਾਰਤੀ ਮੂਲ ਦੇ ਇੱਕ ਜੋੜੇ ਨੇ ਟੈਕਸਾਸ ਵਿੱਚ ਆਪਣੀ ਪੜ੍ਹਾਈ ਕਰਨ ਵਾਲੀ ਯੂਨੀਵਰਸਿਟੀ ਨੂੰ 2 ਕਰੋੜ ਡਾਲਰ ਦਾਨ ਕੀਤੇ ਹਨ। ਇਸ ਦਾਨ ਨਾਲ ਸੰਸਥਾ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ (ਨਕਲੀ ਬੁੱਧੀ) ਅਤੇ ਉੱਨਤ ਵਿਸ਼ਲੇਸ਼ਣ 'ਤੇ ਅਧਿਐਨ ਨੂੰ ਵੱਡਾ ਹੁਲਾਰਾ ਮਿਲਿਆ ਹੈ, ਜੋ ਕਿ ਪਰਵਾਸੀਆਂ ਦੇ ਅਮਰੀਕੀ ਸੁਪਨੇ ਨੂੰ ਸਕਾਰ ਕਰਨ ਵਿੱਚ ਉਨ੍ਹਾਂ ਦੇ ਅਹਿਮ ਯੋਗਦਾਨ ਨੂੰ ਬਾਖ਼ੂਬੀ ਦਰਸਾਉਂਦਾ ਹੈ।

ਇੱਕ ਪ੍ਰੈੱਸ ਬਿਆਨ ਵਿੱਚ ਕਿਹਾ ਗਿਆ ਹੈ ਕਿ ਅਨੁਰਾਧਾ ਅਤੇ ਵਿਕਾਸ ਸਿਨਹਾ ਨੇ ਵਿਦਿਆਰਥੀਆਂ ਅਤੇ ਫੈਕਲਟੀ ਲਈ ਨਵੇਂ ਮੌਕੇ ਪੈਦਾ ਕਰਦੇ ਹੋਏ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਉੱਨਤ ਵਿਸ਼ਲੇਸ਼ਣ 'ਤੇ ਧਿਆਨ ਕੇਂਦਰਤ ਕਰਦੇ ਹੋਏ ਯੂਨੀਵਰਸਿਟੀ ਆਫ਼ ਨਾਰਥ ਟੈਕਸਾਸ ਨੂੰ 20 ਮਿਲੀਅਨ(2 ਕਰੋੜ) ਡਾਲਰ ਦਾ ਤੋਹਫ਼ਾ ਦਿੱਤਾ ਹੈ।




ਇਸ ਤੋਹਫ਼ੇ ਦੀ ਮਾਨਤਾ ਵਿੱਚ ਯੂ.ਐੱਨ.ਟੀ. 'ਅਨੁਰਾਧਾ ਐਂਡ ਵਿਕਾਸ ਸਿਨਹਾ ਕਾਲਜ ਆਫ਼ ਆਰਟੀਫੀਸ਼ੀਅਲ ਇੰਟੈਲੀਜੈਂਸ ਐਂਡ ਐਡਵਾਂਸਡ ਐਨਾਲਿਟਿਕਸ' ਦੀ ਸਥਾਪਨਾ ਕਰੇਗਾ, ਜੋ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ, ਬੁੱਧੀਮਾਨ ਪ੍ਰਣਾਲੀਆਂ ਅਤੇ ਡੇਟਾ ਵਿਸ਼ਲੇਸ਼ਣ 'ਤੇ ਕੇਂਦ੍ਰਿਤ ਇੱਕ ਅਕਾਦਮਿਕ ਅਤੇ ਖੋਜ ਕੇਂਦਰ ਵਜੋਂ ਕੰਮ ਕਰੇਗਾ, ਜਿਸ ਵਿੱਚ ਏ.ਆਈ., ਸਾਈਬਰ ਸੁਰੱਖਿਆ, ਡੇਟਾ ਸਾਇੰਸ, ਉੱਨਤ ਵਿਸ਼ਲੇਸ਼ਣ, (ਬਾਕੀ ਸਫ਼ਾ 2 'ਤੇ)

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੋਹਾਲੀ ਤੋਂ 124ਵੀਂ ਤੇ 125ਵੀਂ ਬੱਸ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਰਵਾਨਾ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 10 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਚਲਾਈ ਜਾ ਰਹੀ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਅੱਜ ਵਿਧਾਨ ਸਭਾ ਹਲਕਾ ਮੋਹਾਲੀ ਤੋਂ 124ਵੀਂ ਅਤੇ 125ਵੀਂ ਬੱਸ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਰਵਾਨਾ ਕੀਤੀ ਗਈ। ਵਿਧਾਇਕ ਕੁਲਵੰਤ ਸਿੰਘ ਦੀ ਦੇਖ-ਰੇਖ ਹੇਠ ਪਿੰਡ ਸੈਦਪੁਰ ਅਤੇ ਰੁੜਕਾ ਤੋਂ ਬੱਸਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਸੀਨੀਅਰ ਸਿਟੀਜ਼ਨਾਂ ਵਿੱਚ ਇਸ ਯਾਤਰਾ ਨੂੰ ਲੈ ਕੇ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ, ਜੋ ਇਸ ਯੋਜਨਾ ਦੀ ਸਫਲਤਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨਿੱਜੀ ਦਿਲਚਸਪੀ ਲੈ ਕੇ ਸੂਬੇ ਦੇ ਬਜ਼ੁਰਗਾਂ ਦੀ ਆਸਥਾ ਅਤੇ ਸ਼ਰਧਾ ਨੂੰ ਧਿਆਨ ਵਿੱਚ ਰੱਖਦਿਆਂ ਇਹ ਯੋਜਨਾ ਸ਼ੁਰੂ ਕੀਤੀ ਹੈ।



ਉਨ੍ਹਾਂ ਕਿਹਾ ਕਿ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਇਲਾਵਾ ਖਾਟੂ ਸ਼ਿਆਮ, ਹਰਿਦੁਆਰ, ਮਥੁਰਾ ਅਤੇ ਵਰਿੰਦਾਵਨ ਸਮੇਤ ਵੱਖ-ਵੱਖ ਧਾਰਮਿਕ ਸਥਾਨਾਂ ਲਈ ਵੀ ਸ਼ਰਧਾਲੂਆਂ ਦੇ ਕਾਫਲੇ ਰੋਜ਼ਾਨਾ ਰਵਾਨਾ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਦੀ ਯਾਤਰਾ ਵਿੱਚ ਬੀਬੀਆਂ ਦਾ ਜਥਾ ਵੀ ਸ਼ਾਮਲ ਹੈ।

ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੇ ਨਾਲ-ਨਾਲ ਨੌਜਵਾਨਾਂ ਨੂੰ ਖੇਡਾਂ ਅਤੇ ਪੜ੍ਹਾਈ ਨਾਲ ਜੋੜਨ ਲਈ ਵੀ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। 'ਖੇਡਾਂ ਵਤਨ ਪੰਜਾਬ ਦੀਆਂ' ਦੇ ਚੌਥੇ ਸੀਜ਼ਨ ਤਹਿਤ 14 ਤੋਂ 70 ਸਾਲ ਤੱਕ ਦੀ ਉਮਰ ਦੇ ਖਿਡਾਰੀ ਭਾਗ ਲੈ ਰਹੇ ਹਨ। ਇਸ ਦੇ ਨਾਲ ਹੀ ਸੂਬੇ ਭਰ ਵਿੱਚ ਖੇਡ ਸਟੇਡੀਅਮਾਂ ਅਤੇ ਲਾਇਬ੍ਰੇਰੀਆਂ ਦੀ ਸਥਾਪਨਾ ਕੀਤੀ ਜਾ ਰਹੀ ਹੈ ਤਾਂ ਜੋ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਉਸਾਰੂ ਗਤੀਵਿਧੀਆਂ ਨਾਲ ਜੋੜਿਆ ਜਾ ਸਕੇ।

ਉਨ੍ਹਾਂ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਯਾਤਰਾ 'ਤੇ ਜਾ ਰਹੇ ਸਾਰੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਹ ਪਰਮਾਤਮਾ ਅੱਗੇ ਅਰਦਾਸ ਕਰਦੇ ਹਨ ਕਿ ਸ਼ਰਧਾਲੂ ਜਿਨ੍ਹਾਂ ਮਨੋਕਾਮਨਾਵਾਂ ਨਾਲ ਪਵਿੱਤਰ ਧਰਤੀ 'ਤੇ ਜਾ ਰਹੇ ਹਨ, ਉਹ ਸਾਰੀਆਂ ਪੂਰੀਆਂ ਹੋਣ। ਉਨ੍ਹਾਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਨੂੰ ਲਗਾਤਾਰ ਜਾਰੀ ਰੱਖਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਯੋਜਨਾ ਦੇ ਹਲਕਾ ਕੋਆਰਡੀਨੇਟਰ ਅਤੇ ਸਟੇਟ ਅਵਾਰਡੀ ਫੂਲਰਾਜ ਸਿੰਘ, ਮੋਹਾਲੀ ਨਗਰ ਨਿਗਮ ਦੇ ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਹਰਮੇਸ਼ ਸਿੰਘ ਕੁੰਬੜਾ, ਕੈਪਟਨ ਗੁਲਜ਼ਾਰ ਸਿੰਘ, ਮਲਕੀਤ ਕੌਰ ਪਤਨੀ ਗੁਰਜੀਤ ਸਿੰਘ ਸੈਦਪੁਰ, ਹਰਨੇਕ ਸਿੰਘ, ਹਰਦੀਪ ਸਿੰਘ, ਗੁਰਮੀਤ ਸਿੰਘ, ਕੁਲਦੀਪ ਸਿੰਘ, ਨਵਪ੍ਰੀਤ ਸਿੰਘ, ਜਸਪਾਲ ਸਿੰਘ, ਕਿਰਨਦੀਪ ਕੌਰ ਪਤਨੀ ਹਰਜੀਤ ਸਿੰਘ ਰੁੜਕਾ, ਹਰਕਮਲਜੀਤ ਸਿੰਘ ਨੰਬਰਦਾਰ, ਕਰਮਜੀਤ ਸਿੰਘ ਸੈਣੀ, ਬੀ.ਸੀ. ਪ੍ਰਧਾਨ ਮਾਨ, ਬਲਜੀਤ ਸਿੰਘ ਹੈਪੀ ਅਤੇ ਪ੍ਰਗਟ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਸ਼ਰਧਾਲੂਆਂ ਦੀ ਆਸਥਾ ਦਾ ਸਨਮਾਨ, ਮਥੁਰਾ-ਵ੍ਰਿੰਦਾਵਨ ਲਈ ਬੱਸ ਰਵਾਨਾ: ਵਿਧਾਇਕ ਰੰਧਾਵਾ

ਲਾਲੜੂ, 10 ਸਤੰਬਰ (ਪੈ.ਗਾਮ-ਏ-ਜਗਤ)

ਮੁੱਖ ਮੰਤਰੀ ਤੀਰਥ ਸਥਾਨ ਯਾਤਰਾ ਯੋਜਨਾ ਤਹਿਤ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਵੱਲੋਂ ਲਾਲੜੂ ਤੋਂ ਸ਼ਰਧਾਲੂਆਂ ਨੂੰ ਮਥੁਰਾ-ਵ੍ਰਿੰਦਾਵਨ ਦੇ ਪਵਿੱਤਰ ਦਰਸ਼ਨਾਂ ਲਈ ਲੈ ਕੇ ਜਾਣ ਵਾਲੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।

- **ਹਰ ਵਰਗ ਨੂੰ ਤੀਰਥ ਅਸਥਾਨਾਂ ਦੇ ਦਰਸ਼ਨ ਕਰਵਾਉਣਾ ਮਾਨ ਸਰਕਾਰ ਦੀ ਵਚਨਬੱਧਤਾ**



ਇਸ ਮੌਕੇ ਵਿਧਾਇਕ ਰੰਧਾਵਾ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਸੰਗਤਾਂ ਦੀ ਧਾਰਮਿਕ ਆਸਥਾ ਦਾ ਸਨਮਾਨ ਕਰਦਿਆਂ ਉਨ੍ਹਾਂ ਨੂੰ ਪਵਿੱਤਰ ਤੀਰਥ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਇਹ ਵਿਸ਼ੇਸ਼ ਉਪਰਾਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਰਾਹੀਂ ਵੱਖ-ਵੱਖ ਵਰਗਾਂ ਦੇ ਸ਼ਰਧਾਲੂਆਂ ਨੂੰ ਧਾਰਮਿਕ ਸਥਾਨਾਂ ਦੀ ਯਾਤਰਾ ਕਰਨ ਦਾ ਮੌਕਾ ਮਿਲ ਰਿਹਾ ਹੈ।

ਉਨ੍ਹਾਂ ਕਿਹਾ ਕਿ ਮਥੁਰਾ-ਵ੍ਰਿੰਦਾਵਨ ਦੀ ਪਵਿੱਤਰ ਧਰਤੀ ਦੇ ਦਰਸ਼ਨਾਂ ਲਈ ਰਵਾਨਾ ਹੋਣ ਸਮੇਂ ਸ਼ਰਧਾਲੂਆਂ ਵਿੱਚ ਭਾਰੀ ਉਤਸ਼ਾਹ ਅਤੇ ਸ਼ਰਧਾ ਦੇਖਣ ਨੂੰ ਮਿਲੀ। ਵਿਧਾਇਕ ਰੰਧਾਵਾ ਨੇ ਸਮੂਹ ਸ਼ਰਧਾਲੂਆਂ ਦੀ ਯਾਤਰਾ ਸੁਖਦ, ਸੁਰੱਖਿਅਤ ਅਤੇ ਮੰਗਲਮਈ ਹੋਣ ਦੀ ਕਾਮਨਾ ਕੀਤੀ। ਇਸ ਮੌਕੇ ਨਗਰ ਕੌਂਸਲ ਲਾਲੜੂ ਦੇ ਪ੍ਰਧਾਨ ਸ. ਜੋਰਾਵਰ ਸਿੰਘ, ਸੀਨੀਅਰ ਮੀਤ ਪ੍ਰਧਾਨ ਹਰੀਸ਼ ਮਦਾਨ, ਕੌਂਸਲਰ ਸਾਹਿਬਾਨ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਪੁਲਿਸ ਵੱਲੋਂ ਚੋਰੀ ਦੇ 03 ਮੋਟਰਸਾਈਕਲ ਅਤੇ 02 ਐਕਟਿਵਾ ਦੀ ਬਰਾਮਦਗੀ ਸਮੇਤ ਇੱਕ ਮੁਲਜ਼ਮ ਗ੍ਰਿਫਤਾਰ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 10 ਸਤੰਬਰ (ਪੈ.ਗਾਮ-ਏ-ਜਗਤ)

ਸੀਨੀਅਰ ਕਪਤਾਨ ਪੁਲਿਸ, ਐਸ.ਏ.ਐਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸ੍ਰੀ ਦਿਲਪੀਤ ਸਿੰਘ, ਆਈ.ਪੀ.ਐਸ., ਕਪਤਾਨ ਪੁਲਿਸ (ਸਿਟੀ), ਐਸ.ਏ.ਐਸ. ਨਗਰ ਦੀ ਅਗਵਾਈ ਹੇਠ ਮੋਹਾਲੀ ਸ਼ਹਿਰ ਵਿੱਚ ਹੋ ਰਹੀ ਵਹੀਕਲ ਚੋਰੀ ਦੀਆਂ ਵਾਰਦਾਤਾਂ ਨੂੰ ਠੱਲ੍ਹ ਪਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਤਹਿਤ ਸ੍ਰੀ ਗੁਰਚਰਨ ਸਿੰਘ, ਉਪ ਕਪਤਾਨ ਪੁਲਿਸ, ਸਿਟੀ-1 ਮੋਹਾਲੀ ਵੱਲੋਂ ਪੁਲਿਸ ਟੀਮਾਂ ਨੂੰ ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਚੈਕਿੰਗ ਕਰਨ ਦੇ ਨਿਰਦੇਸ਼ ਦਿੱਤੇ ਗਏ। ਇਸ ਮੁਹਿੰਮ ਤਹਿਤ ਮੁੱਖ ਅਫਸਰ ਥਾਣਾ ਫੇਜ਼-1 ਮੋਹਾਲੀ ਦੀ ਟੀਮ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ, ਜਦੋਂ ਮਿਤੀ 06-09-2026 ਨੂੰ ਮੁਖਬਰ ਖਾਸ ਤੋਂ ਇਤਲਾਹ ਮਿਲੀ ਕਿ ਗੁਰਜੀਤ ਸਿੰਘ ਉਰਫ ਤੋਤਾ ਪੁੱਤਰ ਗੁਰਮੁੱਖ ਸਿੰਘ ਵਾਸੀ ਮਕਾਨ ਨੰਬਰ 462, ਨੇੜੇ ਖੇੜਾ ਮੁੰਡੀ ਖਰੜ, ਜੋ ਕਿ ਮੋਟਰਸਾਈਕਲ ਚੋਰੀ ਕਰਨ ਦਾ ਆਦੀ ਹੈ, ਅਤੇ ਹੁਣ ਵੀ ਇੱਕ ਮੋਟਰਸਾਈਕਲ ਨੰਬਰ PB-651-2230 ਮਾਰਕਾ ਸਪਲੈਂਡਰ ਪਲੱਸ ਚੋਰੀ ਕੀਤਾ ਹੋਇਆ ਹੈ, ਜਿਸ ਨੂੰ ਵੇਚਣ ਦੀ ਤਾਂਘ ਵਿੱਚ ਨਵੇਂ ਪਾਣੀ ਵਾਲੀ ਟੈਂਕੀ ਪਿੱਛੇ ਮੋਹਾਲੀ ਫੇਜ਼-1 ਮੋਟਰਸਾਈਕਲ ਸਮੇਤ ਖੜ੍ਹਾ ਹੈ।



ਪੁਲਿਸ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਗੁਰਜੀਤ ਸਿੰਘ ਉਰਫ ਤੋਤਾ ਨੂੰ ਕਾਬੂ ਕਰਕੇ ਉਸ ਪਾਸੋਂ ਚੋਰੀ ਦਾ ਮੋਟਰਸਾਈਕਲ ਬਰਾਮਦ ਕੀਤਾ ਗਿਆ। ਇਸ ਸਬੰਧੀ ਮੁਕੱਦਮਾ ਨੰਬਰ 201 ਮਿਤੀ 06-09-2026 ਅ/ਧ 303(2) ਬੀ.ਐਨ.ਐਸ. ਥਾਣਾ ਫੇਜ਼-1 ਮੋਹਾਲੀ ਦਰਜ ਕੀਤਾ ਗਿਆ। ਮੁਲਜ਼ਮ ਵੱਲੋਂ ਕੀਤੀ ਪੁੱਛਗਿੱਛ ਦੌਰਾਨ ਉਸ ਪਾਸੋਂ ਜੁਰਮ 317(2) ਬੀ.ਐਨ.ਐਸ. ਦਾ ਵਾਧਾ ਕੀਤਾ ਗਿਆ। ਮੁਲਜ਼ਮ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ 01 ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ। ਦੌਰਾਨੇ ਰਿਮਾਂਡ ਪੁੱਛਗਿੱਛ ਦੌਰਾਨ ਮੁਲਜ਼ਮ ਦੀ ਨਿਸ਼ਾਨਦੇਹੀ 'ਤੇ ਚੋਰੀ ਕੀਤੇ ਗਏ ਹੋਰ 02 ਮੋਟਰਸਾਈਕਲ ਅਤੇ 02 ਐਕਟਿਵਾ ਬਰਾਮਦ ਕੀਤੇ ਗਏ। ਇਸ ਮਾਮਲੇ ਵਿੱਚ ਪੁਲਿਸ ਵੱਲੋਂ ਅਗਲੇਰੀ ਜਾਂਚ ਜਾਰੀ ਹੈ।

ਨਸ਼ਾ ਛੁਡਾਊ ਕੇਂਦਰ ਬਠਿੰਡਾ ਵਿਖੇ ਵਿਸ਼ਵ ਆਤਮ ਹੱਤਿਆ ਰੋਕਥਾਮ ਦਿਵਸ ਮਨਾਇਆ

ਬਠਿੰਡਾ, 10 ਸਤੰਬਰ (ਪੈ.ਗਾਮ-ਏ-ਜਗਤ)

ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਸ਼ਾ ਛੁਡਾਊ ਕੇਂਦਰ ਬਠਿੰਡਾ ਵਿਖੇ ਸੀਨੀਅਰ ਮੈਡੀਕਲ ਅਫ਼ਸਰ ਸਿਵਲ ਹਸਪਤਾਲ ਬਠਿੰਡਾ ਡਾ. ਅਰੁਣ ਬਾਂਸਲ ਦੀ ਅਗਵਾਈ ਹੇਠ ਵਿਸ਼ਵ ਆਤਮ ਹੱਤਿਆ ਰੋਕਥਾਮ ਦਿਵਸ ਮਨਾਇਆ ਗਿਆ।



ਇਸ ਮੌਕੇ ਸਿਹਤ ਵਿਭਾਗ ਦੇ ਅਧਿਕਾਰੀਆਂ, ਸਟਾਫ਼ ਅਤੇ ਇਲਾਜ ਕਰਵਾ ਰਹੇ ਮਰੀਜ਼ਾਂ ਨੂੰ ਆਤਮ ਹੱਤਿਆ ਦੀ ਰੋਕਥਾਮ ਸਬੰਧੀ ਜਾਗਰੂਕ ਕੀਤਾ ਗਿਆ। ਇਸ ਸਬੰਧੀ ਸਿਵਲ ਸਰਜਨ ਡਾ ਤਪਿੰਦਰਜੋਤ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਆਤਮ ਹੱਤਿਆ ਸਾਡੇ ਸਮਾਜ ਵਿਚ ਮਾਨਸਿਕ ਰੋਗਾਂ ਵਿਚ ਲਗਾਤਾਰ ਵਾਧਾ ਹੋਣ ਕਾਰਣ ਹੋ ਰਹੀਆਂ ਹਨ। ਜਿਸ ਦੇ ਮੱਦੇਨਜਰ ਸੂਬਾ ਸਰਕਾਰ ਵੱਲੋਂ ਮਾਨਸਿਕ ਸਿਹਤ ਪ੍ਰੋਗਰਾਮ ਅਧੀਨ ਟੈਲੀ ਮਾਨਸ ਪੰਜਾਬ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ। ਇਸ ਪ੍ਰੋਗਰਾਮ ਅਧੀਨ ਅਸੀਂ ਟੋਲ ਫਰੀ ਨੰਬਰ 14416 ਤੇ ਕਾਲ ਕਰਕੇ ਆਪਣੇ ਮਾਨਸਿਕ ਰੋਗਾਂ ਬਾਰੇ ਅਤੇ ਇਲਾਜ ਬਾਰੇ ਮੁਫ਼ਤ ਜਾਣਕਾਰੀ ਹਾਸਲ ਕਰ ਸਕਦੇ ਹਾਂ।

ਡਾ. ਅਰੁਣ ਬਾਂਸਲ ਨੇ ਕਿਹਾ ਕਿ ਆਤਮ ਹੱਤਿਆ ਕਿਸੇ ਵੀ ਸਮੱਸਿਆ ਦਾ ਹੱਲ ਨਹੀਂ ਹੈ। ਮਾਨਸਿਕ ਤਣਾਅ, ਨਿਰਾਸ਼ਾ, ਇਕੱਲਾਪਣ, ਨਸ਼ੇ ਦੀ ਆਦਤ ਜਾਂ ਜੀਵਨ ਵਿੱਚ ਆਉਣ ਵਾਲੀਆਂ ਮੁਸ਼ਕਲ ਸਥਿਤੀਆਂ ਕਾਰਨ ਵਿਅਕਤੀ ਕਈ ਵਾਰ ਬਹੁਤ ਜ਼ਿਆਦਾ ਤਣਾਅ ਵਿੱਚ ਆ ਸਕਦਾ ਹੈ। ਅਜਿਹੇ ਸਮੇਂ ਉਸ ਨੂੰ ਇਕੱਲਾ ਛੱਡਣ ਦੀ ਬਜਾਏ ਉਸ ਦੀ ਗੱਲ ਧਿਆਨ ਨਾਲ ਸੁਣਨੀ ਅਤੇ ਉਸ ਨੂੰ ਭਾਵਨਾਤਮਕ ਸਹਾਰਾ ਦੇਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਵਿੱਚ ਲਗਾਤਾਰ ਉਦਾਸੀ, ਨਿਰਾਸ਼ਾ, ਇਕੱਲੇ ਰਹਿਣ ਦੀ ਇੱਛਾ, ਬੇਚੈਨੀ, ਨੀਂਦ ਜਾਂ ਖਾਣ-ਪੀਣ ਵਿੱਚ ਵੱਡਾ ਬਦਲਾਅ ਜਾਂ ਜੀਵਨ ਪ੍ਰਤੀ ਨਿਰਾਸ਼ਾਜਨਕ ਵਿਚਾਰ ਨਜ਼ਰ ਆਉਣ ਤਾਂ ਉਸ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਪਰਿਵਾਰਕ ਮੈਂਬਰਾਂ ਅਤੇ ਸਿਹਤ ਮਾਹਿਰਾਂ ਦੀ ਮਦਦ ਲੈਣੀ ਚਾਹੀਦੀ ਹੈ। ਸਮੇਂ ਸਿਰ ਮਿਲਣ ਵਾਲੀ ਕਾਉਂਸਲਿੰਗ ਅਤੇ ਇਲਾਜ ਵਿਅਕਤੀ ਨੂੰ ਸੰਕਟ ਵਿੱਚੋਂ ਬਾਹਰ ਆਉਣ ਵਿੱਚ ਮਦਦ ਕਰ ਸਕਦਾ ਹੈ। ਡਿਪਟੀ ਮਾਸ ਮੀਡੀਆ ਅਫ਼ਸਰ ਰੋਹਿਤ ਜਿੰਦਲ ਨੇ ਇਲਾਜ ਕਰਵਾ ਰਹੇ ਵਿਅਕਤੀਆਂ ਨੂੰ ਅਪੀਲ ਕੀਤੀ ਕਿ ਉਹ ਨਸ਼ੇ ਨੂੰ ਛੱਡਣ ਦੇ ਨਾਲ-ਨਾਲ ਆਪਣੀ ਮਾਨਸਿਕ ਸਿਹਤ ਵੱਲ ਵੀ ਵਿਸ਼ੇਸ਼ ਧਿਆਨ ਦੇਣ। ਉਨ੍ਹਾਂ ਕਿਹਾ ਕਿ ਨਸ਼ਾ ਛੱਡਣ ਦੀ ਪ੍ਰਕਿਰਿਆ ਦੌਰਾਨ ਆਉਣ ਵਾਲੀਆਂ ਮੁਸ਼ਕਲਾਂ ਦਾ ਇਲਾਜ ਅਤੇ ਕਾਉਂਸਲਿੰਗ ਰਾਹੀਂ ਹੱਲ ਕੀਤਾ ਜਾ ਸਕਦਾ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਹੋਣ 'ਤੇ ਸਿਹਤ ਕਰਮਚਾਰੀਆਂ ਨਾਲ ਖੁੱਲ੍ਹ ਕੇ ਗੱਲ ਕਰਨੀ ਚਾਹੀਦੀ ਹੈ।

ਇਸ ਮੌਕੇ ਡਿਪਟੀ ਮਾਸ ਮੀਡੀਆ ਅਫ਼ਸਰ ਲਖਵਿੰਦਰ ਸਿੰਘ ਕੈਂਥ ਅਤੇ ਗਗਨਦੀਪ ਸਿੰਘ ਭੁੱਲਰ ਵੱਲੋਂ ਹਾਜ਼ਰੀਨ ਨੂੰ ਆਤਮ ਹੱਤਿਆ ਰੋਕਥਾਮ, ਮਾਨਸਿਕ ਸਿਹਤ ਦੀ ਸੰਭਾਲ ਅਤੇ ਨਸ਼ਾ ਮੁਕਤੀ ਸਬੰਧੀ ਜਾਗਰੂਕ ਕੀਤਾ ਗਿਆ ਅਤੇ ਲੋੜਵੰਦ ਵਿਅਕਤੀਆਂ ਨੂੰ ਸਮੇਂ ਸਿਰ ਮਾਹਿਰਾਂ ਦੀ ਸਹਾਇਤਾ ਲੈਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਮਾਨਸਿਕ ਰੋਗਾਂ ਦੇ ਮਾਹਿਰ ਡਾ ਤਨੂੰਪ੍ਰੀਤ ਕੌਰ, ਡਾ ਸ਼ਗਨਪ੍ਰੀਤ ਕੌਰ, ਕੌਂਸ਼ਲਰ ਸੋਮਾ ਰਾਣੀ ਅਤੇ ਖੁਸ਼ਬੂ ਹਾਜਰ ਸਨ।

ਪੰਜਾਬੀ ਸਾਹਿਤ ਸਭਾ ਪਟਿਆਲਾ ਵੱਲੋਂ ਸਾਹਿਤਕ ਸਮਾਗਮ 13 ਸਤੰਬਰ ਐਤਵਾਰ ਨੂੰ

ਪਟਿਆਲਾ, 10 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬੀ ਸਾਹਿਤ ਸਭਾ ਪਟਿਆਲਾ ਵੱਲੋਂ ਸ਼ੇਰਾਂ ਵਾਲਾ ਗੇਟ ਵਿਖੇ ਸਥਿਤ ਭਾਸ਼ਾ ਵਿਭਾਗ, ਪੰਜਾਬ ਪਟਿਆਲਾ ਦੇ ਲੈਕਚਰ ਹਾਲ ਵਿਖੇ ਸਵੇਰੇ ਠੀਕ 9 ਵਜੇ ਸਾਹਿਤਕ ਸਮਾਗਮ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸੂਚਨਾ ਦਿੰਦੇ ਹੋਏ ਸਭਾ ਦੇ ਪ੍ਰਧਾਨ ਡਾ. ਦਰਸ਼ਨ ਸਿੰਘ 'ਆਸ਼ਟ' ਅਤੇ ਜਨਰਲ ਸਕੱਤਰ ਦਵਿੰਦਰ ਪਟਿਆਲਵੀਂ ਨੂੰ ਦੱਸਿਆ ਕਿ ਮਿੰਨੀ ਕਹਾਣੀ ਨੂੰ ਸਮਰਪਿਤ ਇਸ ਸਮਾਗਮ ਦੇ ਮੁਖ ਮਹਿਮਾਨ ਭਾਸ਼ਾ ਵਿਭਾਗ, ਪੰਜਾਬ ਦੇ ਸਾਬਕਾ ਡਾਇਰੈਕਟਰ ਸ੍ਰੀਮਤੀ ਗੁਰਸ਼ਰਨ ਕੌਰ ਹੋਣਗੇ ਅਤੇ ਪ੍ਰਧਾਨਗੀ 'ਅਜੀਤ' ਦਫ਼ਤਰ ਸੰਗਰੂਰ ਦੇ ਜ਼ਿਲ੍ਹਾ ਇੰਚਾਰਜ ਅਤੇ ਉੱਘੇ ਪੱਤਰਕਾਰ ਅਤੇ ਸਾਹਿਤਕਾਰ ਸ. ਸੁਖਵਿੰਦਰ ਸਿੰਘ ਫੁੱਲ ਕਰਨਗੇ। ਇਸ ਦੌਰਾਨ ਦੂਜਾ ਅੱਵਲ ਸਰਹੱਦੀ ਮਿੰਨੀ ਕਹਾਣੀ ਯਾਦਗਾਰੀ ਪੁਰਸਕਾਰ-2026 ਉੱਘੇ ਮਿੰਨੀ ਕਹਾਣੀ ਲੇਖਕ ਸ੍ਰੀ ਮੋਹਨ ਸ਼ਰਮਾ (ਸੰਗਰੂਰ) ਨੂੰ ਪ੍ਰਦਾਨ ਕੀਤਾ ਜਾਵੇਗਾ। ਇਸ ਸਨਮਾਨ ਵਿਚ ਉਨ੍ਹਾਂ ਨੂੰ ਨਗਦ ਰਾਸ਼ੀ ਅਤੇ ਸ਼ਾਲ ਤੋਂ ਇਲਾਵਾ ਸਨਮਾਨ ਪੱਤਰ ਵੀ ਭੇਟ ਕੀਤਾ ਜਾਵੇਗਾ। ਸਮਾਗਮ ਦੇ ਵਿਸ਼ੇਸ਼ ਮਹਿਮਾਨ ਗੁਰਪ੍ਰੀਤ ਕੌਰ ਅਤੇ ਪਰਵਿੰਦਰ ਸਡਾਨਾ ਹੋਣਗੇ। ਅੱਵਲ ਸਰਹੱਦੀ ਦੇ ਵਿਅਕਤਿੱਤਵ ਅਤੇ ਕਰਤਿੱਤਵ ਬਾਰੇ ਕਰਮਵੀਰ ਸਿੰਘ ਸੂਰੀ ਵੱਲੋਂ ਲਿਖਿਆ ਪੇਪਰ ਸਕੂਲ ਆਫ਼ ਐਮੀਨੈਂਸ ਫ਼ੀਲਖਾਨਾ, ਪਟਿਆਲਾ ਦੀ ਅਧਿਆਪਕਾ ਮਨਪ੍ਰੀਤ ਕੌਰ ਪੜ੍ਹਨਗੇ ਜਦੋਂ ਕਿ ਮੋਹਨ ਸ਼ਰਮਾ ਦੇ ਮਿੰਨੀ ਕਹਾਣੀ ਨੂੰ ਯੋਗਦਾਨ ਸੰਬੰਧੀ ਪੇਪਰ ਸਰਬਾਂਗੀ ਲੇਖਕ ਰਣਜੀਤ ਆਜ਼ਾਦ ਕਾਂਝਲਾ (ਧੂਰੀ) ਪੜ੍ਹਨਗੇ। ਸਨਮਾਨ ਪੱਤਰ ਪੜ੍ਹਨ ਦੀ ਰਸਮ ਫ਼ਿਲਮ-ਨਿਰਦੇਸ਼ਕ ਅੰਗਦ ਸਡਾਨਾ ਨਿਭਾਉਣਗੇ। ਇਸ ਸਮਾਗਮ ਵਿਚ ਸੀਮਾ ਵਰਮਾ (ਲੁਧਿਆਣਾ) ਅਤੇ ਗੁਰਵਿੰਦਰ ਅਮਨ (ਰਾਜਪੁਰਾ) ਵੀ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰ ਰਹੇ ਹਨ।

ਆਗਾਮੀ ਵਿਧਾਨ ਸਭਾ ਚੋਣਾਂ-2027 ਨੂੰ ਮੁਖ ਰੱਖਦਿਆਂ ਪੋਲਿੰਗ ਸਟਾਫ ਨੂੰ ਡਾਟੇ ਦੀ ਸਹੀ ਐਂਟਰੀ ਤੇ ਅਪਡੇਟ ਲਈ ਡੀ.ਆਈ.ਐਸ.ਈ ਸਾਫਟਵੇਅਰ ਦੀ ਆਨਲਾਈਨ ਟ੍ਰੇਨਿੰਗ

ਸੰਗਰੂਰ, 10 ਸਤੰਬਰ (ਪੈ.ਗਾਮ-ਏ-ਜਗਤ)

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਵਿੱਚ ਆਗਾਮੀ ਵਿਧਾਨ ਸਭਾ ਚੋਣਾਂ-2027 ਦੀਆਂ ਤਿਆਰੀਆਂ ਨੂੰ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਦੇ ਮੱਦੇਨਜ਼ਰ ਜ਼ਿਲ੍ਹਾ ਪੱਧਰ 'ਤੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਪੋਲਿੰਗ ਸਟਾਫ ਦੀਆਂ ਚੋਣ ਡਿਊਟੀਆਂ ਲਗਾਉਣ ਸਬੰਧੀ ਡਾਟਾ ਪ੍ਰਬੰਧਨ ਲਈ ਡਿਸਟ੍ਰਿਕ ਇੰਫਰਮੈਸ਼ਨ ਸਿਸਟਮ (ਚੋਣਾਂ) ਡੀ.ਆਈ.ਐਸ.ਈ ਸਾਫਟਵੇਅਰ ਦੀ ਆਨਲਾਈਨ ਅਹਿਮ ਟ੍ਰੇਨਿੰਗ ਦਿੱਤੀ ਗਈ।

- **ਸਮੂਹ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਚੋਣ ਡਿਊਟੀਆਂ ਸਬੰਧੀ ਡਾਟਾ ਪ੍ਰਬੰਧਨ ਦੀ ਦਿੱਤੀ ਵਿਹਾਰਕ ਜਾਣਕਾਰੀ**

ਇਹ ਟ੍ਰੇਨਿੰਗ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੰਗਰੂਰ ਦੇ ਮੀਟਿੰਗ ਹਾਲ ਵਿਖੇ ਮੁੱਖ ਚੋਣ ਅਫ਼ਸਰ, ਪੰਜਾਬ, ਚੰਡੀਗੜ੍ਹ ਦੀਆਂ ਹਦਾਇਤਾਂ ਦੀ ਪਾਲਣਾ ਹਿੱਤ ਕਰਵਾਈ ਗਈ। ਟ੍ਰੇਨਿੰਗ ਨੋਡਲ ਅਫ਼ਸਰ ਫਾਰ ਮੈਨਪਾਵਰ ਮੈਨੇਜਮੈਂਟ-ਕਮ-ਡੀ.ਆਈ.ਓ., ਐਨ.ਆਈ.ਸੀ., ਸੰਗਰੂਰ ਸ੍ਰੀ ਅਕਸ਼ੈ ਕੁਮਾਰ ਵੱਲੋਂ ਦਿੱਤੀ ਗਈ।

ਟ੍ਰੇਨਿੰਗ ਦੌਰਾਨ ਅਕਸ਼ੈ ਕੁਮਾਰ ਨੇ ਅਧਿਕਾਰੀਆਂ/ਕਰਮਚਾਰੀਆਂ ਨੂੰ DISE ਸਿਸਟਮ ਦੀ ਵਰਤੋਂ, ਚੋਣ ਡਿਊਟੀਆਂ ਲਈ ਲੋੜੀਂਦੇ ਪੋਲਿੰਗ ਸਟਾਫ ਦੇ ਡਾਟੇ ਦੀ ਐਂਟਰੀ, ਡਾਟੇ ਦੀ ਜਾਂਚ-ਪੜਤਾਲ, ਤਸਦੀਕ ਅਤੇ ਸਮੇਂ-ਸਮੇਂ 'ਤੇ ਅਪਡੇਟ ਕਰਨ ਦੀ ਪ੍ਰਕਿਰਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਚੋਣ ਪ੍ਰਕਿਰਿਆ ਦੌਰਾਨ DISE ਸਾਫਟਵੇਅਰ 'ਤੇ ਕੀਤੇ ਜਾਣ ਵਾਲੇ ਵੱਖ-ਵੱਖ ਕਾਰਜਾਂ ਅਤੇ ਸੰਭਾਵਿਤ ਤਕਨੀਕੀ ਸਮੱਸਿਆਵਾਂ ਦੇ ਹੱਲ ਬਾਰੇ ਵੀ ਵਿਹਾਰਕ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਵੱਲੋਂ ਟ੍ਰੇਨਿੰਗ ਵਿੱਚ ਹਾਜ਼ਰ ਅਧਿਕਾਰੀਆਂ/ ਕਰਮਚਾਰੀਆਂ ਦੇ DISE ਸਿਸਟਮ ਨਾਲ ਸਬੰਧਤ ਸਵਾਲਾਂ ਦੇ ਜਵਾਬ ਦਿੱਤੇ ਗਏ ਅਤੇ ਸਿਸਟਮ ਦੀ ਵਰਤੋਂ ਸਬੰਧੀ ਵਿਹਾਰਕ ਜਾਣਕਾਰੀ ਵੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਪੋਲਿੰਗ ਸਟਾਫ ਨਾਲ ਸਬੰਧਤ ਸਾਰਾ ਡਾਟਾ ਸਹੀ, ਸੰਪੂਰਨ ਅਤੇ ਨਿਰਧਾਰਤ ਸਮੇਂ ਅਨੁਸਾਰ ਅਪਡੇਟ ਰੱਖਣਾ ਬਹੁਤ ਜ਼ਰੂਰੀ ਹੈ ਤਾਂ ਜੋ ਚੋਣ ਡਿਊਟੀਆਂ ਦੀ ਵੰਡ ਅਤੇ ਸਮੁੱਚੀ ਚੋਣ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ। ਉਨ੍ਹਾਂ ਅਧਿਕਾਰੀਆਂ/ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ DISE ਸਾਫਟਵੇਅਰ ਵਿੱਚ ਡਾਟਾ ਦਰਜ ਕਰਦੇ ਸਮੇਂ ਵਿਸ਼ੇਸ਼ ਸਾਵਧਾਨੀ ਵਰਤੀ ਜਾਵੇ ਅਤੇ ਕਿਸੇ ਵੀ ਤਰ੍ਹਾਂ ਦੀ ਗਲਤੀ ਜਾਂ ਤਕਨੀਕੀ ਸਮੱਸਿਆ ਸਾਹਮਣੇ ਆਉਣ 'ਤੇ ਤੁਰੰਤ ਸਬੰਧਤ ਅਧਿਕਾਰੀਆਂ ਨਾਲ ਤਾਲਮੇਲ ਕੀਤਾ ਜਾਵੇ। ਇਸ ਮੌਕੇ ਜ਼ਿਲ੍ਹਾ ਸੂਚਨਾ ਅਤੇ ਵਿਗਿਆਨ ਅਧਿਕਾਰੀ ਸ੍ਰੀ ਅਕਸ਼ੈ ਕੁਮਾਰ ਅਤੇ ਉਨ੍ਹਾਂ ਦੀ ਟੀਮ, ਚੋਣ ਤਹਿਸੀਲਦਾਰ ਸ੍ਰੀਮਤੀ ਪਰਮਜੀਤ ਕੌਰ ਸਮੇਤ ਚੋਣ ਸਟਾਫ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ/ ਕਰਮਚਾਰੀ ਹਾਜ਼ਰ ਸਨ।

ਸੰਗਰੂਰ ਵਿਖੇ 12 ਤੇ 13 ਸਤੰਬਰ ਨੂੰ ਹੋਵੇਗੀ 'ਅਸਮਿਤਾ ਖੇਲੋ ਇੰਡੀਆ ਵੂਮੈਨਜ਼ ਸਟੇਟ ਲੀਗ (ਰੋਡ)-2026'

ਸੰਗਰੂਰ, 10 ਸਤੰਬਰ (ਪੈ.ਗਾਮ-ਏ-ਜਗਤ)

ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ (ਸੀ.ਏ.ਪੀ.) ਵੱਲੋਂ ਮਹਿਲਾਵਾਂ ਨੂੰ ਖੇਡਾਂ, ਖ਼ਾਸ ਕਰਕੇ ਸਾਈਕਲਿੰਗ ਨਾਲ ਵੱਧ ਤੋਂ ਵੱਧ ਜੋੜਨ ਅਤੇ ਸੂਬੇ ਦੀਆਂ ਪ੍ਰਤਿਭਾਸ਼ਾਲੀ ਮਹਿਲਾ ਸਾਈਕਲਿਸਟਾਂ ਨੂੰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਉੱਚ ਪੱਧਰੀ ਮੁਕਾਬਲੇ ਦਾ ਮੰਚ ਪ੍ਰਦਾਨ ਕਰਨ ਦੇ ਉਦੇਸ਼ ਨਾਲ 'ਅਸਮਿਤਾ ਖੇਲੋ ਇੰਡੀਆ ਵੂਮੈਨਜ਼ ਸਟੇਟ ਲੀਗ (ਰੋਡ)-2026' ਦਾ ਆਯੋਜਨ 12 ਅਤੇ 13 ਸਤੰਬਰ 2026 ਨੂੰ ਜ਼ਿਲ੍ਹਾ ਸੰਗਰੂਰ ਵਿਖੇ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਦੇ ਪ੍ਰਧਾਨ ਸ. ਚਰਨਜੀਤ ਸਿੰਘ ਧਾਲੀਵਾਲ ਅਤੇ ਜਨਰਲ ਸਕੱਤਰ ਸ. ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਲੀਗ ਦੇ ਮੁਕਾਬਲੇ ਪਿੰਡ ਗੱਗੜਪੁਰ ਤੋਂ ਘਰਾਚੋਂ, ਜ਼ਿਲ੍ਹਾ ਸੰਗਰੂਰ ਦੇ ਰੂਟ 'ਤੇ ਕਰਵਾਏ ਜਾਣਗੇ। ਦੋਵੇਂ ਦਿਨ ਖਿਡਾਰਨਾਂ ਲਈ ਰਿਪੋਰਟਿੰਗ ਦਾ ਸਮਾਂ ਸਵੇਰੇ 5:30 ਵਜੇ ਹੋਵੇਗਾ, ਜਦਕਿ ਮੁਕਾਬਲੇ ਸਵੇਰੇ 6:00 ਵਜੇ ਸ਼ੁਰੂ ਕੀਤੇ ਜਾਣਗੇ।



- **ਪੰਜਾਬ ਦੀਆਂ ਮਹਿਲਾ ਸਾਈਕਲਿਸਟ ਦਿਖਾਉਣਗੀਆਂ ਆਪਣੀ ਪ੍ਰਤਿਭਾ: ਚਰਨਜੀਤ ਸਿੰਘ ਧਾਲੀਵਾਲ**
- **ਜੂਨੀਅਰ ਗਰਲਜ਼ ਅਤੇ ਵੂਮੈਨ ਐਲੀਟ ਵਰਗ ਦੀਆਂ ਸਾਈਕਲਿਸਟ ਲੈਣਗੀਆਂ ਹਿੱਸਾ; ਜੇਤੂਆਂ ਨੂੰ ਦਿੱਤੀ ਜਾਵੇਗੀ ਨਕਦ ਇਨਾਮੀ ਰਾਸ਼ੀ**

ਉਹਨਾਂ ਦੱਸਿਆ ਕਿ ਸਾਈਕਲਿੰਗ ਫੈਡਰੇਸ਼ਨ ਆਫ ਇੰਡੀਆ ਦੇ ਚੇਅਰਮੈਨ ਸ੍ਰ. ਓਂਕਾਰ ਸਿੰਘ ਅਤੇ ਸਕੱਤਰ ਜਨਰਲ ਸ੍ਰ. ਮਨਿੰਦਰਪਾਲ ਸਿੰਘ ਵਲੋਂ ਪੰਜਾਬ ਵਿਚ ਸਾਈਕਲਿੰਗ ਨੂੰ ਪ੍ਰਫੁੱਲਿਤ ਕਰਨ ਵੱਲ ਉਚੇਚਾ ਧਿਆਨ ਦਿੱਤਾ ਜਾ ਰਿਹਾ ਹੈ, ਜਿਸ ਲਈ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਉਹਨਾਂ ਦੀ ਰਿਣੀ ਹੈ।

ਸ. ਚਰਨਜੀਤ ਸਿੰਘ ਧਾਲੀਵਾਲ ਨੇ ਕਿਹਾ ਕਿ ਖੇਲੋ ਇੰਡੀਆ ਵਰਗੇ ਉਪਰਾਲਿਆਂ ਨੇ ਦੇਸ਼ ਵਿੱਚ ਖੇਡ ਸੱਭਿਆਚਾਰ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਨੌਜਵਾਨ ਖਿਡਾਰੀਆਂ, ਵਿਸ਼ੇਸ਼ ਤੌਰ 'ਤੇ ਲੜਕੀਆਂ ਅਤੇ ਮਹਿਲਾਵਾਂ ਲਈ ਨਵੇਂ ਮੌਕੇ ਪੈਦਾ ਕੀਤੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਧੀਆਂ ਨੇ ਸਾਈਕਲਿੰਗ ਸਮੇਤ ਵੱਖ-ਵੱਖ ਖੇਡਾਂ ਵਿੱਚ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ ਹੈ ਅਤੇ ਅਜਿਹੇ ਮੁਕਾਬਲੇ ਉੱਭਰਦੀਆਂ ਖਿਡਾਰਨਾਂ ਲਈ ਆਪਣੀ ਸਮਰੱਥਾ ਸਾਬਤ ਕਰਨ ਦਾ ਅਹਿਮ ਮੰਚ ਹਨ।

ਉਨ੍ਹਾਂ ਕਿਹਾ ਕਿ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਦਾ ਉਦੇਸ਼ ਕੇਵਲ ਮੁਕਾਬਲੇ ਕਰਵਾਉਣਾ ਹੀ ਨਹੀਂ, ਸਗੋਂ ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚੋਂ ਪ੍ਰਤਿਭਾਸ਼ਾਲੀ ਸਾਈਕਲਿਸਟਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਅੱਗੇ ਵਧਣ ਲਈ ਢੁਕਵਾਂ ਮੁਕਾਬਲੇਬਾਜ਼ੀ ਵਾਲਾ ਮਾਹੌਲ ਮੁਹੱਈਆ ਕਰਵਾਉਣਾ ਵੀ ਹੈ। ਉਨ੍ਹਾਂ ਕਿਹਾ ਕਿ ਮਹਿਲਾ ਖਿਡਾਰਨਾਂ ਦੀ ਖੇਡਾਂ ਵਿੱਚ ਵਧ ਰਹੀ ਭਾਗੀਦਾਰੀ ਪੰਜਾਬ ਦੇ ਖੇਡ ਭਵਿੱਖ ਲਈ ਬਹੁਤ ਹੀ ਉਤਸ਼ਾਹਜਨਕ ਸੰਕੇਤ ਹੈ।

ਇਸ ਮੌਕੇ ਜਨਰਲ ਸਕੱਤਰ ਸ. ਜਗਦੀਪ ਸਿੰਘ ਕਾਹਲੋਂ ਨੇ ਲੀਗ ਦੇ ਤਕਨੀਕੀ ਪ੍ਰੋਗਰਾਮ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ 12 ਸਤੰਬਰ ਨੂੰ ਇੰਡੀਵਿਜੁਅਲ ਟਾਈਮ ਟਰਾਇਲ ਦੇ ਮੁਕਾਬਲੇ ਹੋਣਗੇ। ਇਸ ਵਿੱਚ ਜੂਨੀਅਰ ਗਰਲਜ਼ ਵਰਗ ਲਈ 10 ਕਿਲੋਮੀਟਰ ਅਤੇ ਵੂਮੈਨ ਐਲੀਟ ਵਰਗ ਲਈ 20 ਕਿਲੋਮੀਟਰ ਦੀ ਦੂਰੀ ਨਿਰਧਾਰਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ 13 ਸਤੰਬਰ ਨੂੰ ਰੋਡ ਰੇਸ (ਮਾਸ ਸਟਾਰਟ) ਕਰਵਾਈ ਜਾਵੇਗੀ, ਜਿਸ ਵਿੱਚ ਜੂਨੀਅਰ ਗਰਲਜ਼ ਵਰਗ ਦੀਆਂ ਖਿਡਾਰਨਾਂ 20 ਕਿਲੋਮੀਟਰ, ਜਦਕਿ ਵੂਮੈਨ ਐਲੀਟ ਵਰਗ ਦੀਆਂ ਖਿਡਾਰਨਾਂ 30 ਕਿਲੋਮੀਟਰ ਦੀ ਦੂਰੀ ਲਈ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰਨਗੀਆਂ। ਸ. ਕਾਹਲੋਂ ਨੇ ਕਿਹਾ ਕਿ ਸਾਈਕਲਿੰਗ ਇੱਕ ਅਜਿਹੀ ਖੇਡ ਹੈ ਜਿਸ ਵਿੱਚ ਸਰੀਰਕ ਸਮਰੱਥਾ ਦੇ ਨਾਲ ਅਨੁਸ਼ਾਸਨ, ਸਹਿਨਸ਼ਕਤੀ, ਤਕਨੀਕੀ ਮੁਹਾਰਤ, ਮਾਨਸਿਕ ਮਜ਼ਬੂਤੀ ਅਤੇ ਲਗਾਤਾਰ ਅਭਿਆਸ ਦੀ ਬਹੁਤ ਅਹਿਮੀਅਤ ਹੁੰਦੀ ਹੈ। ਐਸੋਸੀਏਸ਼ਨ ਦਾ ਯਤਨ ਹੈ ਕਿ ਪੰਜਾਬ ਦੀਆਂ ਹੋਣਹਾਰ ਲੜਕੀਆਂ ਨੂੰ ਵੱਧ ਤੋਂ ਵੱਧ ਮੁਕਾਬਲੇ ਦੇ ਮੌਕੇ ਦਿੱਤੇ ਜਾਣ ਤਾਂ ਜੋ ਉਹ ਭਵਿੱਖ ਵਿੱਚ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਸੂਬੇ ਅਤੇ ਦੇਸ਼ ਦਾ ਨਾਮ ਰੌਸ਼ਨ ਕਰ ਸਕਣ।

ਸ.ਫ਼ਾ 1 ਦਾ ਬਾਕੀ...

'ਇੱਕ ਧਰਤੀ, ਇੱਕ...

ਸੰਭਾਵਨਾਵਾਂ ਅਸੀਮਤ ਹਨ। ਸਾਡੀ ਜ਼ਿੰਮੇਵਾਰੀ ਸਮੂਹਿਕ ਹੈ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤੀ ਪੁਲਾੜ ਖੋਜ ਸੰਗਠਨ ਦੀ ਤਕਨਾਲੋਜੀ ਅਤੇ ਭਾਈਵਾਲੀ ਨਾ ਸਿਰਫ਼ ਭਾਰਤ ਲਈ, ਸਗੋਂ ਪੂਰੀ ਦੁਨੀਆ ਲਈ ਲਾਹੇਵੰਦ ਹਨ। ਮੋਦੀ ਨੇ ਅੱਗੇ ਕਿਹਾ, ਇਸ ਵਿਸ਼ਵਵਿਆਪੀ ਭਰੋਸੇ ਦੇ ਪਿੱਛੇ ਭਾਰਤੀ ਵਿਗਿਆਨੀਆਂ, ਇੰਜੀਨੀਅਰਾਂ ਅਤੇ ਤਕਨੀਸ਼ੀਅਨਾਂ ਦੀਆਂ ਕਈ ਪੀੜ੍ਹੀਆਂ ਦਾ ਸਮਰਪਣ ਅਤੇ ਸਖ਼ਤ ਮਿਹਨਤ ਹੈ। ਦਿਨ-ਰਾਤ ਕੰਮ ਕਰਕੇ ਉਨ੍ਹਾਂ ਨੇ ISRO ਦੀ ਸਾਖ ਕਾਇਮ ਕੀਤੀ ਹੈ।

ਭਾਰਤ ਕੋਲ 190...

ਹਥਿਆਰਾਂ ਦੇ ਭੰਡਾਰ ਨੂੰ ਆਧੁਨਿਕ ਬਣਾ ਰਿਹਾ ਹੈ; ਪਿਛਲੇ ਕੁਝ ਸਾਲਾਂ ਵਿੱਚ ਕਈ ਨਵੇਂ ਪ੍ਰਮਾਣੂ-ਸਮਰੱਥ ਹਥਿਆਰ ਹਥਿਆਰਬੰਦ ਬਲਾਂ ਵਿੱਚ ਸ਼ਾਮਲ ਕੀਤੇ ਗਏ ਹਨ, ਜਦੋਂ ਕਿ ਹੋਰ ਨਵੇਂ ਹਥਿਆਰ ਪ੍ਰਣਾਲੀਆਂ ਇਸ ਸਮੇਂ ਵਿਕਾਸ ਅਧੀਨ ਹਨ। ਰਿਪੋਰਟ ਦਾ ਅਨੁਮਾਨ ਹੈ ਕਿ 2026 ਦੇ ਸ਼ੁਰੂ ਤੱਕ, ਭਾਰਤ ਕੋਲ ਲਗਭਗ 730 ਕਿਲੋਗ੍ਰਾਮ ਹਥਿਆਰ-ਪੱਧਰ ਦਾ ਪਲੂਟੋਨੀਅਮ ਹੋਵੇਗਾ, ਜਿਸ ਨਾਲ 225 ਤੱਕ ਵਾਰਹੈੱਡ ਤਿਆਰ ਕੀਤੇ ਜਾ ਸਕਣਗੇ। ਹਾਲਾਂਕਿ, ਰਿਪੋਰਟ ਇਹ ਸਪੱਸ਼ਟ ਕਰਦੀ ਹੈ ਕਿ ਇਹ ਸਿਰਫ਼ ਇੱਕ ਅਨੁਮਾਨ ਹੈ; ਅਸਲ ਗਿਣਤੀ ਵਾਰਹੈੱਡ ਦੇ ਡਿਜ਼ਾਈਨ ਅਤੇ ਰਾਖਵੇਂ ਰੱਖੇ ਗਏ ਪਦਾਰਥ 'ਤੇ ਨਿਰਭਰ ਕਰਦੀ ਹੈ।

ਭਾਰਤੀ ਮਹਿਲਾ ਹਾਕੀ...

ਪੂਜਾ ਮਲਿਕ ਨੇ ਗੋਲ ਕੀਤੇ, ਜਿਸ ਨਾਲ ਹਾਫ-ਟਾਈਮ ਤੱਕ ਭਾਰਤ ਨੂੰ 10-0 ਦੀ ਬੜ੍ਹਤ ਮਿਲ ਗਈ।

ਤੀਜੇ ਕੁਆਰਟਰ ਵਿੱਚ ਪੂਰਨਿਮਾ ਯਾਦਵ, ਮਧੂ ਸਿਦਾਰ ਅਤੇ ਸੁਪਰੀਆ ਨੇ ਗੋਲ ਕੀਤੇ। ਆਖਰੀ ਕੁਆਰਟਰ ਵਿੱਚ ਕ੍ਰਿਸ਼ਨਾ ਸ਼ਰਮਾ, ਪੂਜਾ ਮਲਿਕ, ਸੁਪਰੀਆ, ਬਿਨੀਮਾ ਧਨ ਅਤੇ ਰੋਸ਼ਨੀ ਆਇੰਦ ਨੇ ਗੋਲ ਕੀਤੇ। ਪੂਜਾ ਮਲਿਕ ਨੇ 49ਵੇਂ ਅਤੇ 51ਵੇਂ ਮਿੰਟ ਵਿੱਚ ਗੋਲ ਕਰਕੇ ਆਪਣੀ ਹੈਟ੍ਰਿਕ ਪੂਰੀ ਕੀਤੀ, ਜਦਕਿ ਰੋਸ਼ਨੀ ਨੇ 60ਵੇਂ ਮਿੰਟ ਵਿੱਚ ਭਾਰਤ ਦਾ 19ਵਾਂ ਗੋਲ ਕੀਤਾ।

ਲਾਲੂ ਅਤੇ ਤੇਜਸਵੀ...

ਅਹੁਦਿਆਂ ਦੀ ਦੁਰਵਰਤੋਂ ਕਰਨ ਦੇ ਸਬੰਧ ਵਿੱਚ ਗੰਭੀਰ ਸ਼ੱਕ ਹੈ। ਦੋਵੇਂ ਪਟਨਾ ਵਿੱਚ ਉਸ ਜ਼ਮੀਨ ਤੋਂ ਲਾਭ ਉਠਾ ਰਹੇ ਹਨ ਜੋ ਕਥਿਤ ਤੌਰ 'ਤੇ 2005 ਅਤੇ 2014 ਦੇ ਵਿਚਕਾਰ ਲਾਲੂ ਯਾਦਵ (ਜੋ ਉਸ ਸਮੇਂ ਰੇਲ ਮੰਤਰੀ ਸਨ) ਦੇ ਕਹਿਣ 'ਤੇ ਉਨ੍ਹਾਂ ਦੇ ਨਾਂ 'ਤੇ ਤਬਦੀਲ ਕੀਤੀ ਗਈ ਸੀ।

ਚੀਨ ਦੇ ਬੰਦਰਗਾਹ...

'ਬੇਹਾਈ ਸ਼ਿਪਬਿਲਡਿੰਗ ਕੰਪਨੀ ਲਿਮਟਿਡ' ਦੇ ਬੰਦਰਗਾਹ 'ਤੇ ਰੱਖ-ਰਖਾਅ ਲਈ ਖੜ੍ਹੇ ਇੱਕ ਵਿਦੇਸ਼ੀ ਮਾਲਵਾਹਕ (ਕਾਰਗੋ) ਜਹਾਜ਼ 'ਚ ਵੀਰਵਾਰ ਸਵੇਰੇ ਕਰੀਬ 11:15 ਵਜੇ ਅਚਾਨਕ ਭਿਆਨਕ ਅੱਗ ਲੱਗ ਗਈ। ਚੀਨ ਦੀ ਸਰਕਾਰੀ ਸਮਾਚਾਰ ਏਜੰਸੀ ਸ਼ਿਨਹੂਆ ਮੁਤਾਬਕ, ਇਸ ਹਾਦਸੇ 'ਚ ਭਾਰੀ ਜਾਨੀ-ਮਾਲੀ ਨੁਕਸਾਨ ਹੋਇਆ ਹੈ। ਹਾਲਾਂਕਿ, ਫਿਲਹਾਲ ਹਤਾਹਤਾਂ ਦੀ ਸਹੀ ਗਿਣਤੀ ਜਾਂ ਅੱਗ ਲੱਗਣ ਦੇ ਕਾਰਨਾਂ ਦੀ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਗਈ ਹੈ। ਇਹ ਵੀ ਸਪੱਸ਼ਟ ਨਹੀਂ ਹੋ ਸਕਿਆ ਕਿ ਅੱਗ 'ਤੇ ਪੂਰੀ ਤਰ੍ਹਾਂ ਕਾਬੂ ਪਾਇਆ ਜਾ ਸਕਿਆ ਹੈ ਜਾਂ ਨਹੀਂ।

ਯੂਨੀਅਨ ਬੈਂਕ 'ਚ...

ਸਮੇਤ ਮੌਕੇ 'ਤੇ ਪਹੁੰਚੇ ਅਤੇ ਮਾਮਲੇ ਦੀ ਜਾਂਚ ਸ਼ੁਰੂ ਕੀਤੀ। ਪੁਲਿਸ ਵੱਲੋਂ ਬੈਂਕ ਅੰਦਰ ਤੇ ਆਸ-ਪਾਸ ਲੱਗੇ ਸੀਸੀ ਟੀਵੀ ਕੈਮਰਿਆਂ ਦੀ ਫੁਟੇਜ ਨੂੰ ਬਾਰੀਕੀ ਨਾਲ ਖੰਗਾਲਿਆ ਜਾ ਰਿਹਾ ਹੈ।

ਐੱਸਐੱਚਓ ਹਰਪਾਲ ਸਿੰਘ ਨੇ ਦੱਸਿਆ ਕਿ ਸੀਸੀ ਟੀਵੀ ਫੁਟੇਜ ਦੇ ਆਧਾਰ 'ਤੇ ਦੋਸ਼ੀਆਂ ਦੀ ਪਛਾਣ ਕਰਨ ਦੇ ਯਤਨ ਕੀਤੇ ਜਾ ਰਹੇ ਹਨ ਤੇ ਉਨ੍ਹਾਂ ਨੂੰ ਜਲਦ ਕਾਬੂ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਬੈਂਕ ਦਾ ਕੋਈ ਨੁਕਸਾਨ ਨਹੀਂ ਹੋਇਆ ਤੇ ਸਕਿਊਰਟੀ ਗਾਰਡ ਵੱਲੋਂ ਦਿਖਾਈ ਗਈ ਤੁਰੰਤ ਹਿੰਮਤ ਅਤੇ ਸੂਝ-ਬੂਝ ਨਾਲ ਵੱਡੀ ਵਾਰਦਾਤ ਟਲ ਗਈ। ਐੱਸਐੱਚਓ ਨੇ ਕਿਹਾ ਕਿਸੇ ਵੀ ਦੋਸ਼ੀ ਨੂੰ ਬਖਸ਼ਿਆ ਨਹੀਂ ਜਾਵੇਗਾ।

ਜਿਨਪਿੰਗ ਬ੍ਰਿਕਸ ਸੰਮੇਲਨ...

ਇਥੋਪੀਆ, ਯੂਏਈ ਅਤੇ ਇੰਡੋਨੇਸ਼ੀਆ ਸ਼ਾਮਲ ਹਨ।

ਭਾਰਤ ਦੀ ਪ੍ਰਧਾਨਗੀ ਹੇਠ, ਸਾਲ ਭਰ ਵੱਖ-ਵੱਖ ਸ਼ਹਿਰਾਂ ਵਿੱਚ ਮੀਟਿੰਗਾਂ, ਮੰਤਰੀ-ਪੱਧਰੀ ਕਾਨਫਰੰਸਾਂ ਅਤੇ ਬਹੁ-ਪੱਧਰੀ ਚਰਚਾਵਾਂ ਆਯੋਜਿਤ ਕੀਤੀਆਂ ਜਾ ਰਹੀਆਂ ਹਨ। ਭਾਰਤ ਦਾ ਧਿਆਨ 'ਗਲੋਬਲ ਸਾਊਥ' (ਵਿਕਾਸਸ਼ੀਲ ਦੇਸ਼ਾਂ) ਦੀ ਆਵਾਜ਼ ਨੂੰ ਮਜ਼ਬੂਤ ਕਰਨ, ਆਰਥਿਕ ਸਹਿਯੋਗ, ਊਰਜਾ ਸੁਰੱਖਿਆ, ਡਿਜੀਟਲ ਤਕਨਾਲੋਜੀ, ਅੱਤਵਾਦ ਦਾ ਮੁਕਾਬਲਾ ਕਰਨ ਅਤੇ ਸਪਲਾਈ ਚੇਨ ਨੂੰ ਮਜ਼ਬੂਤ ??ਕਰਨ 'ਤੇ ਕੇਂਦਰਿਤ ਹੈ। ਸੰਖੇਪ ਵਿੱਚ, ਉਦੇਸ਼ ਬ੍ਰਿਕਸ ਨੂੰ ਸਿਰਫ਼ ਇੱਕ ਰਾਜਨੀਤਿਕ ਮੰਚ ਵਜੋਂ ਹੀ ਨਹੀਂ, ਸਗੋਂ ਵਪਾਰ, ਨਿਵੇਸ਼ ਅਤੇ ਵਿਕਾਸ ਲਈ ਇੱਕ ਪ੍ਰਮੁੱਖ ਮੰਚ ਵਜੋਂ ਅੱਗੇ ਵਧਾਉਣਾ ਹੈ।

ਆਜ਼ਮ ਖ਼ਾਨ ਖ਼ਿਲਾਫ਼...

ਲਾਭ ਪਹੁੰਚਾਉਣ ਲਈ ਜ਼ਮੀਨ ਦੀ ਵਿਕਰੀ 'ਚ ਨਿਰਧਾਰਤ ਨਿਯਮਾਂ ਦੀ ਪਾਲਣਾ ਨਹੀਂ ਕੀਤੀ। ਵਿਜੀਲੈਂਸ ਨੇ ਇਸ ਮਾਮਲੇ 'ਚ ਧੋਖਾਧੜੀ ਸਮੇਤ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਹੈ। ਐੱਫਆਈਆਰ ਦਰਜ ਹੋਣ ਤੋਂ ਬਾਅਦ ਮਾਮਲੇ ਦੀ ਜਾਂਚ ਇੰਸਪੈਕਟਰ ਸੰਜੇ ਕੁਮਾਰ ਸਿੰਘ ਨੂੰ ਸੌਂਪੀ ਗਈ ਹੈ।

ਇਸ ਮਾਮਲੇ 'ਚ ਤਤਕਾਲੀ ਹੱਜ ਕਮੇਟੀ ਦੇ ਚੇਅਰਮੈਨ ਆਜ਼ਮ ਖ਼ਾਨ ਤੋਂ ਇਲਾਵਾ ਉਸ ਸਮੇਂ ਦੇ ਸਕੱਤਰ ਲਈਕ ਅਹਿਮਦ ਤੇ ਡਾ. ਐੱਮਏਏ ਖ਼ਾਨ ਨੂੰ ਵੀ ਮੁਲਜ਼ਮ ਬਣਾਇਆ ਗਿਆ ਹੈ। ਇਨ੍ਹਾਂ ਦੇ ਨਾਲ ਆਮਿਸ਼ ਡਿਵੈਲਪਰਜ਼ ਦੇ ਮਾਲਕ ਮੁਹੰਮਦ ਅਯੂਬ ਤੇ ਮੁਸਤਕੀਮ ਅਹਿਮਦ ਨੂੰ ਵੀ ਮੁਲਜ਼ਮ ਬਣਾਇਆ ਗਿਆ ਹੈ।

ਮਿਡਟਰਮ ਚੋਣਾਂ ਜਿੱਤੇ...

ਜੀ.ਡੀ.ਪੀ. ਦੇ ਲਗਭਗ 4.2% ਦੇ ਬਰਾਬਰ ਹੈ। ਉੱਥੇ ਹੀ, ਅਮਰੀਕਾ ਦਾ ਸਾਲਾਨਾ ਬਜਟ ਘਾਟਾ ਲਗਭਗ 1.8 ਟ੍ਰਿਲੀਅਨ ਡਾਲਰ ਹੈ। ਯਾਨੀ ਇਸ ਯੋਜਨਾ ਨਾਲ ਸਰਕਾਰੀ ਖ਼ਰਚੇ ਅਤੇ ਘਾਟੇ 'ਤੇ ਹੋਰ ਦਬਾਅ ਵੱਧ ਸਕਦਾ ਹੈ। ਅਮਰੀਕਾ ਦਾ ਰਾਸ਼ਟਰੀ ਕਰਜ਼ਾ ਵੀ ਪਹਿਲਾਂ ਹੀ 40 ਟ੍ਰਿਲੀਅਨ ਡਾਲਰ ਤੋਂ ਪਾਰ ਪਹੁੰਚ ਚੁੱਕਾ ਹੈ।

ਅਜਿਹੇ ਵਿੱਚ ਇੰਨੀ ਵੱਡੀ ਰਕਮ ਵੰਡਣ ਨਾਲ ਸਰਕਾਰੀ ਕਰਜ਼ੇ ਅਤੇ ਮਹਿੰਗਾਈ ਨੂੰ ਲੈ ਕੇ ਚਿੰਤਾਵਾਂ ਵੱਧ ਸਕਦੀਆਂ ਹਨ।

ਬਿਹਾਰ ਦੇ 14...

ਬਾਰਾਬੰਕੀ ਵਿੱਚ ਸਰਯੂ ਨਦੀ ਦੇ ਪਾਣੀ ਕਾਰਨ ਲਗਭਗ 12 ਘਰ ਡੁੱਬ ਗਏ। ਇਸ ਦੌਰਾਨ, ਮੱਧ ਪ੍ਰਦੇਸ਼ ਅਤੇ ਰਾਜਸਥਾਨ ਵਿੱਚ ਮੀਂਹ ਦਾ ਦੌਰ ਫਿਲਹਾਲ ਰੁਕ ਗਿਆ ਹੈ। ਮੱਧ ਪ੍ਰਦੇਸ਼ ਵਿੱਚ ਅਗਲੇ ਤਿੰਨ ਦਿਨਾਂ ਤੱਕ ਭਾਰੀ ਮੀਂਹ ਦੀ ਕੋਈ ਸੰਭਾਵਨਾ ਨਹੀਂ ਹੈ। ਰਾਜਸਥਾਨ ਵਿੱਚ 11 ਸਤੰਬਰ ਤੋਂ ਮੀਂਹ ਸ਼ੁਰੂ ਹੋਣ ਦੀ ਉਮੀਦ ਹੈ; ਬੁੱਧਵਾਰ ਨੂੰ ਸੂਬੇ ਦੇ 10 ਸ਼ਹਿਰਾਂ ਵਿੱਚ ਤਾਪਮਾਨ 35 ਡਿਗਰੀ ਸੈਲਸੀਅਸ ਤੋਂ ਉੱਪਰ ਰਿਹਾ।

ਡਾ. ਅੰਬੇਡਕਰ ਦੇ...

ਦੁਕਾਨਾਂ ਬੰਦ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜਲੰਧਰ ਦੇ ਸਭ ਤੋਂ ਰੁਝੇਵੇਂ ਵਾਲੇ ਰੈਣਕ ਬਾਜ਼ਾਰ ਦੇ ਵਪਾਰੀਆਂ ਤੋਂ ਪਹਿਲਾਂ ਹੀ ਸਮਰਥਨ ਪ੍ਰਾਪਤ ਹੋ ਚੁੱਕਾ ਹੈ। ਹੋਰ ਬਾਜ਼ਾਰਾਂ ਦੇ ਦੁਕਾਨਦਾਰਾਂ ਨੇ ਵੀ ਆਪਣੀਆਂ ਦੁਕਾਨਾਂ ਬੰਦ ਰੱਖ ਕੇ ਸਹਿਯੋਗ ਦਿੱਤਾ।

ਦੱਸ ਦੇਈਏ ਕਿ 'ਭੀਮ ਕ੍ਰਾਂਤੀ ਸੇਨਾ' ਦੇ ਪ੍ਰਧਾਨ ਗੌਰਵ ਨੇ ਦੋਸ਼ ਲਾਇਆ ਕਿ ਕੁਝ ਸਿਆਸੀ ਪਾਰਟੀਆਂ ਆਪਣੀ ਰਾਜਨੀਤੀ ਚਮਕਾਉਣ ਲਈ ਅਜਿਹੀਆਂ ਘਟਨਾਵਾਂ ਕਰਵਾ ਰਹੀਆਂ ਹਨ ਅਤੇ ਪੁਲਸ ਸੁਰੱਖਿਆ ਦੇ ਪੁਖ਼ਤਾ ਇੰਤਜ਼ਾਮ ਨਹੀਂ ਕਰ ਰਹੀ। ਉਨ੍ਹਾਂ ਚਿਤਾਵਨੀ ਦਿੱਤੀ ਕਿ ਦੋਸ਼ੀਆਂ ਦੀ ਤੁਰੰਤ ਗ੍ਰਿਫ਼ਤਾਰੀ ਨਾ ਹੋਣ ਦੇ ਵਿਰੋਧ 'ਚ ਹੀ ਬੰਦ ਦਾ ਫ਼ੈਸਲਾ ਲਿਆ ਗਿਆ ਹੈ ਅਤੇ ਜੇਕਰ ਪੁਲਸ ਨੇ ਦੋਸ਼ੀਆਂ ਨੂੰ ਜਲਦ ਗ੍ਰਿਫ਼ਤਾਰ ਨਾ ਕੀਤਾ ਤਾਂ ਇਸ ਅੰਦੋਲਨ ਨੂੰ ਸੂਬਾ ਪੱਧਰ 'ਤੇ ਹੋਰ ਤੇਜ਼ ਕੀਤਾ ਜਾਵੇਗਾ।

ਉਥੇ ਹੀ ਦੂਜੇ ਪਾਸੇ ਲੁਧਿਆਣਾ ਵਿਚ ਅੱਜ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਪੁਲਸ ਲਾਈਨਜ਼ ਵਿਖੇ ਦਲਿਤ ਭਾਈਚਾਰੇ ਨਾਲ ਮੀਟਿੰਗ ਕਰਨਗੇ। ਪੁਲਸ ਦਾ ਕਹਿਣਾ ਹੈ ਕਿ ਮਾਮਲਾ ਜਲਦੀ ਹੀ ਹੱਲ ਹੋ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਜੋ ਵੀ ਦੋਸ਼ੀ ਪਾਇਆ ਗਿਆ, ਉਸ ਵਿਰੁੱਧ ਕਾਰਵਾਈ ਕੀਤੀ ਜਾਵੇਗੀ।

ਅਮਰੀਕੀ ਯੂਨੀਵਰਸਿਟੀ ਨੂੰ...

ਸਿਹਤ ਜਾਣਕਾਰੀ ਵਿਗਿਆਨ, ਲਾਇਬ੍ਰੇਰੀ ਵਿਗਿਆਨ ਅਤੇ ਸਿੱਖਣ ਦੀਆਂ ਤਕਨਾਲੋਜੀਆਂ ਸਮੇਤ ਵੱਖ-ਵੱਖ ਖੇਤਰਾਂ ਵਿੱਚ ਮੁਹਾਰਤ ਨੂੰ ਇਕੱਠਾ ਕੀਤਾ ਜਾਵੇਗਾ।

ਯੂ.ਐੱਨ.ਟੀ. ਵਿੱਚ ਸਿਨਹਾ ਪਰਿਵਾਰ ਦਾ ਨਿਵੇਸ਼ ਯੂਨੀਵਰਸਿਟੀ ਨਾਲ ਉਨ੍ਹਾਂ ਦੀ ਸ਼ਮੂਲੀਅਤ ਦੇ ਨਾਲ-ਨਾਲ ਵਧਿਆ ਹੈ। 2024 ਵਿੱਚ, ਉਨ੍ਹਾਂ ਨੇ ਸਕਾਲਰਸ਼ਿਪਾਂ, ਫੈਕਲਟੀ, ਖੋਜ ਅਤੇ ਵਿਸ਼ੇਸ਼ ਪਹਿਲਕਦਮੀਆਂ ਦਾ ਸਮਰਥਨ ਕਰਨ ਵਾਲੇ ਐਂਡੋਮੈਂਟਸ ਦੇ ਨਾਲ-ਨਾਲ 'ਅਨੁਰਾਧਾ ਐਂਡ ਵਿਕਾਸ ਸਿਨਹਾ ਡਿਪਾਰਟਮੈਂਟ ਆਫ਼ ਡੇਟਾ ਸਾਇੰਸ' ਦੀ ਸਥਾਪਨਾ ਕਰਦੇ ਹੋਏ ਇੱਕ ਤੋਹਫ਼ਾ ਦਿੱਤਾ। ਇੱਕ ਸਾਲ ਬਾਅਦ, ਉਨ੍ਹਾਂ ਨੇ ਡੇਟਾ ਸਾਇੰਸ ਲਈ ਸਿਨਹਾ ਇਨੋਵੇਸ਼ਨ ਲੈਬ ਬਣਾਉਂਦੇ ਹੋਏ, ਇੱਕ ਹੋਰ ਵੱਡਾ ਤੋਹਫ਼ਾ ਦਿੱਤਾ।

ਵਿਕਾਸ ਸਿਨਹਾ ਨੇ ਕਿਹਾ, ÷ਸਿੱਖਿਆ ਨੇ ਸਾਡੇ ਸਾਰੀ ਉਮਰ ਦਰਵਾਜ਼ੇ ਖੋਲ੍ਹੇ ਹਨ, ਅਤੇ ਅਸੀਂ ਉਨ੍ਹਾਂ ਦਰਵਾਜ਼ਿਆਂ ਨੂੰ ਦੂਜਿਆਂ ਲਈ ਵੀ ਖੁੱਲ੍ਹਾ ਰੱਖਣਾ ਚਾਹੁੰਦੇ ਹਾਂ।÷ 20 ਮਿਲੀਅਨ ਡਾਲਰ ਦਾ ਇਹ ਤੋਹਫ਼ਾ ਕਾਲਜ ਦੀ ਅਗਵਾਈ, ਵਿਦਿਆਰਥੀ ਸਕਾਲਰਸ਼ਿਪ, ਐਂਡੋਡ ਪ੍ਰੋਫੈਸਰਸ਼ਿਪ, ਉੱਦਮਤਾ ਅਤੇ ਇਨਕਿਊਬੇਸ਼ਨ, ਉੱਨਤ ਖੋਜ ਅਤੇ ਉੱਭਰਦੀਆਂ ਤਕਨਾਲੋਜੀਆਂ ਦਾ ਸਮਰਥਨ ਕਰਨ ਵਾਲੇ ਛੇ ਸਥਾਈ ਐਂਡੋਮੈਂਟਾਂ ਦੀ ਸਥਾਪਨਾ ਕਰੇਗਾ।

ਯੂਨੀਵਰਸਿਟੀ ਆਫ਼ ਨਾਰਥ ਟੈਕਸਾਸ ਇੱਕ ਜਨਤਕ ਖੋਜ ਯੂਨੀਵਰਸਿਟੀ ਹੈ ਅਤੇ ਡੱਲਾਸ-ਫੋਰਟ ਵਰਥ ਵਿੱਚ ਸਭ ਤੋਂ ਵੱਡੀ ਯੂਨੀਵਰਸਿਟੀ ਹੈ। ਡੈਂਟਨ ਅਤੇ ਫ੍ਰਿਸਕੋ, ਟੈਕਸਾਸ ਵਿੱਚ ਆਪਣੇ ਕੈਂਪਸਾਂ ਰਾਹੀਂ, ਯੂ.ਐੱਨ.ਟੀ. 230 ਡਿਗਰੀ ਪ੍ਰੋਗਰਾਮਾਂ ਨਾਲ ਲਗਪਗ 44,000 ਵਿਦਿਆਰਥੀਆਂ ਦੀ ਸੇਵਾ ਕਰਦਾ ਹੈ, ਇਸਨੇ ਪਿਛਲੇ ਸਾਲ 13,000 ਤੋਂ ਵੱਧ ਡਿਗਰੀਆਂ ਪ੍ਰਦਾਨ ਕੀਤੀਆਂ ਹਨ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ, ਇੰਡਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

ਲੁਧਿਆਣਾ ’ਚ ਡਾ. ਅੰਬੇਡਕਰ ਜੀ ਦੇ ਬੁੱਤ ਦੀ ਬੇਅਦਬੀ ਦੇ ਰੋਸ ਵਜੋਂ ਬਸਪਾ ਵਲੋਂ ਹੁਸ਼ਿਆਰਪੁਰ ’ਚ ਕੀਤਾ ਰੋਸ ਪ੍ਰਦਰਸ਼ਨ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਲੁਧਿਆਣਾ ਜਲੰਧਰ ਬਾਈਪਾਸ ਵਿਖੇ ਡਾ. ਅੰਬੇਡਕਰ ਸਾਹਿਬ ਦੇ ਬੁੱਤ ਦੀ ਬੇਅਦਬੀ ਦੇ ਵਿਰੋਧ ਵਿੱਚ ਬਸਪਾ ਵੱਲੋਂ ਪੰਜਾਬ ਦੇ ਸਾਰੇ ਜਿਲ੍ਹਿਆਂ ਚ ਅੱਜ ਧਰਨੇ ਪ੍ਰਦਰਸ਼ਨ ਕੀਤੇ ਗਏ ਅਤੇ ਡਿਪਟੀ

- **ਦੋਸ਼ੀਆਂ ਦੀ ਗ੍ਰਿਫਤਾਰੀ ਲਈ ਪੰਜਾਬ ਦੇ ਰਾਜਪਾਲ ਨੂੰ ਭੇਜਿਆ ਮੰਗ ਪੱਤਰ**

ਕਮਿਸ਼ਨਰਾਂ ਰਾਂਹੀ ਪੰਜਾਬ ਦੇ ਰਾਜਪਾਲ ਨੂੰ ਮੰਗ ਪੱਤਰ ਭੇਜੇ ਗਏ।

ਬਹੁਜਨ ਸਮਾਜ ਪਾਰਟੀ ਵਲੋਂ ਹੁਸ਼ਿਆਰਪੁਰ ਵਿਖੇ ਜਿਲਾ ਪ੍ਰਧਾਨ ਦਲਜੀਤ ਰਾਏ ਦੀ ਪ੍ਰਧਾਨਗੀ ਹੇਠ ਡਿਪਟੀ ਕਮਿਸ਼ਨਰ ਦਫਤਰ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਅਤੇ ਨਾਅਰੇਬਾਜ਼ੀ ਕੀਤੀ ਅਤੇ ਲੁਧਿਆਣਾ ਵਿਖੇ ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਦੀ ਸਖਤ ਆਲੋਚਨਾ ਕਰਦਿਆਂ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਲਈ ਡਿਪਟੀ



ਕਮਿਸ਼ਨਰ ਰਾਹੀਂ ਪੰਜਾਬ ਦੇ ਰਾਜਪਾਲ ਨੂੰ ਮੰਗ ਪੱਤਰ ਭੇਜਿਆ।

ਇਸ ਮੌਕੇ ਹਾਜਰ ਬਸਪਾ ਪੰਜਾਬ ਦੇ ਜੋਨ ਇੰਚਾਰਜ ਚੌਧਰੀ ਗੁਰਨਾਮ ਸਿੰਘ, ਮਨਿੰਦਰ ਸ਼ੇਰਪੁਰੀ ਸਕੱਤਰ ਪੰਜਾਬ, ਦਲਜੀਤ ਰਾਏ ਜ਼ਿਲਾ ਪ੍ਰਧਾਨ, ਐਡਵੋਕੇਟ ਪਲਵਿੰਦਰ ਮਾਨਾ ਆਦਿ ਆਗੂਆਂ ਨੇ ਕਿਹਾ ਕਿ ਗਿਆਰਵੀਂ ਵਾਰ ਡਾਕਟਰ ਅੰਬੇਡਕਰ ਸਾਹਿਬ ਦੇ ਬੁੱਤ ਤੇ ਹਮਲਾ ਇਹ ਕੇਂਦਰ ਅਤੇ ਪੰਜਾਬ ਸਰਕਾਰ ਦੇ ਮੱਥੇ ਤੇ 11 ਕਲੰਕ ਲੱਗੇ ਹਨ। ਉਨਾਂ ਪੰਜਾਬੀਆਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਉਹ ਅਮਨ, ਸ਼ਾਂਤੀ ਭਾਈਚਾਰਕ ਸਾਂਝ ਬਣਾ ਕੇ ਰੱਖਣ ਅਤੇ ਡਾਕਟਰ ਅੰਬੇਡਕਰ ਜੀ ਦੇ ਸਨਮਾਨ ਵਿੱਚ ਬਸਪਾ ਦੀ ਪੰਜਾਬ ਸੰਭਾਲੋ ਮੁਹਿੰਮ ਤਹਿਤ ਡੱਟ ਕੇ ਲੜਾਈ ਲੜੀ ਜਾਵੇ ਅਤੇ 2027 ਚ ਅੰਬੇਡਕਰ ਸਾਹਿਬ ਦੇ ਪ੍ਰਤੀ ਨਫਰਤ ਰੱਖਣ ਵਾਲਿਆਂ ਤੋਂ ਸੱਤਾ ਖੋਹੀ ਜਾਵੇ।

ਉਨਾਂ ਕਿਹਾ ਬਸਪਾ 2027 ਦੀ ਸੱਤਾ ਹਾਸਲ ਕਰਕੇ ਬਹੁਜਨ ਮਹਾਂਪੁਰਸ਼ਾਂ ਦੇ ਸਨਮਾਨ ਦਾ ਪ੍ਰਬੰਧ ਕਰੇਗੀ। ਬਸਪਾ ਆਗੂਆਂ ਨੇ ਕਿਹਾ ਪੰਜਾਬ ਦੀ ਸਰਕਾਰ ਲੁਧਿਆਣਾ ਘਟਨਾ ਲਈ ਜਿੰਮੇਵਾਰ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਕਰੇ ਪੰਜਾਬ ਵਿੱਚ ਸਾਰੇ ਬੁੱਤਾਂ ਤੇ ਸੀਸੀਟੀਵੀ ਕੈਮਰੇ ਅਤੇ ਸੁਰੱਖਿਆ ਦਾ ਪ੍ਰਬੰਧ ਕਰੇ।

ਇਸ ਮੌਕੇ ਚੌਧਰੀ ਗੁਰਨਾਮ ਸਿੰਘ ਬਸਪਾ ਜੋਨ ਇੰਚਾਰਜ ਪੰਜਾਬ, ਮਨਿੰਦਰ ਸਿੰਘ ਸ਼ੇਰਪੁਰੀ ਸਕੱਤਰ ਪੰਜਾਬ, ਸੁਖਦੇਵ ਬਿੱਟਾ ਸਕੱਤਰ ਪੰਜਾਬ,ਦਲਜੀਤ ਰਾਏ ਜਿਲਾ ਪ੍ਰਧਾਨ,ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਹਲਕਾ ਚੱਬੇਵਾਲ, ਸੋਮ ਲਾਲ ਬੈਂਸ, ਮਦਨ ਸਿੰਘ ਬੈਂਸ ਇੰਚਾਰਜ ਹਲਕਾ ਹੁਸ਼ਿਆਰਪੁਰ, ਯਸ਼ ਭੱਟੀ ਪ੍ਰਧਾਨ ਹਲਕਾ ਚੱਬੇਵਾਲ, ਇੰਜੀ.ਸੱਤਪਾਲ ਭਾਰਦਵਾਜ, ਇੰਜੀ.ਇੰਦਰਜੀਤ ਬੱਧਣ, ਸਤਵੰਤ ਸਿੰਘ ਨੰਦਾਚੌਰ, ਹਰਜੀਤ ਮਹਿਮੀ ਪ੍ਰਧਾਨ ਹੁਸ਼ਿਆਰਪੁਰ, ਜਗਮੋਹਣ ਸੱਜਣਾ, ਨਿਸ਼ਾਨ ਚੌਧਰੀ ਇੰਚਾਰਜ ਸ਼ਾਮ ਚੌਰਾਸੀ, ਦਿਨੇਸ਼ ਪੱਪੂ, ਡਾ. ਰਤਨ ਚੰਦ, ਮਾਸਟਰ ਮਲਕੀਤ ਸਿੰਘ, ਬਖਸ਼ੀਸ਼ ਭੀਮ,ਕ੍ਰਿਸ਼ਨਾ ਦੇਵੀ , ਰੇਨੂੰ ਲੱਧੜ, ਅਤੇ ਭਾਰੀ ਗਿਣਤੀ ਵਿੱਚ ਬਸਪਾ ਵਰਕਰ ਹਾਜਰ ਸਨ।

‘ਖੇਡਾਂ ਵਤਨ ਪੰਜਾਬ ਦੀਆਂ-2026’ : ਚੱਬੇਵਾਲ ਦੇ ਨੌਜਵਾਨਾਂ ਲਈ ਆਪਣੀ ਖੇਡ ਪ੍ਰਤਿਭਾ ਦਿਖਾਉਣ ਦਾ ਸੁਨਹਿਰੀ ਮੌਕਾ : ਡਾ. ਇਸ਼ਾਂਕ ਕੁਮਾਰ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

‘ਖੇਡਾਂ ਵਤਨ ਪੰਜਾਬ ਦੀਆਂ-2026’ ਤਹਿਤ ਬਲਾਕ ਪੱਧਰੀ ਖੇਡ ਮੁਕਾਬਲਿਆਂ ਵਿੱਚ ਚੱਬੇਵਾਲ ਹਲਕੇ ਦੇ ਨੌਜਵਾਨਾਂ ਨੂੰ ਆਪਣੀ ਖੇਡ ਪ੍ਰਤਿਭਾ ਦਿਖਾਉਣ ਦਾ ਮੌਕਾ

- **ਪਿੰਡ ਪੱਟੀ ਵਿਖੇ 14 ਅਤੇ 15 ਸਤੰਬਰ ਨੂੰ ਹੋਵੇਗਾ ਟੈਨਿਸ ਬਾਲ ਕ੍ਰਿਕਟ ਟੂਰਨਾਮੈਂਟ, ਜੇਤੂ ਟੀਮ ਜ਼ਿਲ੍ਹਾ ਪੱਧਰ ’ਤੇ ਕਰੇਗੀ ਹਲਕੇ ਦੀ ਨੁਮਾਇੰਦਗੀ**

ਮਿਲਣ ਜਾ ਰਿਹਾ ਹੈ। ਇਸ ਸਬੰਧੀ ਪਿੰਡ ਪੱਟੀ ਵਿਖੇ 14 ਅਤੇ 15 ਸਤੰਬਰ ਨੂੰ ਟੈਨਿਸ ਬਾਲ ਕ੍ਰਿਕਟ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ। ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਹਲਕੇ ਦੇ ਨੌਜਵਾਨਾਂ, ਕ੍ਰਿਕਟ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਇਸ ਮੁਕਾਬਲੇ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ ਹੈ।



ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਤੰਦਰੁਸਤੀ ਦਾ ਸਾਧਨ ਨਹੀਂ, ਸਗੋਂ ਨੌਜਵਾਨਾਂ ਵਿੱਚ ਅਨੁਸ਼ਾਸਨ, ਟੀਮ ਭਾਵਨਾ, ਆਤਮ-ਵਿਸ਼ਵਾਸ ਅਤੇ ਜਿੱਤਣ ਦੀ ਭਾਵਨਾ ਪੈਦਾ ਕਰਨ ਦਾ ਵੀ ਮਹੱਤਵਪੂਰਨ ਜ਼ਰੀਆ ਹਨ। ‘ਖੇਡਾਂ ਵਤਨ ਪੰਜਾਬ ਦੀਆਂ’ ਵਰਗੇ ਮੰਚ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਬਲਾਕ ਤੋਂ ਜ਼ਿਲ੍ਹਾ ਅਤੇ ਅੱਗੇ ਉੱਚ ਪੱਧਰ ਤੱਕ ਪਹੁੰਚਣ ਦਾ ਮੌਕਾ ਪ੍ਰਦਾਨ ਕਰਦੇ ਹਨ।

ਉਨ੍ਹਾਂ ਦੱਸਿਆ ਕਿ ਟੂਰਨਾਮੈਂਟ ਵਿੱਚ ਹਿੱਸਾ ਲੈਣ ਵਾਲੀ ਹਰੇਕ ਟੀਮ ਵਿੱਚ ਘੱਟੋ-ਘੱਟ 11 ਅਤੇ ਵੱਧ ਤੋਂ ਵੱਧ 16 ਖਿਡਾਰੀ ਹੋ ਸਕਦੇ ਹਨ। 14 ਸਾਲ ਦੀ ਉਮਰ ਤੋਂ 70 ਸਾਲ ਤੱਕ ਦੇ ਖਿਡਾਰੀ ਇਸ ਵਿਚ ਹਿੱਸਾ ਲਾਇ ਸਕਦੇ ਹਨ। ਹਰ ਟੀਮ ਨੂੰ 6 ਓਵਰ ਖੇਡਣ ਦਾ ਮੌਕਾ ਮਿਲੇਗਾ ਅਤੇ ਮੁਕਾਬਲੇ ਦੀ ਜੇਤੂ ਟੀਮ ਜ਼ਿਲ੍ਹਾ ਪੱਧਰੀ ਖੇਡਾਂ ਲਈ ਕੁਆਲੀਫਾਈ ਕਰੇਗੀ। ਟੀਮਾਂ ਆਪਣੀ ਰਜਿਸਟ੍ਰੇਸ਼ਨ ਆਨਲਾਈਨ sports.punjab.gov.in ’ਤੇ ਕਰਵਾ ਸਕਦੀਆਂ ਹਨ। ਜੇਕਰ ਆਨਲਾਈਨ ਰਜਿਸਟ੍ਰੇਸ਼ਨ ਵਿਚ ਕੋਈ ਦਿੱਕਤ ਆਉਂਦੀ ਹੈ ਤਾਂ 14 ਸਤੰਬਰ ਨੂੰ ਸਵੇਰੇ 9 ਵਜੇ ਤੱਕ ਪਿੰਡ ਪੱਟੀ ਦੇ ਖੇਡ ਮੈਦਾਨ ਵਿਖੇ ਵੀ ਔਨ ਸਪੌਟ ਰਜਿਸਟ੍ਰੇਸ਼ਨ ਕਰਵਾਈ ਜਾ ਸਕਦੀ ਹੈ।

ਵਿਧਾਇਕ ਨੇ ਨੌਜਵਾਨਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਇਹ ਸਿਰਫ਼ ਇੱਕ ਕ੍ਰਿਕਟ ਟੂਰਨਾਮੈਂਟ ਨਹੀਂ, ਸਗੋਂ ਆਪਣੀ ਪ੍ਰਤਿਭਾ, ਜੋਸ਼ ਅਤੇ ਖੇਡ ਭਾਵਨਾ ਨੂੰ ਮੈਦਾਨ ਵਿੱਚ ਉਤਾਰਨ ਦਾ ਮੌਕਾ ਹੈ। ਉਨ੍ਹਾਂ ਚੱਬੇਵਾਲ ਹਲਕੇ ਦੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਟੀਮਾਂ ਬਣਾਕੇ ਇਸ ਮੁਕਾਬਲੇ ਵਿੱਚ ਭਾਗ ਲੈਣ ਅਤੇ ਖੇਡਾਂ ਦੇ ਇਸ ਮਹਾਕੁੰਭ ਦਾ ਹਿੱਸਾ ਬਣਨ ਦੀ ਅਪੀਲ ਕੀਤੀ। ਉਹਨਾਂ ਕਿਹਾ ਕਿ ਇਹ ਸਾਡੇ ਖਿਡਾਰੀਆਂ ਲਈ ਆਪਣਾ, ਆਪਣੇ ਪਿੰਡ ਦਾ , ਆਪਣੇ ਹਲਕਾ ਚੱਬੇਵਾਲ ਦਾ ਨਾਂ ਪੂਰੇ ਸੂਬੇ ਵਿਚ ਰੌਸ਼ਨ ਕਰਨ ਦਾ ਮੌਕਾ ਹੈ।

ਨਵ-ਨਿਯੁਕਤ ਹੈੱਡ-ਮਿਸਟਰੈਸ ਮੈਡਮ ਬਲਵੀਰ ਕੌਰ ਨੂੰ ਅਹੁਦਾ ਸੰਭਾਲਣ ’ਤੇ ਗੌਰਮਿੰਟ ਟੀਚਰਜ਼ ਯੂਨੀਅਨ ਨੇ ਕੀਤਾ ਸਨਮਾਨਿਤ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਅਤੇ ਗੌਰਮਿੰਟ ਟੀਚਰਜ਼ ਯੂਨੀਅਨ ਬਲਾਕ ਕੋਟ ਫਤੂਹੀ ਵੱਲੋਂ ਨਵ-ਨਿਯੁਕਤ ਹੈੱਡ-ਮਿਸਟਰੈਸ ਮੈਡਮ ਬਲਵੀਰ ਕੌਰ ਨੂੰ ਬਲਾਕ ਕੋਟ ਫਤੂਹੀ ਦੇ ਸਰਕਾਰੀ ਹਾਈ ਸਕੂਲ ਦਿਹਾਣਾ ਵਿੱਚ ਅਹੁਦਾ ਸੰਭਾਲਣ ’ਤੇ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਉਂਕਾਰ ਸਿੰਘ ਅਤੇ ਪ੍ਰਧਾਨ ਹਰਮਨੋਜ ਕੁਮਾਰ ਵੱਲੋਂ ਮੈਡਮ ਦਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਇੱਕ ਯਾਦਗਾਰੀ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ।



ਇਸ ਮੌਕੇ ’ਤੇ ਨਵ-ਨਿਯੁਕਤ ਹੈੱਡ-ਮਿਸਟਰੈਸ ਮੈਡਮ ਬਲਵੀਰ ਕੌਰ ਨੇ ਉਨ੍ਹਾਂ ਨੂੰ ਸਨਮਾਨਿਤ ਕਰਨ ਲਈ ਧੰਨਵਾਦ ਕੀਤਾ। ਇਸ ਮੌਕੇ ’ਤੇ ਨਰਿੰਦਰ ਅਜਨੋਹਾ, ਪ੍ਰਧਾਨ ਹਰਮਨੋਜ ਕੁਮਾਰ, ਉਂਕਾਰ ਸਿੰਘ, ਲੈਕਚਰਾਰ ਹਰਜੀਤ ਸਿੰਘ, ਲੈਕਚਰਾਰ ਸਵਰਨ ਸਿੰਘ, ਹਰਜਿੰਦਰ ਸਿੰਘ, ਹਰਮਨ ਸਿੰਘ, ਅਮਨਦੀਪ ਕੌਰ, ਸ਼ਿਖਾ ਆਦਿਆ, ਲੈਕਚਰਾਰ ਜਤਿੰਦਰ ਸਿੰਘ, ਲੈਕਚਰਾਰ ਸਰਬਜੀਤ ਕੌਰ, ਕੁਲਵਿੰਦਰ ਸਿੰਘ, ਸਤਵਿੰਦਰ ਸਿੰਘ, ਪ੍ਰੀਤਪਾਲ ਸਿੰਘ, ਮੀਨੂ ਖੋਸਲਾ, ਬੰਧਨਾ ਕੁਮਾਰ, ਮਨਿੰਦਰ ਕੌਰ, ਲਵਦੀਪ ਕੌਰ, ਅਬਿਨਾਸ਼ ਕੌਰ, ਅਮਨਪ੍ਰੀਤ ਕੌਰ, ਅਮਨਜੀਤ ਕੌਰ ਅਤੇ ਅਰੁਣ ਕੁਮਾਰ ਆਦਿ ਹਾਜ਼ਰ ਰਹੇ।

ਸਚਦੇਵਾ ਸਟਾਕਸ ਫੈਮਿਲੀ ਵਾਕ ਪ੍ਰਤੀ ਵਿਦਿਆਰਥੀਆਂ ਨੂੰ ਕੀਤਾ ਜਾਗਰੂਕ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਫਿੱਟ ਬਾਈਕਰ ਕਲੱਬ ਵੱਲੋਂ ਸੈਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਵਿੱਚ ਸਚਦੇਵਾ ਸਟਾਕਸ ਫੈਮਿਲੀ ਵਾਕ ਦਾ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਵਿੱਚ ਫਿੱਟ ਬਾਈਕਰ ਕਲੱਬ ਦੇ ਪ੍ਰਧਾਨ ਅਤੇ ਸਚਦੇਵਾ ਸਟਾਕਸ ਦੇ ਐਮਡੀ ਪਰਮਜੀਤ ਸਿੰਘ ਸਚਦੇਵਾ ਨੇ ਵਿਦਿਆਰਥੀਆਂ ਨੂੰ ਨਿਯਮਤ ਸਰੀਰਕ ਗਤੀਵਿਧੀਆਂ ਦੇ ਮਹੱਤਵ ਬਾਰੇ ਜਾਗਰੂਕ ਕੀਤਾ।

ਪਰਮਜੀਤ ਸਿੰਘ ਸਚਦੇਵਾ ਨੇ ਕਿਹਾ ਕਿ ਅੱਜ ਦੀ ਵਿਅਸਤ



ਜੀਵਨ ਸ਼ੈਲੀ ਵਿੱਚ ਪਰਿਵਾਰਕ ਮੈਂਬਰਾਂ ਕੋਲ ਇੱਕ-ਦੂਜੇ ਨਾਲ ਸਮਾਂ ਬਿਤਾਉਣ ਦੇ ਮੌਕੇ ਘੱਟ ਹੁੰਦੇ ਜਾ ਰਹੇ ਹਨ। ਅਜਿਹੇ ਵਿੱਚ ਫੈਮਿਲੀ ਵਾਕ ਵਰਗੀ ਸਰਲ ਗਤੀਵਿਧੀ ਪਰਿਵਾਰ ਨੂੰ ਇਕੱਠੇ ਜੋੜਨ ਦਾ ਬਿਹਤਰ ਮਾਧਿਅਮ ਬਣ ਸਕਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਖੁਦ ਸਿਹਤਮੰਦ ਰਹਿਣ ਦੇ ਨਾਲ-ਨਾਲ ਆਪਣੇ ਮਾਤਾ-ਪਿਤਾ ਅਤੇ ਪਰਿਵਾਰ ਦੇ ਹੋਰ ਮੈਂਬਰਾਂ ਨੂੰ ਵੀ ਇਸ ਫੈਮਿਲੀ ਵਾਕ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕਰਨ। ਉਨ੍ਹਾਂ ਕਿਹਾ ਕਿ ਨਿਯਮਤ ਵਾਕ ਨਾਲ ਸਰੀਰ ਨੂੰ ਫਿੱਟ ਰੱਖਣ ਦੇ ਨਾਲ ਤਣਾਅ ਘੱਟ ਕਰਨ ਅਤੇ ਸਕਾਰਾਤਮਕ ਸੋਚ ਵਿਕਸਤ ਕਰਨ ਵਿੱਚ ਵੀ ਮਦਦ ਮਿਲਦੀ ਹੈ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਉਰਮਿਲ ਸੂਦ ਨੇ ਫਿੱਟ ਬਾਈਕਰ ਕਲੱਬ ਦੀ ਇਸ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਸਿਹਤ ਅਤੇ ਫਿਟਨੈਸ ਪ੍ਰਤੀ ਜਾਗਰੂਕ ਕਰਨਾ ਵੀ ਜ਼ਰੂਰੀ ਹੈ।

ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਉੱਤਮ ਸਿੰਘ ਸਾਬੀ, ਓਂਕਾਰ ਸਿੰਘ, ਸੌਰਭ ਸ਼ਰਮਾ, ਸੰਜੀਵ ਸੋਹਲ ਅਤੇ ਸਾਗਰ ਸੈਣੀ ਸਮੇਤ ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਜ਼ਿਲ੍ਹਾ ਫੁੱਟਬਾਲ ਐਸੋਸੀਏਸ਼ਨ ਦੇ ਪ੍ਰਧਾਨ ਚੁਣੇ ਗਏ

ਪੈ.ਗਾਮ-ਏ-ਜਗਤ/ਗੜ੍ਹਸ਼ੰਕਰ
10 ਸਤੰਬਰ(ਹਰੀ ਕ੍ਰਿਸ਼ਨ ਗੰਗੜ)

ਸ੍ਰੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਮਾਹਿਲਪੁਰ ਵਿੱਚ ਜ਼ਿਲ੍ਹਾ ਫੁੱਟਬਾਲ ਐਸੋਸੀਏਸ਼ਨ ਦੇ ਪ੍ਰਧਾਨ ਅਰਜੁਨ ਐਵਾਰਡੀ ਫੁੱਟਬਾਲਰ ਗੁਰਦੇਵ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਐਸੋਸੀਏਸ਼ਨ ਦੀ ਜਨਰਲ ਬਾਡੀ ਦੀ ਵਿਸ਼ੇਸ਼ ਮੀਟਿੰਗ ਹੋਈ। ਇਹ ਮੀਟਿੰਗ ਜ਼ਿਲ੍ਹਾ ਫੁੱਟਬਾਲ ਐਸੋਸੀਏਸ਼ਨ ਅਤੇ ਪ੍ਰਿੰਸੀਪਲ ਹਰਭਜਨ ਸਿੰਘ ਸਪੋਰਟਿੰਗ ਕਲੱਬ ਮਾਹਿਲਪੁਰ ਦੇ ਸੱਦੇ ਹੇਠਾਂ ਕਰਵਾਈ ਗਈ।

ਇਸ ਮੌਕੇ ਕਲੱਬ ਦੇ ਪ੍ਰਧਾਨ ਕੁਲਵੰਤ ਸਿੰਘ ਸੰਘਾ ਨੇ ਸਵਾਗਤੀ ਸ਼ਬਦ ਸਾਂਝੇ ਕੀਤੇ ਅਤੇ ਫੁੱਟਬਾਲ ਖੇਡ ਦੀ ਪ੍ਰਫੁੱਲਤਾ ਲਈ ਹੋ ਰਹੇ ਯਤਨਾਂ ਬਾਰੇ ਵਿਚਾਰ ਰੱਖੇ। ਉਨ੍ਹਾਂ ਜ਼ਿਲ੍ਹਾ ਫੁੱਟਬਾਲ ਐਸੋਸੀਏਸ਼ਨ ਦੇ ਅਗਲੇ ਪ੍ਰਧਾਨ ਲਈ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਦੇ ਨਾਮ ਦੀ ਤਜਵੀਜ ਰੱਖੀ। ਇਸ ਤਜਵੀਜ ਦੀ ਪ੍ਰੋੜਤਾ ਅਰਜੁਨ ਐਵਾਰਡੀ ਫੁੱਟਬਾਲਰ ਗੁਰਦੇਵ ਸਿੰਘ ਗਿੱਲ ਨੇ



ਕੀਤੀ। ਉਨ੍ਹਾਂ ਕਿਹਾ ਕਿ ਪ੍ਰਿੰਸੀਪਲ ਪਰਵਿੰਦਰ ਸਿੰਘ ਅਕਾਦਮਿਕ ਕੰਮਾਂ ਦੇ ਨਾਲ ਨਾਲ ਫੁੱਟਬਾਲ ਖੇਡ ਦੇ ਹੋਰ ਪ੍ਰਚਾਰ ਪ੍ਰਸਾਰ ਲਈ ਯਤਨਸ਼ੀਲ ਸ਼ਖ਼ਸੀਅਤ ਹਨ। ਇਸ ਮੌਕੇ ਹਾਜ਼ਰ ਅਹੁਦੇਦਾਰਾਂ ਨੇ ਸਰਬ ਸੰਮਤੀ ਨਾਲ ਹੋਈ ਇਸ ਚੋਣ ’ਤੇ ਪ੍ਰਿੰਸੀਪਲ ਪਰਵਿੰਦਰ ਸਿੰਘ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ।

ਧੰਨਵਾਦੀ ਸ਼ਬਦ ਸਾਂਝੇ ਕਰਦਿਆਂ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਕਿਹਾ ਕਿ ਉਹ ਫੁੱਟਬਾਲ ਪ੍ਰਮੋਟਰਾਂ, ਸਾਬਕਾ ਖਿਡਾਰੀਆਂ ਅਤੇ ਪ੍ਰਬੰਧਕਾਂ ਦੇ ਸਹਿਯੋਗ ਨਾਲ ਇਸ ਕਾਰਜਭਾਰ ਨੂੰ ਮਿਹਨਤ ਅਤੇ ਤਨਦੇਹੀ ਨਾਲ ਨਿਭਾਉਣਗੇ। ਮੀਟਿੰਗ ਮੌਕੇ ਐਸੋਸੀਏਸ਼ਨ ਦੇ ਉੱਪ ਪ੍ਰਧਾਨ ਸੁਖਵਿੰਦਰ ਸਿੰਘ, ਕੁਲਵਿੰਦਰ ਕੌਰ, ਰਾਮ ਮੂਰਤੀ, ਜਨਰਲ ਸਕੱਤਰ ਇਕਬਾਲ ਸਿੰਘ ਖੇੜਾ, ਜੁਆਇੰਟ ਸਕੱਤਰ ਅਮਰੀਕ ਸਿੰਘ, ਖਜ਼ਾਨਚੀ ਪ੍ਰਿੰਸੀਪਲ ਸੁਖਇੰਦਰ ਸਿੰਘ, ਐੱਸ ਪੀ ਸ਼ਵਿੰਦਰਜੀਤ ਸਿੰਘ ਬੈਂਸ, ਪ੍ਰਿੰਸੀਪਲ ਜਗਮੋਹਨ ਸਿੰਘ, ਹਰਨੰਦਨ ਸਿੰਘ ਖਾਬੜਾ, ਨਵਮੀਤ ਸਿੰਘ, ਅਮਰੀਕ ਸਿੰਘ ਬੈਸ ਆਦਿ ਸਮੇਤ ਹੋਰ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਪ੍ਰਿੰਸੀਪਲ ਪਰਵਿੰਦਰ ਸਿੰਘ ਨੂੰ ਇਸ ਚੋਣ ਲਈ ਮੁਬਾਰਕਬਾਦ ਦਿੱਤੀ।

ਨੌਜਵਾਨਾਂ ਦੀ ਲੋਕਤੰਤਰ ‘ਚ ਭਾਗੀਦਾਰੀ ਦੇਸ਼ ਦੇ ਭਵਿੱਖ ਨੂੰ ਮਜ਼ਬੂਤ ਕਰੇਗੀ: ਡਿਪਟੀ ਕਮਿਸ਼ਨਰ ਆਸ਼ਿਕਾ ਜੈਨ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 18-19 ਸਾਲ ਉਮਰ ਵਰਗ ਦੇ ਨੌਜਵਾਨਾਂ ਨੂੰ ਵੋਟਰ ਵਜੋਂ ਰਜਿਸਟਰ ਕਰਨ ਅਤੇ ਉਨ੍ਹਾਂ ਨੂੰ ਵੋਟ ਦੇ ਅਧਿਕਾਰ ਅਤੇ ਲੋਕਤੰਤਰਿਕ ਜ਼ਿੰਮੇਵਾਰੀ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਰਿਆਤ-ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਸਵੀਪ ਤਹਿਤ ਮੈਗਾ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਸ਼ਮਾ ਰੌਸ਼ਨ ਕਰਕੇ ਕੀਤੀ ਗਈ।

ਇਸ ਮੌਕੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਲੋਕਤੰਤਰ ਦੀ ਅਸਲ ਤਾਕਤ ਜਾਗਰੂਕ ਅਤੇ ਜ਼ਿੰਮੇਵਾਰ ਵੋਟਰਾਂ ਵਿੱਚ ਹੈ। ਨੌਜਵਾਨ ਦੇਸ਼ ਦਾ ਵਰਤਮਾਨ ਵੀ ਹਨ ਅਤੇ ਭਵਿੱਖ ਵੀ, ਇਸ ਲਈ ਵੋਟਿੰਗ ਪ੍ਰਕਿਰਿਆ ਵਿੱਚ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਬੇਹੱਦ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ 18 ਸਾਲ ਦੀ ਉਮਰ ਪੂਰੀ ਕਰਨਾ ਸਿਰਫ਼ ਇੱਕ ਨਵੀਂ ਕਾਨੂੰਨੀ ਯੋਗਤਾ ਹਾਸਲ ਕਰਨਾ ਹੀ ਨਹੀਂ, ਸਗੋਂ ਦੇਸ਼ ਦੀ ਲੋਕਤੰਤਰਿਕ ਵਿਵਸਥਾ ਵਿੱਚ ਆਪਣੀ ਆਵਾਜ਼ ਸ਼ਾਮਲ ਕਰਨ ਦਾ ਮੌਕਾ ਵੀ ਹੈ।

ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਨਾਮ ਵੋਟਰ ਸੂਚੀ ਵਿੱਚ ਜ਼ਰੂਰ ਦਰਜ ਕਰਵਾਉਣ ਅਤੇ ਹਰ ਚੋਣ ਵਿੱਚ ਬਿਨਾਂ ਕਿਸੇ ਦਬਾਅ, ਲਾਲਚ ਜਾਂ ਭੇਦ-ਭਾਵ ਦੇ ਆਪਣੇ ਵਿਵੇਕ

- ਨੌਜਵਾਨ ਵੋਟਰਾਂ ਨੂੰ ਵੋਟ ਦੇ ਅਧਿਕਾਰ ਪ੍ਰਤੀ ਜਾਗਰੂਕ ਕਰਨ ਤੇ ਰਜਿਸਟ੍ਰੇਸ਼ਨ ਲਈ ਮੇਗਾ ਸਮਾਗਮ ਕਰਵਾਇਆ ਗਿਆ



ਅਨੁਸਾਰ ਵੋਟ ਪਾਉਣ। ਉਨ੍ਹਾਂ ਕਿਹਾ ਕਿ ਇੱਕ-ਇੱਕ ਵੋਟ ਮਿਲ ਕੇ ਸਰਕਾਰਾਂ ਦੀ ਦਿਸ਼ਾ ਅਤੇ ਨੀਤੀਆਂ ਨੂੰ ਪ੍ਰਭਾਵਿਤ ਕਰਦੀ ਹੈ। ਇਸ ਲਈ ਕਿਸੇ ਵੀ ਵੋਟਰ ਨੂੰ ਇਹ ਨਹੀਂ ਸੋਚਣਾ ਚਾਹੀਦਾ ਕਿ ਉਸ ਦੀ ਇੱਕ ਵੋਟ ਨਾਲ ਕੋਈ ਫ਼ਰਕ ਨਹੀਂ ਪੈਂਦਾ। ਹਰ ਵੋਟ ਮਹੱਤਵਪੂਰਨ ਹੈ ਅਤੇ ਹਰ ਵੋਟਰ ਦੀ ਭਾਗੀਦਾਰੀ ਲੋਕਤੰਤਰ ਨੂੰ ਮਜ਼ਬੂਤ ਬਣਾਉਂਦੀ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅੱਜ ਦੇ ਨੌਜਵਾਨ ਸੋਸ਼ਲ ਮੀਡੀਆ ਅਤੇ ਡਿਜੀਟਲ ਪਲੇਟਫਾਰਮਾਂ ਨਾਲ ਡੂੰਘਾਈ ਨਾਲ ਜੁੜੇ ਹੋਏ ਹਨ ਅਤੇ ਉਹ ਵੋਟਰ ਜਾਗਰੂਕਤਾ ਦਾ ਸੰਦੇਸ਼ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਖੁਦ ਜਾਗਰੂਕ ਵੋਟਰ ਬਣਨ ਦੇ ਨਾਲ-ਨਾਲ ਆਪਣੇ ਪਰਿਵਾਰ, ਦੋਸਤਾਂ ਅਤੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਵੋਟ ਪਾਉਣ ਲਈ ਪ੍ਰੇਰਿਤ ਕਰਨ।

ਉਨ੍ਹਾਂ ਕਿਹਾ ਕਿ ਵੋਟ ਪਾਉਣਾ ਸਿਰਫ਼ ਅਧਿਕਾਰ ਹੀ ਨਹੀਂ, ਸਗੋਂ ਜ਼ਿੰਮੇਵਾਰੀ ਵੀ ਹੈ। ਲੋਕਤੰਤਰ ਸਾਨੂੰ ਆਪਣੀ ਪਸੰਦ ਦਾ ਪ੍ਰਤੀਨਿਧੀ ਚੁਣਨ ਦਾ ਅਧਿਕਾਰ ਦਿੰਦਾ ਹੈ ਅਤੇ ਇਸ ਅਧਿਕਾਰ ਦੀ ਜ਼ਿੰਮੇਵਾਰੀ ਨਾਲ ਵਰਤੋਂ ਕਰਨਾ ਹਰੇਕ ਨਾਗਰਿਕ ਦਾ ਫ਼ਰਜ਼ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦਾ ਯਤਨ ਹੈ ਕਿ ਕੋਈ ਵੀ ਯੋਗ ਨੌਜਵਾਨ ਵੋਟਰ ਬਣਨ ਤੋਂ ਵਾਂਝਾ ਨਾ ਰਹੇ ਅਤੇ ਹਰ ਵੋਟਰ ਚੋਣ ਪ੍ਰਕਿਰਿਆ ਵਿੱਚ ਪੂਰੇ ਉਤਸ਼ਾਹ ਅਤੇ ਜ਼ਿੰਮੇਵਾਰੀ ਨਾਲ ਭਾਗ ਲਵੇ।

ਪ੍ਰੋਗਰਾਮ ਦੌਰਾਨ ਸਵੀਪ ਟੀਮ ਵੱਲੋਂ ਵੋਟਰ ਜਾਗਰੂਕਤਾ ’ਤੇ ਆਧਾਰਿਤ ਨਾਟਕ ਪੇਸ਼ ਕੀਤਾ ਗਿਆ। ਨਾਟਕ ਰਾਹੀਂ ਵੋਟ ਦੀ ਮਹੱਤਤਾ, ਵੋਟਰ ਰਜਿਸਟ੍ਰੇਸ਼ਨ ਅਤੇ ਵੋਟ ਦੀ ਸਹੀ ਵਰਤੋਂ ਦਾ ਸੰਦੇਸ਼ ਪ੍ਰਭਾਵਸ਼ਾਲੀ ਢੰਗ ਨਾਲ ਦਿੱਤਾ ਗਿਆ। ਇਸ ਤੋਂ ਇਲਾਵਾ ਵਿਦਿਆਰਥੀਆਂ ਅਤੇ ਨੌਜਵਾਨਾਂ ਦੀ ਰਚਨਾਤਮਕ ਭਾਗੀਦਾਰੀ ਯਕੀਨੀ ਬਣਾਉਣ ਲਈ ਸਕੈਚ ਮੇਕਿੰਗ, ਰੰਗੋਲੀ, ਪੋਸਟਰ ਮੇਕਿੰਗ, ਮਹਿੰਦੀ, ਡਰਾਇੰਗ, ਮਿਮਿਕਰੀ, ਭਾਸ਼ਣ, ਸਲੋਗਨ ਰਾਈਟਿੰਗ ਅਤੇ ਰੀਲ ਮੇਕਿੰਗ ਸਮੇਤ ਵੱਖ-ਵੱਖ ਮੁਕਾਬਲੇ ਕਰਵਾਏ ਗਏ।

ਮੁਕਾਬਲਿਆਂ ਵਿੱਚ ਸਕੈਚ ਮੇਕਿੰਗ ਵਿੱਚ ਵਿਧਾਨ ਸਭਾ ਹਲਕਾ ਟਾਂਡਾ, ਰੰਗੋਲੀ ਵਿੱਚ ਰਿਆਤ-ਬਾਹਰਾ ਯੂਨੀਵਰਸਿਟੀ, ਪੋਸਟਰ ਮੇਕਿੰਗ ਵਿੱਚ ਸਰਕਾਰੀ ਕਾਲਜ ਹੁਸ਼ਿਆਰਪੁਰ, ਮਹਿੰਦੀ ਵਿੱਚ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਅਤੇ ਚੱਬੇਵਾਲ, ਡਰਾਇੰਗ ਵਿੱਚ ਵਿਧਾਨ ਸਭਾ ਹਲਕਾ ਦਸੂਹਾ, ਮਿਮਿਕਰੀ ਵਿੱਚ ਸਰਕਾਰੀ ਕਾਲਜ ਹੁਸ਼ਿਆਰਪੁਰ, ਭਾਸ਼ਣ ਵਿੱਚ ਰਿਆਤ-ਬਾਹਰਾ ਯੂਨੀਵਰਸਿਟੀ, ਸਲੋਗਨ ਰਾਈਟਿੰਗ ਵਿੱਚ ਵਿਧਾਨ ਸਭਾ ਹਲਕਾ ਮੁਕੇਰੀਆਂ ਅਤੇ ਰੀਲ ਮੇਕਿੰਗ ਵਿੱਚ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਨੇ ਪਹਿਲਾ ਸਥਾਨ ਹਾਸਲ ਕੀਤਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਨਿਧੀ ਕੁਮੁਦ ਬੰਬਾਹ, ਓਐਸਡੀ (ਸ਼ਹਿਰੀ ਮਾਮਲੇ) ਓਇਸ਼ੀ ਮੰਡਲ, ਐਸਡੀਐਮ ਹੁਸ਼ਿਆਰਪੁਰ ਪਰਮਪ੍ਰੀਤ ਸਿੰਘ, ਰਿਆਤ-ਬਾਹਰਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਚੰਦਰ ਮੋਹਨ, ਚੋਣ ਤਹਿਸੀਲਦਾਰ ਰਮਨਦੀਪ ਕੌਰ, ਸਵੀਪ ਨੋਡਲ ਅਫ਼ਸਰ ਅੰਕੁਰ ਸ਼ਰਮਾ ਸਮੇਤ ਸਵੀਪ ਦੇ ਸਾਰੇ ਵਿਧਾਨ ਸਭਾ ਹਲਕਿਆਂ ਦੇ ਇੰਚਾਰਜ, ਜ਼ਿਲ੍ਹਾ ਚੋਣ ਦਫ਼ਤਰ ਨਾਲ ਸਬੰਧਤ ਅਧਿਕਾਰੀ, ਵਿਦਿਆਰਥੀ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਮੌਜੂਦ ਸਨ।

ਡੀਸੀ ਰਾਹੁਲ ਨਰਵਾਲ ਦੇ ਮਾਰਗਦਰਸ਼ਨ ਵਿੱਚ ਸਮਾਧਾਨ ਸ਼ਿਵਿਰ ਆਯੋਜਿਤ


ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)

ਡਿਪਟੀ ਕਮਿਸ਼ਨਰ ਰਾਹੁਲ ਨਰਵਾਲ ਦੇ ਮਾਰਗਦਰਸ਼ਨ ਵਿੱਚ ਜ਼ਿਲ੍ਹਾ ਸਕੱਤਰੇਤ ਕੰਪਲੈਕਸ ਸਥਿਤ ਸਮਾਧਾਨ ਸ਼ਿਵਿਰ ਵਿੱਚ ਨਾਗਰਿਕਾਂ ਦੀਆਂ ਵੱਖ-ਵੱਖ ਸਮੱਸਿਆਵਾਂ ਅਤੇ ਸ਼ਿਕਾਇਤਾਂ ਦੀ ਸੁਣਵਾਈ ਕੀਤੀ ਗਈ। ਸ਼ਿਵਿਰ ਦੀ ਪ੍ਰਧਾਨਗੀ ਨਾਇਬ ਤਹਿਸੀਲਦਾਰ ਸੁਰੇਸ਼ ਕੁਮਾਰ ਨੇ ਕੀਤੀ। ਇਸ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਰਹੇ ਅਤੇ ਨਾਗਰਿਕਾਂ ਵੱਲੋਂ ਪੇਸ਼ ਕੀਤੀਆਂ ਸ਼ਿਕਾਇਤਾਂ ਦੀ ਸੁਣਵਾਈ ਕੀਤੀ।

ਨਾਇਬ ਤਹਿਸੀਲਦਾਰ ਸੁਰੇਸ਼ ਕੁਮਾਰ ਨੇ ਸਮਾਧਾਨ ਸ਼ਿਵਿਰ ਵਿੱਚ ਪਹੁੰਚੇ ਨਾਗਰਿਕਾਂ ਦੀਆਂ ਸਮੱਸਿਆਵਾਂ ਸੁਣਦਿਆਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸ਼ਿਕਾਇਤਾਂ ਦਾ ਪਹਿਲ ਦੇ ਆਧਾਰ ’ਤੇ ਹੱਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਨਾਗਰਿਕਾਂ ਦੀਆਂ ਸਮੱਸਿਆਵਾਂ ਦਾ ਹੱਲ ਪ੍ਰਸ਼ਾਸਨ ਦੀ ਪਹਿਲ ਹੈ ਅਤੇ ਅਧਿਕਾਰੀ ਇਹ ਯਕੀਨੀ ਬਣਾਉਣ ਕਿ ਸ਼ਿਕਾਇਤਾਂ ਦੇ ਹੱਲ ਵਿੱਚ ਬੇਲੋੜੀ ਦੇਰੀ ਨਾ ਹੋਵੇ।

ਸਮਾਧਾਨ ਸ਼ਿਵਿਰ ਵਿੱਚ ਢਾਣਾ ਕਲਾਂ ਨਿਵਾਸੀ ਲਛਮਣ ਨੇ ਗੰਦੇ ਪਾਣੀ ਦੀ ਨਿਕਾਸੀ ਦੀ ਸਮੱਸਿਆ ਨੂੰ ਲੈ ਕੇ ਅਰਜ਼ੀ ਪੇਸ਼ ਕੀਤੀ। ਉਨ੍ਹਾਂ ਪਿੰਡ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਨਾਲੇ ਅਤੇ ਪੁਲੀਆ ਦੀ ਸਫਾਈ ਕਰਵਾਉਣ ਨੂੰ ਲੈ ਕੇ

- ਨਾਇਬ ਤਹਿਸੀਲਦਾਰ ਸੁਰੇਸ਼ ਕੁਮਾਰ ਨੇ ਨਾਗਰਿਕਾਂ ਦੀਆਂ ਸ਼ਿਕਾਇਤਾਂ ਸੁਣੀਆਂ, ਅਧਿਕਾਰੀਆਂ ਨੂੰ ਸਮਾਧਾਨ ਦੇ ਨਿਰਦੇਸ਼ ਦਿੱਤੇ



ਅਰਜ਼ੀ ਦਿੱਤੀ। ਸ਼ਿਕਾਇਤ ’ਤੇ ਨਾਇਬ ਤਹਿਸੀਲਦਾਰ ਨੇ ਖੰਡ ਵਿਕਾਸ ਅਤੇ ਪੰਚਾਇਤ ਅਧਿਕਾਰੀ ਨੂੰ ਨਿਰਦੇਸ਼ ਦਿੱਤੇ ਕਿ ਮੌਕੇ ਦੀ ਸਥਿਤੀ ਦਾ ਜਾਇਜ਼ਾ ਲੈਂਦੇ ਹੋਏ ਗੰਦੇ ਪਾਣੀ ਦੀ ਨਿਕਾਸੀ ਲਈ ਜ਼ਰੂਰੀ ਕਾਰਵਾਈ ਤੁਰੰਤ ਯਕੀਨੀ ਬਣਾਈ ਜਾਵੇ, ਤਾਂ ਜੋ ਪਿੰਡ ਵਾਸੀਆਂ ਨੂੰ ਜਲਭਰਾਅ ਅਤੇ ਗੰਦੇ ਪਾਣੀ ਦੀ ਸਮੱਸਿਆ ਤੋਂ ਰਾਹਤ ਮਿਲ ਸਕੇ।

ਇਸੇ ਤਰ੍ਹਾਂ ਬੜਛੱਪਰ ਨਿਵਾਸੀ ਸਤਿਆਵਾਨ ਨੇ ਪਿੰਡ ਦੀ ਪੰਚਾਇਤੀ ਜ਼ਮੀਨ ’ਤੇ ਕੀਤੇ ਗਏ ਨਾਜਾਇਜ਼ ਕਬਜ਼ੇ ਨੂੰ ਹਟਵਾਉਣ ਸਬੰਧੀ ਸ਼ਿਕਾਇਤ ਪੇਸ਼ ਕੀਤੀ। ਇਸ ਮਾਮਲੇ ਵਿੱਚ ਨਾਇਬ ਤਹਿਸੀਲਦਾਰ ਨੇ ਖੰਡ ਵਿਕਾਸ ਅਤੇ ਪੰਚਾਇਤ ਅਧਿਕਾਰੀ ਨੂੰ ਮੌਕੇ ਦਾ ਮੁਆਇਨਾ ਕਰਨ ਅਤੇ ਨਿਯਮਾਂ ਅਨੁਸਾਰ ਢੁਕਵੀਂ ਕਾਰਵਾਈ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਪਿੰਡ ਉਗਾਲਣ ਨਿਵਾਸੀ ਵਿਜੇਂਦਰ ਸਿੰਘ ਨੇ ਪਿੰਡ ਦੀ ਫਿਰਨੀ ਦਾ ਲੈਵਲ ਠੀਕ ਕਰਵਾਉਣ ਨੂੰ ਲੈ ਕੇ ਆਪਣੀ ਸ਼ਿਕਾਇਤ ਰੱਖੀ। ਸ਼ਿਕਾਇਤ ’ਤੇ ਸਬੰਧਤ ਖੰਡ ਵਿਕਾਸ ਅਤੇ ਪੰਚਾਇਤ ਅਧਿਕਾਰੀ ਨੂੰ ਫਿਰਨੀ ਦੇ ਲੈਵਲ ਦੀ ਜਾਂਚ ਕਰਵਾਉਣ ਅਤੇ ਲੋੜ ਅਨੁਸਾਰ ਢੁਕਵੀਂ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ।

ਸਮਾਧਾਨ ਸ਼ਿਵਿਰ ਵਿੱਚ ਇਸ ਤੋਂ ਇਲਾਵਾ ਫਸਲ ਖਰਾਬੇ ਦਾ ਮੁਆਵਜ਼ਾ ਦਿਵਾਉਣ, ਪਰਿਵਾਰ ਪਛਾਣ ਪੱਤਰ ਵਿੱਚ ਸਾਲਾਨਾ ਆਮਦਨ ਘੱਟ ਕਰਵਾਉਣ, ਰਾਸ਼ਨ ਕਾਰਡ ਬਣਵਾਉਣ ਸਮੇਤ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸ਼ਿਕਾਇਤਾਂ ਅਤੇ ਸਮੱਸਿਆਵਾਂ ਨਾਗਰਿਕਾਂ ਵੱਲੋਂ ਪੇਸ਼ ਕੀਤੀਆਂ ਗਈਆਂ। ਨਾਇਬ ਤਹਿਸੀਲਦਾਰ ਸੁਰੇਸ਼ ਕੁਮਾਰ ਨੇ ਸਾਰੀਆਂ ਸ਼ਿਕਾਇਤਾਂ ਸੁਣਦਿਆਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਹਰ ਮਾਮਲੇ ਦੀ ਜਾਂਚ ਕਰ ਨਿਯਮਾਂ ਅਨੁਸਾਰ ਹੱਲ ਕੀਤਾ ਜਾਵੇ।

ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਸਮਾਧਾਨ ਸ਼ਿਵਿਰ ਵਿੱਚ ਆਉਣ ਵਾਲੀਆਂ ਸ਼ਿਕਾਇਤਾਂ ਨੂੰ ਸਿਰਫ ਰਸਮੀ ਤੌਰ ’ਤੇ ਨਾ ਲਿਆ ਜਾਵੇ, ਸਗੋਂ ਹਰ ਸ਼ਿਕਾਇਤ ਦੇ ਹੱਲ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣ। ਉਨ੍ਹਾਂ ਕਿਹਾ ਕਿ ਜਿਨ੍ਹਾਂ ਮਾਮਲਿਆਂ ਵਿੱਚ ਮੌਕੇ ’ਤੇ ਕਾਰਵਾਈ ਦੀ ਲੋੜ ਹੈ, ਉਨ੍ਹਾਂ ਵਿੱਚ ਸਬੰਧਤ ਅਧਿਕਾਰੀ ਸਮਾਂਬੱਧ ਤਰੀਕੇ ਨਾਲ ਕਾਰਵਾਈ ਕਰਨ ਅਤੇ ਸ਼ਿਕਾਇਤਕਰਤਾ ਨੂੰ ਵੀ ਹੱਲ ਦੀ ਸਥਿਤੀ ਤੋਂ ਜਾਣੂ ਕਰਵਾਉਣ।

ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦਾ ਉਦੇਸ਼ ਆਮ ਲੋਕਾਂ ਨੂੰ ਸਰਕਾਰੀ ਸੇਵਾਵਾਂ ਅਤੇ ਯੋਜਨਾਵਾਂ ਦਾ ਲਾਭ ਸਰਲ ਅਤੇ ਪਾਰਦਰਸ਼ੀ ਤਰੀਕੇ ਨਾਲ ਉਪਲਬਧ ਕਰਵਾਉਣਾ ਹੈ। ਸਮਾਧਾਨ ਸ਼ਿਵਿਰਾਂ ਰਾਹੀਂ ਨਾਗਰਿਕਾਂ ਨੂੰ ਆਪਣੀਆਂ ਸਮੱਸਿਆਵਾਂ ਸਿੱਧੇ ਪ੍ਰਸ਼ਾਸਨ ਸਾਹਮਣੇ ਰੱਖਣ ਦਾ ਮੌਕਾ ਮਿਲ ਰਿਹਾ ਹੈ।

ਅਧਿਕਾਰੀਆਂ ਨੂੰ ਚਾਹੀਦਾ ਹੈ ਕਿ ਉਹ ਨਾਗਰਿਕਾਂ ਦੀਆਂ ਸਮੱਸਿਆਵਾਂ ਪ੍ਰਤੀ ਸੰਵੇਦਨਸ਼ੀਲਤਾ ਰੱਖਦੇ ਹੋਏ ਉਨ੍ਹਾਂ ਦਾ ਪਹਿਲ ਦੇ ਆਧਾਰ ’ਤੇ ਹੱਲ ਯਕੀਨੀ ਬਣਾਉਣ।

ਸਿਕੰਦਰਪੁਰ ਦੇ ਅਖਾੜੇ ’ਚ ਗੂੰਜਿਆ ਕੁਸ਼ਤੀ ਦਾ ਜੋਸ਼, ਲਖਵਿੰਦਰ ਸਿੰਘ ਲੱਕੀ ਨੇ ਪਹਿਲਵਾਨਾਂ ਦੀ ਵਧਾਈ ਹੌਸਲਾ-ਅਫਜ਼ਾਈ

ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)

ਪਿੰਡ ਸਿਕੰਦਰਪੁਰ ਵਿਖੇ ਕਰਵਾਏ ਗਏ ਸ਼ਾਨਦਾਰ ਕੁਸ਼ਤੀ ਦੰਗਲ ਵਿੱਚ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ **ਲਖਵਿੰਦਰ ਸਿੰਘ ਲੱਕੀ** ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਪਹਿਲਵਾਨਾਂ ਦੀ ਹੌਸਲਾ-ਅਫਜ਼ਾਈ ਕੀਤੀ। ਦੰਗਲ ਦੌਰਾਨ ਵੱਖ-ਵੱਖ ਥਾਵਾਂ ਤੋਂ ਪਹੁੰਚੇ ਪਹਿਲਵਾਨਾਂ ਨੇ ਅਖਾੜੇ ਵਿੱਚ ਆਪਣੀ ਖੇਡ ਕਲਾ ਅਤੇ ਦਮਖਮ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਦੰਗਲ ਦੀ ਮੁੱਖ ਪਟਕੇ ਦੀ ਕੁਸ਼ਤੀ ਵਿੱਚ ਭੁਪਿੰਦਰ ਭਿੰਦਰ ਅਜਨਾਲਾ ਨੇ ਸ਼ੇਰਾ ਬਾਬਾ ਫਲਾਹੀ ਨੂੰ ਚਿੱਤ ਕਰਕੇ ਜਿੱਤ ਦਰਜ ਕੀਤੀ। ਜੇਤੂ ਪਹਿਲਵਾਨ ਨੂੰ **ਸਪਲੈਂਡਰ ਮੋਟਰਸਾਈਕਲ ਅਤੇ 71 ਹਜ਼ਾਰ ਰੁਪਏ ਦਾ ਨਕਦ ਇਨਾਮ ਦਿੱਤਾ ਗਿਆ।

ਦੰਗਲ ਵਿੱਚ ਪਹੁੰਚੇ ਲਖਵਿੰਦਰ ਸਿੰਘ ਲੱਕੀ ਦਾ ਪ੍ਰਬੰਧਕ ਕਮੇਟੀ ਅਤੇ ਪਿੰਡ ਵਾਸੀਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਉਨ੍ਹਾਂ ਨੇ ਅਖਾੜੇ ਵਿੱਚ ਹੋਈਆਂ ਕੁਸ਼ਤੀਆਂ ਦਾ ਆਨੰਦ ਮਾਣਿਆ ਅਤੇ ਪਹਿਲਵਾਨਾਂ ਦਾ ਹੌਸਲਾ ਵਧਾਇਆ। ਉਨ੍ਹਾਂ ਨੇ ਸਾਰੇ ਪਹਿਲਵਾਨਾਂ ਨੂੰ ਵਧੀਆ ਪ੍ਰਦਰਸ਼ਨ ਲਈ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੀ ਮਿਹਨਤ, ਖੇਡ ਪ੍ਰਤਿਭਾ ਅਤੇ ਜਜ਼ਬੇ ਦੀ ਸ਼ਲਾਘਾ ਕੀਤੀ।

ਇਸ ਮੌਕੇ ਲਖਵਿੰਦਰ ਸਿੰਘ ਲੱਕੀ ਨੇ ਕਿਹਾ ਕਿ **ਕੁਸ਼ਤੀ

- ‘ਆਪ’ ਆਗੂ ਲਖਵਿੰਦਰ ਸਿੰਘ ਲੱਕੀ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ, ਜੇਤੂ ਪਹਿਲਵਾਨ ਨੂੰ ਸਪਲੈਂਡਰ ਮੋਟਰਸਾਈਕਲ ਤੇ 71 ਹਜ਼ਾਰ ਰੁਪਏ ਦਾ ਨਕਦ ਇਨਾਮ



ਪੰਜਾਬ ਦੀ ਸ਼ਾਨਦਾਰ ਅਤੇ ਮਾਣਮੱਤੀ ਖੇਡ ਪਰੰਪਰਾ ਦਾ ਅਹਿਮ ਹਿੱਸਾ ਹੈ। ਪੇਂਡੂ ਪੱਧਰ ’ਤੇ ਕਰਵਾਏ ਜਾਂਦੇ ਅਜਿਹੇ ਦੰਗਲ ਜਿੱਥੇ ਸਾਡੀ ਰਵਾਇਤੀ ਖੇਡ ਵਿਰਾਸਤ ਨੂੰ ਸੰਭਾਲਣ ਵਿੱਚ ਯੋਗਦਾਨ ਪਾਉਂਦੇ ਹਨ, ਉੱਥੇ ਹੀ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਵੀ ਪ੍ਰੇਰਿਤ ਕਰਦੇ ਹਨ।

ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਲਈ ਉਨ੍ਹਾਂ ਨੂੰ ਖੇਡਾਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ। ਖੇਡਾਂ ਨੌਜਵਾਨਾਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਮਿਹਨਤ ਅਤੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਪੈਦਾ ਕਰਦੀਆਂ ਹਨ।

ਇਸ ਮੌਕੇ ਦੰਗਲ ਪ੍ਰਬੰਧਕ ਕਮੇਟੀ ਅਤੇ ਇਲਾਕੇ ਦੇ ਪਤਵੰਤੇ ਸੱਜਣਾਂ ਵੱਲੋਂ ਲਖਵਿੰਦਰ ਸਿੰਘ ਲੱਕੀ ਦਾ ਵਿਸ਼ੇਸ਼ ਸਨਮਾਨ** ਵੀ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਪ੍ਰਬੰਧਕਾਂ ਅਤੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਵੱਖ-ਵੱਖ ਸਮਾਜਿਕ ਅਤੇ ਇਲਾਕਾਈ ਮਸਲਿਆਂ ਸਬੰਧੀ ਵਿਚਾਰ-ਵਟਾਂਦਰਾ ਵੀ ਕੀਤਾ।

ਇਸ ਮੌਕੇ ਸੋਧੀ ਸਿੰਘ, ਜਸਵੀਰ ਚੋਪੜਾ, ਮੱਖਣ ਸਿੰਘ, ਹਰਪਾਲ ਚੋਪੜਾ, ਅਵਤਾਰ ਚੋਪੜਾ, ਬੌਬੀ ਚੋਪੜਾ, ਮੋਹਨ ਸਿੰਘ, ਜੋਗਿੰਦਰ ਸਿੰਘ, ਜਸਵੀਰ ਸਿੰਘ, ਬਲਵੀਰ ਸਿੰਘ, ਬਿੰਦਰ ਚੋਪੜਾ, ਸੁਖਦੇਵ ਸਿੰਘ, ਸਤਨਾਮ ਸਿੰਘ, ਗੁਰਪ੍ਰੀਤ (ਗੋਰਾ), ਕੋਮਲ ਚੋਪੜਾ, ਰਾਸ਼ਪਾਲ ਸਿੰਘ, ਸੁਰਜੀਤ ਸਿੰਘ (ਸਰਪੰਚ), ਅਮਰੀਕ ਸਿੰਘ** ਸਮੇਤ ਹੋਰ ਪਤਵੰਤੇ ਸੱਜਣ ਮੌਜੂਦ ਸਨ।



‘ਪੈਗਾਮ-ਏ-ਜਗਤ’ ’ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

85 ਸਾਲਾ ਸੁੰਦਰ ਦਾਸ ਰਹੇਜਾ ਨੇ ਪੀਜੀਆਈ ਵਿਖੇ ਆਪਣੀ ਦੇਹ ਦਾਨ ਕੀਤੀ



ਚੰਡੀਗੜ੍ਹ, 10 ਸਤੰਬਰ (ਪੈ.ਗਾਮ-ਏ-ਜਗਤ)

ਐਨਾਟੋਮੀ ਵਿਭਾਗ, ਪੀਜੀਆਈਐਮਈਆਰ, ਚੰਡੀਗੜ੍ਹ ਨੂੰ ਸ੍ਰੀ ਸੁੰਦਰ ਦਾਸ ਰਹੇਜਾ ਸਪੁੱਤਰ ਸ੍ਰੀ ਬੁੱਧੂ ਰਾਮ, ਉਮਰ 85 ਸਾਲ, ਮਰਦ, ਵਾਸੀ # 1283, ਸੈਕਟਰ-13, ਅਰਬਨ ਅਸਟੇਟ, ਕਰਨਾਲ, ਹਰਿਆਣਾ - 132001, ਜਿਨ੍ਹਾਂ ਦਾ ਦੇਹਾਂਤ 06 ਸਤੰਬਰ 2026 ਨੂੰ ਹੋਇਆ ਸੀ, ਦੀ ਦੇਹ ਪ੍ਰਾਪਤ ਹੋਈ ਹੈ, ਜੋ ਐਨਾਟੋਮੀ ਵਿਭਾਗ, ਪੀਜੀਆਈਐਮਈਆਰ, ਚੰਡੀਗੜ੍ਹ ਦੁਆਰਾ ਪ੍ਰਾਪਤ ਕੀਤੀ ਗਈ ਹੈ। ਉਨ੍ਹਾਂ ਦੀ ਦੇਹ ਦਾ ਦਾਨ ਉਨ੍ਹਾਂ ਦੀ ਪਤਨੀ ਸ੍ਰੀਮਤੀ ਰਾਜ ਕੁਮਾਰੀ, ਪੁੱਤਰ ਸ੍ਰੀ ਅਨਿਲ ਕੁਮਾਰ ਰਹੇਜਾ, ਪੋਤਿਆਂ ਸ੍ਰੀ ਸਤਿਅਮ ਅਤੇ ਸ੍ਰੀ ਮਯੰਕ ਸਮੇਤ ਸਾਰੇ ਪਰਿਵਾਰਕ ਮੈਂਬਰਾਂ ਵੱਲੋਂ 06 ਸਤੰਬਰ 2026 ਨੂੰ ਕੀਤਾ ਗਿਆ ਹੈ। ਵਿਭਾਗ ਇਸ ਨੇਕ ਕਾਰਜ ਲਈ ਪਰਿਵਾਰਕ ਮੈਂਬਰਾਂ ਦਾ ਧੰਨਵਾਦੀ ਹੈ। **ਬਾਡੀ ਡੋਨੇਸ਼ਨ/ਐਂਬਾਮਿੰਗ ਹੈਲਪਲਾਈਨ** - 0172-2755201 (**ਦਫ਼ਤਰੀ ਸਮਾਂ**), **9660030095** (24x7)

ਵਾਰ-ਵਾਰ ਮੈਡਲ ਟ੍ਰਾਫੀਆਂ ਜਿੱਤਣ ਦੇ ਜੋਸ਼ ਸੋਨੀ ਪਬਲਿਕ ਸਕੂਲ ਦੇ ਬੱਚਿਆਂ ਵਿੱਚ ਸਰਵੋਤਮ : ਵਰਿੰਦਰ ਸਿੰਘ

ਪਟਿਆਲਾ, 10 ਸਤੰਬਰ (ਪੈ.ਗਾਮ-ਏ-ਜਗਤ)

ਫੋਕਟ ਪੁਆਇੰਟ ਪਟਿਆਲਾ ਵਿਖੇ ਚਲ ਰਹੇ ਸੋਨੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਦੇ ਜੋਸ਼ ਹਿੰਮਤ ਹੌਸਲੇ ਅਤੇ ਆਤਮ ਵਿਸ਼ਵਾਸ ਸਾਰੇ ਸਕੂਲਾਂ ਦੇ ਵਿਦਿਆਰਥੀਆਂ ਤੋਂ ਉੱਪਰ ਹਨ, ਇਸੇ ਕਰਕੇ ਉਨ੍ਹਾਂ ਦੇ 70% ਵਿਦਿਆਰਥੀਆਂ ਕੋਲ 5 ਤੋਂ 15 ਤੱਕ ਮੈਡਲ ਸਰਟੀਫਿਕੇਟ ਹਨ, ਇਹ ਵਿਚਾਰ ਪ੍ਰਗਟ ਕਰਦਿਆਂ ਡਾਇਰੈਕਟਰ ਵਰਿੰਦਰ ਸਿੰਘ ਅਤੇ ਚੈਅਰਮੈਨ ਸ਼੍ਰੀਮਤੀ ਅਮਰਜੀਤ ਕੌਰ ਨੇ ਕਾਕਾ ਰਾਮ ਵਰਮਾ, ਸੇਵਾ ਮੁਕਤ ਟ੍ਰੇਨਿੰਗ ਸੁਪਰਵਾਈਜ਼ਰ ਰੈੱਡ ਕਰਾਸ, ਡੈਡੀਕੇਟਿਡ ਬ੍ਰਦਰਜ਼ ਗਰੁੱਪ ਦੇ ਪ੍ਰਧਾਨ ਡਾਕਟਰ ਰਾਕੇਸ਼ ਵਰਮੀ



ਅਤੇ ਅਲਕਾ ਅਰੋੜਾ ਦਾ ਧੰਨਵਾਦ ਕਰਦੇ ਹੋਏ ਕਿਹਾ ਇਨ੍ਹਾਂ ਵਲੋਂ ਕਰਵਾਏ ਜਾਂਦੇ ਮੁਕਾਬਲਿਆਂ ਵਿਖੇ ਸੋਨੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਹਮੇਸ਼ਾ ਚੰਗੇ ਪ੍ਰਦਰਸ਼ਨ ਕੀਤੇ ਅਤੇ ਇਨਾਮ ਜਿੱਤੇ ਹਨ। ਡੈਡੀਕੇਟਿਡ ਬ੍ਰਦਰਜ਼ ਗਰੁੱਪ ਵਲੋਂ ਉਨ੍ਹਾਂ ਦੇ ਪ੍ਰਿੰਸੀਪਲ ਅਤੇ 20 ਤੋਂ ਵੱਧ ਵਿਦਿਆਰਥੀਆਂ ਅਧਿਆਪਕਾਂ ਨੂੰ ਸਨਮਾਨਿਤ ਵੀ ਕੀਤਾ ਗਿਆ ਹੈ।

ਪ੍ਰਿੰਸੀਪਲ ਸ਼੍ਰੀਮਤੀ ਰਮਨਦੀਪ ਕੌਰ ਨੇ ਦੱਸਿਆ ਕਿ ਰਾਸ਼ਟਰੀ ਖੇਡ ਦਿਵਸ਼ ਮੌਕੇ ਜ਼ੋ ਪੀ ਐੱਮ ਸ਼੍ਰੀ ਕੇਂਦਰੀ ਵਿਦਿਆਲਿਆ ਨੰਬਰ 1 ਵਿਖੇ ਕਰਵਾਏ ਗਏ, ਉਨ੍ਹਾਂ ਦੇ ਬੱਚਿਆਂ ਨੇ 17 ਸਕੂਲਾਂ ਦੇ ਖਿਡਾਰੀਆਂ ਨੂੰ ਹਰਾਕੇ 5 ਮੈਡਲ ਜਿੱਤੇ ਜਦਕਿ ਪਿਛਲੇ ਸਾਲ ਸੋਨੀ ਪਬਲਿਕ ਸਕੂਲ ਨੇ ਸੱਭ ਤੋਂ ਵੱਧ ਮੈਡਲ ਜਿੱਤਕੇ ਇੰਜ਼ ਅੰਕਿਤ ਅਰੋੜਾ ਯਾਦਗਾਰੀ ਟਰਾਫੀ ਤੇ ਕਬਜ਼ਾ ਕੀਤਾ ਸੀ।

ਕਾਕਾ ਰਾਮ ਵਰਮਾ ਨੇ ਕਿਹਾ ਕਿ ਅੱਜ ਬੱਚਿਆਂ ਨੂੰ ਵੱਧ ਨੰਬਰਾਂ ਲਈ ਨਹੀਂ ਸਗੋਂ ਉਨ੍ਹਾਂ ਦੇ ਹੁਨਰ, ਜੋਸ਼, ਹਿੰਮਤ, ਹੌਂਸਲੇ, ਆਤਮ ਵਿਸ਼ਵਾਸ ਨੂੰ ਜਗਾ ਕੇ ਰਾਸ਼ਟਰੀ ਅੰਤਰਰਾਸ਼ਟਰੀ ਖਿਡਾਰੀ ਅਤੇ ਚੈਂਪੀਅਨ ਬਣਾਉਣ ਲਈ ਉਤਸ਼ਾਹਿਤ ਕਰਨਾ ਜ਼ਰੂਰੀ ਹੈ। ਅਜਿਹੇ ਹੋਣਹਾਰ ਬੱਚੇ ਆਪਣੇ ਆਪ ਨਸ਼ਿਆਂ, ਫਾਸਟ ਫੂਡ ਜੰਕ ਫੂਡ, ਆਰਾਮ ਪ੍ਰਸਤੀਆਂ ਤੋਂ ਦੂਰ ਰਹਿੰਦੇ ਹਨ।

ਰਤੀਆ ਵਿੱਚ ਗੈਰ-ਕਾਨੂੰਨੀ ਪਾਣੀ-ਸੀਵਰੇਜ਼ ਕੁਨੈਕਸ਼ਨਾਂ 'ਤੇ ਵੱਡੀ ਕਾਰਵਾਈ

ਵਾਰਡ ਨੰਬਰ 12 ਵਿੱਚ 18 ਗੈਰ-ਕਾਨੂੰਨੀ ਕੁਨੈਕਸ਼ਨ ਕੱਟੇ, ਵੈਧ ਕਰਵਾਉਣ ਦੀ ਅਪੀਲ

ਪੈਗਾਮ-ਏ-ਜਗਤ
ਰਤੀਆ, 10 ਸਤੰਬਰ
ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ

ਜਨ ਸਿਹਤ ਇੰਜੀਨੀਅਰਿੰਗ ਵਿਭਾਗ ਵੱਲੋਂ ਗੈਰ-ਕਾਨੂੰਨੀ ਪੀਣ ਵਾਲੇ ਪਾਣੀ ਅਤੇ ਸੀਵਰੇਜ ਕੁਨੈਕਸ਼ਨਾਂ ਵਿਰੁੱਧ ਚਲਾਏ ਜਾ ਰਹੇ ਅਭਿਆਨ ਤਹਿਤ ਅੱਜ ਰਤੀਆ ਸ਼ਹਿਰ ਦੇ ਵਾਰਡ ਨੰਬਰ 12 ਵਿੱਚ 18 ਗੈਰ-ਕਾਨੂੰਨੀ ਕੁਨੈਕਸ਼ਨ ਕੱਟੇ ਗਏ। ਵਿਭਾਗ ਦੀ ਟੀਮ ਨੇ ਮੌਕੇ 'ਤੇ ਕਾਰਵਾਈ ਕਰਦਿਆਂ ਗੈਰ-ਕਾਨੂੰਨੀ ਤੌਰ 'ਤੇ ਚੱਲ ਰਹੇ ਪੀਣ ਵਾਲੇ ਪਾਣੀ ਅਤੇ ਸੀਵਰੇਜ ਕੁਨੈਕਸ਼ਨਾਂ ਨੂੰ ਬੰਦ ਕੀਤਾ। ਸ਼ਰਮਾ ਚੰਦ ਲਾਲੀ, ਜ਼ਿਲ੍ਹਾ ਸਲਾਹਕਾਰ, ਜਨ ਸਿਹਤ ਇੰਜੀਨੀਅਰਿੰਗ ਵਿਭਾਗ ਫਤਿਹਾਬਾਦ ਨੇ ਦੱਸਿਆ ਕਿ ਜ਼ਿਲ੍ਹੇ ਦੇ ਫਤਿਹਾਬਾਦ, ਰਤੀਆ, ਟੋਹਾਣਾ, ਭੂਨਾ ਅਤੇ ਜਾਖਲ ਸਮੇਤ ਸਾਰੇ ਸ਼ਹਿਰਾਂ ਵਿੱਚ ਗੈਰ-ਕਾਨੂੰਨੀ ਕੁਨੈਕਸ਼ਨ ਧਾਰਕਾਂ ਵਿਰੁੱਧ ਕਾਰਵਾਈ ਲਗਾਤਾਰ ਜਾਰੀ ਰਹੇਗੀ। ਉਨ੍ਹਾਂ ਕਿਹਾ ਕਿ ਜਿਨ੍ਹਾਂ



ਲੋਕਾਂ ਨੇ ਅਜੇ ਤੱਕ ਆਪਣੇ ਪਾਣੀ ਅਤੇ ਸੀਵਰੇਜ ਕੁਨੈਕਸ਼ਨ ਮਨਜ਼ੂਰ ਨਹੀਂ ਕਰਵਾਏ ਹਨ, ਉਹ ਜਲਦੀ ਤੋਂ ਜਲਦੀ ਕੁਨੈਕਸ਼ਨ ਵੈਧ ਕਰਵਾਉਣ। ਨਹੀਂ ਤਾਂ ਵਿਭਾਗ ਵੱਲੋਂ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਵਰਤਮਾਨ ਵਿੱਚ ਪੀਣ ਵਾਲੇ ਪਾਣੀ ਦੇ ਕੁਨੈਕਸ਼ਨ ਦੀ ਫੀਸ 1,000 ਰੁਪਏ ਅਤੇ ਸੀਵਰੇਜ ਕੁਨੈਕਸ਼ਨ ਦੀ ਫੀਸ 500 ਰੁਪਏ ਹੈ। ਜਦਕਿ ਸਰਕਾਰ ਵੱਲੋਂ ਲਗਭਗ 10,000 ਰੁਪਏ ਤੱਕ ਦਾ ਰੋਡ ਕੱਟ ਚਾਰਜ ਫਿਲਹਾਲ ਮਾਫ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਨਾਗਰਿਕ ਇਸ ਸਹੂਲਤ ਦਾ ਲਾਭ ਉਠਾ ਕੇ ਜਲਦੀ ਤੋਂ ਜਲਦੀ ਆਪਣੇ ਕੁਨੈਕਸ਼ਨ ਮਨਜ਼ੂਰ ਕਰਵਾਉਣ, ਕਿਉਂਕਿ ਭਵਿੱਖ ਵਿੱਚ ਰੋਡ ਕੱਟ ਚਾਰਜ ਦੁਬਾਰਾ ਲਾਗੂ ਹੋ ਸਕਦਾ ਹੈ। ਕੁਨੈਕਸ਼ਨ ਮਨਜ਼ੂਰ ਕਰਵਾਉਣ ਲਈ ਰਜਿਸਟਰੀ, ਫੈਮਿਲੀ ਆਈਡੀ, ਆਧਾਰ ਕਾਰਡ, ਵੋਟਰ ਆਈਡੀ ਅਤੇ ਘਰ ਦੇ ਸਾਹਮਣੇ ਖੜ੍ਹੇ ਹੋ ਕੇ ਲਈ ਗਈ GPS ਲੋਕੇਸ਼ਨ ਵਾਲੀ ਫੋਟੋ ਜ਼ਰੂਰੀ ਹੈ। ਸ਼ਰਮਾ ਚੰਦ ਲਾਲੀ ਨੇ ਕਿਹਾ ਕਿ ਵਿਭਾਗ ਦਾ ਉਦੇਸ਼ ਕਿਸੇ ਨੂੰ ਪਰੇਸ਼ਾਨ ਕਰਨਾ ਨਹੀਂ, ਸਗੋਂ ਸ਼ਹਿਰ ਦੀ ਪੀਣ ਵਾਲੇ ਪਾਣੀ ਅਤੇ ਸੀਵਰੇਜ ਵਿਵਸਥਾ ਨੂੰ ਵਿਵਸਥਿਤ ਕਰਨਾ ਅਤੇ ਗੈਰ-ਕਾਨੂੰਨੀ ਕੁਨੈਕਸ਼ਨਾਂ 'ਤੇ ਰੋਕ ਲਗਾਉਣਾ ਹੈ। ਉਨ੍ਹਾਂ ਨੇ ਸਾਰੇ ਨਾਗਰਿਕਾਂ ਨੂੰ ਵਿਭਾਗ ਦਾ ਸਹਿਯੋਗ ਕਰਨ ਅਤੇ ਆਪਣੇ ਕੁਨੈਕਸ਼ਨ ਜਲਦੀ ਵੈਧ ਕਰਵਾਉਣ ਦੀ ਅਪੀਲ ਕੀਤੀ। ਇਸ ਕਾਰਵਾਈ ਦੌਰਾਨ ਜੂਨੀਅਰ ਇੰਜੀਨੀਅਰ ਦੁਰਗੇਸ਼ ਕੁਮਾਰ, ਪ੍ਰਿਥਵੀ ਸਿੰਘ, ਬਲਾਕ ਕੋਆਰਡੀਨੇਟਰ ਕੁਲਦੀਪ ਸਿੰਘ, ਪ੍ਰਧਾਨ ਸ਼ਮਸ਼ੇਰ ਸਿੰਘ ਕੁੰਡੂ, ਦਲਬੀਰ ਸਿੰਘ ਧੌਲੂ, ਪਵਨ ਕੁਮਾਰ, ਜਗਦੀਸ਼ ਕੁਮਾਰ, ਰਾਮਮੇਹਰ ਸਿੰਘ, ਕਰਨ ਸਿੰਘ ਸਮੇਤ ਹੋਰ ਕਰਮਚਾਰੀ ਅਤੇ ਸਹਿਯੋਗੀ ਮੌਜੂਦ ਰਹੇ।

ਲੰਪੀ ਸਕਿਨ ਬਿਮਾਰੀ ਨੂੰ ਰੋਕਣ ਲਈ ਜੈਵਿਕ ਸੁਰੱਖਿਆ ਅਤੇ ਸਫਾਈ ਬਹੁਤ ਜ਼ਰੂਰੀ : ਵੈਟਨਰੀ ਯੂਨੀਵਰਸਿਟੀ

ਲੁਧਿਆਣਾ 10 ਸਤੰਬਰ, (ਪੈ.ਗਾਮ-ਏ-ਜਗਤ)

ਸਾਲ 2022 ਵਿੱਚ ਉੱਤਰੀ ਭਾਰਤ ਵਿੱਚ ਪਸ਼ੂਆਂ ਨੂੰ ਵੱਡੇ ਤੌਰ 'ਤੇ ਪ੍ਰਭਾਵਿਤ ਕਰਨ ਵਾਲੀ ਲੰਪੀ ਸਕਿਨ ਬਿਮਾਰੀ ਫਿਰ ਤੋਂ ਰਾਜ ਦੇ ਡੇਅਰੀ ਪਸ਼ੂਆਂ ਲਈ ਘਾਤਕ ਹੋ ਸਕਦੀ ਹੈ। ਇਹ ਵਿਚਾਰ ਡਾ. ਜਤਿੰਦਰ ਪਾਲ ਸਿੰਘ ਗਿੱਲ ਉਪ-ਕੁਲਪਤੀ, ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਨੇ ਸਾਂਝੇ ਕੀਤੇ । ਡਾ. ਗਿੱਲ ਨੇ ਕਿਹਾ ਕਿ ਪਸ਼ੂ ਪਾਲਕਾਂ ਨੂੰ ਇਸ ਬਿਮਾਰੀ ਨੂੰ ਰੋਕਣ ਲਈ ਫਾਰਮ 'ਤੇ ਜੈਵਿਕ ਸੁਰੱਖਿਆ ਅਤੇ ਸਫਾਈ ਨੂੰ ਮਜ਼ਬੂਤ ??ਕਰਨ ਦੀ ਲੋੜ ਹੈ।

ਡਾ: ਸਵਰਨ ਸਿੰਘ ਰੰਧਾਵਾ, ਡੀਨ ਕਾਲਜ ਆਫ਼ ਵੈਟਨਰੀ ਸਾਇੰਸ, ਲੁਧਿਆਣਾ ਨੇ ਕਿਹਾ ਕਿ ਇਹ ਬਿਮਾਰੀ ਕੈਪਰੀਪੌਕਸ ਵਾਇਰਸ ਕਾਰਨ ਹੋਣ ਵਾਲੀ ਇੱਕ ਲਾਗ ਵਾਲੀ ਬਿਮਾਰੀ ਹੈ ਅਤੇ ਮੱਛਰ, ਕੱਟਣ ਵਾਲੀਆਂ ਮੱਖੀਆਂ ਅਤੇ ਚਿੱਚੜਾਂ ਆਦਿ ਦੁਆਰਾ ਅੱਗੇ ਵਧਦੀ ਹੈ । ਇਸ ਬਿਮਾਰੀ ਦੇ ਮੁੱਖ ਲੱਛਣਾਂ ਵਿੱਚ ਬੁਖਾਰ (1066) ਸ਼ਾਮਲ ਹੈ ਜਿਸ ਤੋਂ ਬਾਅਦ ਸਾਰੇ ਸਰੀਰ ਵਿੱਚ ਚਮੜੀ ਵਿੱਚ ਗੰਢਾਂ (2-5 ਸੈਂਟੀਮੀਟਰ) ਦਾ ਵਿਕਾਸ ਹੁੰਦਾ ਹੈ, ਪਰ ਕੁਝ ਸਮੇਂ ਲਈ ਮੂੰਹ, ਸੰਘ ਅਤੇ ਸਾਹ ਦੀ

• ਯੂਨੀਵਰਸਿਟੀ ਨੇ ਸਾਂਝੀਆਂ ਕੀਤੀਆਂ ਸਾਵਧਾਨੀਆਂ



ਨਾਲੀ ਵਿੱਚ ਜ਼ਖ਼ਮ ਹੋ ਸਕਦੇ ਹਨ, ਅਤੇ ਨਮੂਨੀਆ, ਅੰਗਾਂ ਦੀ ਸੋਜ ਆਦਿ ਦਾ ਕਾਰਣ ਬਣ ਸਕਦੇ ਹਨ। ਇਸ ਨਾਲ ਭੁੱਖ ਮਰਨੀ, ਥੁੱਕ ਡਿੱਗਣਾ, ਅੱਖਾਂ ਵਿੱਚੋਂ ਪਾਣੀ ਵਗਣਾ, ਨੱਕ ਵਿੱਚੋਂ ਪਾਣੀ ਵਗਣਾ ਅਤੇ ਦੁੱਧ ਉਤਪਾਦਨ ਵਿੱਚ ਭਾਰੀ ਕਮੀ ਆਉਂਦੀ ਹੈ। ਡਾ. ਰੰਧਾਵਾ ਨੇ ਕਿਹਾ ਕਿ ਕਿਉਂਕਿ ਇਹ ਇੱਕ ਲਾਗ ਬਿਮਾਰੀ ਹੈ, ਇਸਦਾ ਕੋਈ ਸਿੱਧਾ ਇਲਾਜ ਨਹੀਂ ਹੈ, ਹਾਲਾਂਕਿ ਬੁਖਾਰ ਵਾਲੇ ਜਾਨਵਰ ਨੂੰ ਸਥਾਨਕ ਪਸ਼ੂਆਂ ਦੇ ਡਾਕਟਰ ਨਾਲ ਸਲਾਹ-ਮਸ਼ਵਰਾ ਕਰਕੇ ਬਾਜ਼ਾਰ ਵਿੱਚ ਉਪਲਬਧ ਐਂਟੀਪਾਇਰੇਟਿਕਸ ਨਾਲ ਠੀਕ ਕੀਤਾ ਜਾ ਸਕਦਾ ਹੈ। ਜੇਕਰ ਬੁਖਾਰ ਬਣਿਆ ਰਹਿੰਦਾ ਹੈ ਜਾਂ ਜਾਨਵਰ ਨੱਕ ਰਾਹੀਂ ਸਾਹ ਲੈਣ ਦੇ ਸੰਕੇਤ ਦਿਖਾਉਂਦਾ ਹੈ, ਤਾਂ ਐਂਟੀਬਾਇਓਟਿਕਸ ਦੇਣ ਦੀ ਲੋੜ ਹੋ ਸਕਦੀ ਹੈ। ਨੇੜਲੇ ਜਾਨਵਰਾਂ ਵਿੱਚ ਬਿਮਾਰੀ ਦੇ ਫੈਲਣ ਨੂੰ ਰੋਕਣ ਲਈ ਬਿਮਾਰੀ ਦੀ ਲਾਗ ਕਾਬੂ ਕਰਨ ਵਾਲੀਆਂ ਰਣਨੀਤੀਆਂ ਦੀ ਸਖ਼ਤੀ ਨਾਲ ਪਾਲਣਾ ਕੀਤੀ ਜਾਣੀ ਚਾਹੀਦੀ ਹੈ।

ਡਾ. ਸੁਸ਼ਮਾ, ਮੁਖੀ, ਵੈਟਨਰੀ ਮੈਡੀਸਨ ਵਿਭਾਗ ਨੇ ਇਸ ਸਮੇਂ ਦੌਰਾਨ ਜਾਨਵਰਾਂ ਦੀ ਆਵਾਜਾਈ ਜਾਂ ਵਿਕਰੀ ਖਰੀਦ ਵਿੱਚ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ। ਪਸ਼ੂ ਪਾਲਣ ਵਿਭਾਗ ਵੱਲੋਂ ਇਸ ਬਿਮਾਰੀ ਵਿਰੁੱਧ ਟੀਕਾਕਰਨ ਮੁਹਿੰਮ ਵਿੱਚ ਸਹਿਯੋਗ ਕਰਨ ਅਤੇ ਆਪਣੇ ਸਿਹਤਮੰਦ ਜਾਨਵਰਾਂ ਦਾ ਟੀਕਾਕਰਨ ਕਰਨਾ ਵੀ ਜ਼ਰੂਰੀ ਹੈ । ਡਾ. ਸੁਸ਼ਮਾ ਨੇ ਅੱਗੇ ਦੱਸਿਆ ਕਿ ਇਹ ਬਿਮਾਰੀ ਪਸ਼ੂਆਂ ਤੋਂ ਮਨੁੱਖਾਂ ਨੂੰ ਹੋਣ ਵਾਲੀ ਪ੍ਰਕਿਰਤੀ ਦੀ ਨਹੀਂ ਹੈ ਅਤੇ ਦੁੱਧ ਸਹੀ ਢੰਗ ਨਾਲ ਉਬਾਲਣ/ਪਾਸਚੁਰਾਈਜ਼ ਕਰਨ ਤੋਂ ਬਾਅਦ ਸੇਵਨ ਲਈ ਸੁਰੱਖਿਅਤ ਹੈ।

ਇੱਥੇ ਇਹ ਦੱਸਣਾ ਵੀ ਢੁਕਵਾਂ ਹੈ ਕਿ ਯੂਨੀਵਰਸਿਟੀ 18-19 ਸਤੰਬਰ 2026 ਨੂੰ ÷ਜੈਵਿਕ ਸੁਰੱਖਿਆ ਨੂੰ ਮਜ਼ਬੂਤ ??ਕਰੋ-ਪਸ਼ੂਆਂ ਦੀਆਂ ਬਿਮਾਰੀਆਂ ਨੂੰ ਰੋਕੋ÷ ਵਿਸ਼ੇ 'ਤੇ ਪਸ਼ੂ ਪਾਲਣ ਮੇਲਾ ਆਯੋਜਿਤ ਕਰ ਰਹੀ ਹੈ ਤਾਂ ਜੋ ਪਸ਼ੂ ਪਾਲਕਾਂ ਨੂੰ ਜੈਵਿਕ ਸੁਰੱਖਿਆ ਉਪਾਵਾਂ ਬਾਰੇ ਜਾਗਰੂਕ ਕੀਤਾ ਜਾ ਸਕੇ।

ਲੁਧਿਆਣਾ ਵਿਖੇ ਬਾਬਾ ਸਾਹਿਬ ਦੀ ਪ੍ਰਤਿਮਾ ਦੀ ਬੇਅਦਬੀ ਦੀ ਸਖ਼ਤ ਨਿੰਦਾ

ਲੁਧਿਆਣਾ, 10 ਸਤੰਬਰ (ਪੈ.ਗਾਮ-ਏ-ਜਗਤ)

ਸੈਂਟਰਲ ਵਾਲਮੀਕਿ ਸਭਾ ਇੰਡੀਆ ਅਤੇ ਡਾ. ਭੀਮ ਰਾਓ ਅੰਬੇਡਕਰ ਵੈੱਲਫੇਅਰ ਸੁਸਾਇਟੀ ਪਟਿਆਲਾ ਵੱਲੋਂ ਲੁਧਿਆਣਾ ਵਿਖੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੀ ਪ੍ਰੀਤਮਾ (ਬੁੱਤ) ਤੇ ਸ਼ਰਾਰਤੀ ਅਨਸਰਾਂ ਵੱਲੋਂ ਕੀਤੀ ਗਈ ਬੇਅਦਬੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਸੀਨੀਅਰ ਦਲਿਤ ਆਗੂ ਰਾਜੇਸ਼ ਘਾਰੂ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਲੁਧਿਆਣਾ ਦੇ ਪੁਲਿਸ ਪ੍ਰਸ਼ਾਸਨ ਦੋਸ਼ੀਆਂ ਖਿਲਾਫ਼ ਸਖ਼ਤ



ਕਾਰਵਾਈ ਕੀਤੀ ਜਾਵੇ। ਇਸ ਮੌਕੇ ਡਾ. ਭੀਮ ਰਾਓ ਅੰਬੇਡਕਰ ਵੈੱਲਫੇਅਰ ਸੁਸਾਇਟੀ ਪਟਿਆਲਾ ਦੇ ਪ੍ਰਧਾਨ ਨਰੇਸ਼ ਕੁਮਾਰ ਬੋਬੀ ਤੇ ਚੇਅਰਮੈਨ ਰਾਮ ਚੰਦਰ ਟਾਂਕ ਨੇ ਇਸ ਘਟਨਾ ਦੀ ਨਿੰਦਾ ਕਰਦਿਆਂ ਕਿਹਾ ਕਿ ਦੋਸ਼ੀਆਂ ਵਿਰੁੱਧ ਕਾਰਵਾਈ ਯਕੀਨੀ ਬਣਾਈ ਜਾਵੇ ਤਾਂ ਜੋ ਪੰਜਾਬ ਦੇ ਵਿੱਚ ਭਾਈਚਾਰਕ ਸਾਂਝ ਤੇ ਅਮਨ ਸ਼ਾਂਤੀ ਕਾਇਮ ਰਹਿ ਸਕੇ ਹੋਰਨਾਂ ਤੋਂ ਇਲਾਵਾ ਇਸ ਮੌਕੇ ਦੀਪਕ ਟਿਵਾਣਾ ਵਾਇਸ ਪ੍ਰਧਾਨ, ਚੰਦੂ ਕਲਿਆਣ ਯੂਥ ਪ੍ਰਧਾਨ, ਸਤਨਾਮ ਸਿੰਘ, ਮੋਹਨ ਲਾਲ ਅਟਵਾਲ ਆਦਿ ਹਾਜ਼ਿਰ ਹੋਏ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਾਬਕਾ ਪ੍ਰਧਾਨ ਅਜ਼ਮੇਰ ਸਿੰਘ ਸਮਰਾ ਦੇ ਸਦੀਵੀ ਵਿਛੋੜੇ ਤੇ ਦੁੱਖ ਦਾ ਪ੍ਰਗਟਾਵਾ

ਪੈ.ਗਾਮ-ਏ-ਜਗਤ/ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਬੀਤੇ ਦਿਨੀਂ ਆਪਣੇਂ ਜੁਝਾਰੂ ਸਾਥੀਆਂ ਤੇ ਸਕੇ ਸਬੰਧੀਆਂ ਨੂੰ ਸਦੀਵੀ ਵਿਛੋੜਾ ਦੇ ਗਏ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਾਬਕਾ ਪ੍ਰਧਾਨ ਤੇ ਟਰੱਸਟੀ ਕਾਮਰੇਡ ਅਜਮੇਰ ਸਿੰਘ ਜੀ ਸਮਰਾ ਪ੍ਰਤੀ ਇਲਾਕਾ ਮਾਹਿਲਪੁਰ ਦੇ ਲੋਕਪੱਖੀ ਸੰਘਰਸ਼ਸ਼ੀਲ ਆਗੂਆਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਕਾਮਰੇਡ ਅਜਮੇਰ ਸਿੰਘ ਜੀ ਲੁਟੇਰੇ ਨਿਜ਼ਾਮ ਦਾ ਡੱਟ ਕੇ ਵਿਰੋਧ ਕਰਦੇ ਰਹੇ ਤੇ ਲੋਕ ਹਿੱਤਾਂ ਖਾਤਰ ਸੰਘਰਸਾਂ ਵਿੱਚ ਸਰਗਰਮ ਭੂਮਿਕਾ ਨਿਭਾਉਂਦੇ ਰਹੇ। ਉਨ੍ਹਾਂ ਦੇ ਵਿਛੋੜੇ ਨਾਲ ਪਰਿਵਾਰ ਤੇ ਸਮਾਜ ਨੂੰ ਬਹੁਤ ਵੱਡਾ ਘਾਟਾ ਪਿਆ। ਇਸ ਦੁਖਦਾਈ ਸਮੇਂ ਤੇ ਪਰਿਵਾਰ ਤੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਨਾਲ ਦੁੱਖ ਸਾਂਝਾ ਤੇ ਹਮਦਰਦੀ ਪ੍ਰਗਟ ਕਰਨ ਮੌਕੇ ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ, ਮੁਲਾਜ਼ਮ ਆਗੂ ਮਲਕੀਤ ਸਿੰਘ ਬਾਹੋਵਾਲ, ਮਾਸਟਰ ਅਵਤਾਰ ਸਿੰਘ ਲੰਗੇਰੀ,ਜਗਤਾਰ ਸਿੰਘ ਬਾਹੋਵਾਲ, ਸੁਖਦੇਵ ਸਿੰਘ ਸੰਘਾ,ਜਸਵਿੰਦਰ ਸਿੰਘ,ਕੁਲਦੀਪ ਸਿੰਘ, ਸੁਰਜੀਤ ਸਿੰਘ ਤੇ ਪ੍ਰਦੀਪ ਭਾਰਦਵਾਜ ਨੇ ਸ਼ਮੂਲੀਅਤ ਕੀਤੀ।



ਪ੍ਰਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਵਿਖੇ ਮਾਸਿਕ ਸ਼ਿਵਰਾਤਰੀ ਤੇ ਕ੍ਰਿਸ਼ਨ ਜੀ ਦੀ ਛੱਠੀ ਧੂਮਧਾਮ ਨਾਲ ਮਨਾਈ

ਚੰਡੀਗੜ੍ਹ, 10 ਸਤੰਬਰ (ਪੈ.ਗਾਮ-ਏ-ਜਗਤ)

ਮਾਸਿਕ ਸ਼ਿਵਰਾਤਰੀ ਵਾਲੇ ਦਿਨ ਸਹਿਯੋਗ ਨਾਲ ਕ੍ਰਿਸ਼ਨ ਜੀ ਦੀ ਛੱਠੀ ਪ੍ਰਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਵਿਖੇ ਬੜੀ ਧੂਮ ਧਾਮ ਨਾਲ ਮਨਾਈ ਗਈ।

ਸੁਧਾਰ ਸਭਾ ਸ੍ਰੀ ਕੇਦਾਰ ਨਾਥ ਜੀ ਰਜਿ: ਅਤੇ ਭਗਤਾਂ ਦੇ ਸਹਿਯੋਗ ਨਾਲ ਮਾਸਿਕ ਸ਼ਿਵਰਾਤਰੀ ਅਤੇ ਕ੍ਰਿਸ਼ਨ ਜੀ ਦੀ ਛੱਠੀ ਬੜੀ ਧੂਮ ਧਾਮ ਨਾਲ ਮਨਾਈ ਗਈ। ਇਸ ਮੌਕੇ ਸ਼ਾਮ ਨੂੰ 6:00 ਵਜੇ ਤੋਂ ਲੈ ਕੇ 8:00 ਵਜੇ ਤੱਕ ਸ਼ਿਵ ਮੰਡਲੀ ਦੁਆਰਾ ਸ਼ਿਵ ਜੀ ਦੀ ਭਜਨ ਅਤੇ ਕ੍ਰਿਸ਼ਨ ਜੀ ਦੀ ਬਾਲ ਲੀਲਾ ਤੇ ਵਿਸ਼ੇਸ਼ ਕੀਰਤਨ ਕੀਤਾ ਗਿਆ।



ਇਸ ਮੌਕੇ ਤੇ ਸੰਗਤਾਂ ਝੂਮ ਉੱਠੀਆਂ ਅਤੇ ਭਜਨਾਂ ਦਾ ਆਨੰਦ ਮਾਣਿਆ। ਇਸ ਮੌਕੇ ਸੁਧਾਰ ਸਭਾ ਨੇ ਕ੍ਰਿਸ਼ਨ ਜੀ ਦੇ ਮਨ ਭਾਉਂਦੇ ਪਕਵਾਨ ਜਿਵੇਂ ਕਿ ਕੜੀ ਚਾਵਲ ਆਦਿ ਦਾ ਅਤੁੱਟ ਲੰਗਰ ਵਰਤਿਆ। ਸੰਸਥਾਪਕ ਸਤਨਾਮ ਹਸੀਜਾ ਦੇ ਪਰਿਵਾਰ ਵਲੋਂ ਸੰਗਤਾਂ ਨੂੰ ਛੱਠੀ ਦੇ ਮੌਕੇ ਲੱਡੂ ਵੰਡੇ ਅਤੇ ਕਾਨਾਂ ਦੀ ਛੱਠੀ ਦੇ ਮੌਕੇ ਛੋਟੇ ਬੱਚਿਆਂ ਨੂੰ ਖਿਡੋਣੇ ਵੰਡੇ। ਇਸ ਮੌਕੇ ਪੂਰਨ ਖਜਾਨਚੀ ਵਲੋਂ ਬੱਚਿਆਂ ਨੂੰ ਚੋਕਲੇਟਾਂ ਵੰਡੀਆਂ। ਰਮੇਸ਼ ਕੁਮਾਰ ਅਰੋੜਾ ਗੋਲੂ ਵਲੋਂ ਰਬੜੀ ਵਾਲੀ ਕੁਲਫੀ ਅਤੇ ਆਇਸ ਕਰੀਮ ਬੱਚਿਆਂ ਅਤੇ ਸ਼ਰਧਾਲੂਆਂ ਨੂੰ ਅਤੁੱਟ ਵੰਡੀ ਗਈ। ਸੁਧਾਰ ਸਭਾ ਦੇ ਸਾਰੇ ਮੈਂਬਰਾਂ ਨੇ ਅਣਥੱਕ ਮਿਹਨਤ ਕਰਕੇ ਲੰਗਰ ਬਣਾਇਆ ਅਤੇ ਵਰਤਾਇਆ।

ਪ੍ਰਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਜੀ ਦੇ ਵਿਖੇ ਹੁਣ ਰੋਜਾਨਾ ਭਗਤਾਂ ਦੀ ਆਵਾਜਾਈ ਆਸਥਾ ਬਹੁਤ ਵੱਧ ਗਈ ਹੈ। ਜਿਹੜੇ ਵੀ ਵਾਰ ਤਿਉਹਾਰ ਪਹਿਲਾਂ ਨਹੀਂ ਮਨਾਏ ਜਾਂਦੇ ਸਨ ਅਤੇ ਹੁਣ ਸਾਰੇ ਵਾਰ ਤਿਉਹਾਰ ਮੰਦਿਰ ਵਿਖੇ ਮਨਾਏ ਜਾਂਦੇ ਹਨ। ਇਸ ਕਰਕੇ ਸੰਗਤਾਂ ਵਿੱਚ ਸ਼ਰਧਾਂ ਕਾਫੀ ਵੱਧੀ ਹੈ।

PEC ਵੱਲੋਂ ਪੇਟੈਂਟ ਖੋਜ ਅਤੇ ਡਰਾਫਟਿੰਗ 'ਤੇ ਲੈਕਚਰ ਆਯੋਜਿਤ

ਚੰਡੀਗੜ੍ਹ, 10 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਇੰਜੀਨੀਅਰਿੰਗ ਕਾਲਜ (ਡੀਮਡ ਟੂ ਬੀ ਯੂਨੀਵਰਸਿਟੀ), ਚੰਡੀਗੜ੍ਹ ਵੱਲੋਂ ਸੈਨੇਟ ਹਾਲ ਵਿਖੇ ਪੋਸਟਗ੍ਰੈਜੂਏਟ ਅਤੇ ਪੀਐਚ.ਡੀ. ਵਿਦਿਆਰਥੀਆਂ ਲਈ ਬੌਧਿਕ ਸੰਪਦਾ ਅਧਿਕਾਰ ਵਿਸ਼ੇ 'ਤੇ ਲੈਕਚਰਾਂ ਦੀ ਇੱਕ ਲੜੀ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਆਯੋਜਨ ਡੀਨ, ਸਪਾਂਸਰਡ ਰਿਸਰਚ ਅਤੇ ਇੰਡਸਟਰੀਅਲ ਕੰਸਲਟੈਂਸੀ ਦੇ ਦਫ਼ਤਰ ਵੱਲੋਂ ਕੀਤਾ ਗਿਆ। ਪ੍ਰੋਗਰਾਮ ਵਿੱਚ ਪ੍ਰੋ. ਉਮੇਸ਼ ਸ਼ਰਮਾ,



ਡੀਨ, SRIC ਅਤੇ ਪ੍ਰੋ. ਸੰਦੀਪ ਕੁਮਾਰ, ਐਸੋਸੀਏਟ ਡੀਨ, SRIC (IPR) ਦਾ ਸਹਿਯੋਗ ਰਿਹਾ। ਇਨ੍ਹਾਂ ਲੈਕਚਰਾਂ ਨੂੰ ਸ਼੍ਰੀਮਤੀ ਸੰਗੀਤਾ ਨਾਗਰ, ਸੀਨੀਅਰ ਸਾਇੰਟਿਸਟ, M/s S.S. Rana & Co., ਨਵੀਂ ਦਿੱਲੀ ਅਤੇ ਸ਼੍ਰੀਮਤੀ ਸੋਨੂ ਰਾਠੌਰ, ਚੀਫ਼ ਟੈਕਨੀਕਲ ਅਫ਼ਸਰ ਵੱਲੋਂ ਸੰਬੋਧਿਤ ਕੀਤਾ ਗਿਆ। ਸੈਸ਼ਨਾਂ ਦੌਰਾਨ ਪੇਟੈਂਟ ਖੋਜ, ਪੇਟੈਂਟ ਯੋਗਤਾ ਅਤੇ ਨਵੀਂਨਤਾ ਦਾ ਮੁਲਾਂਕਣ, ਅਤੇ ਯੂਨੀਵਰਸਿਟੀਆਂ ਅਤੇ ਖੋਜ ਤੇ ਵਿਕਾਸ ਸੰਸਥਾਵਾਂ ਲਈ ਪੇਟੈਂਟ ਡਰਾਫਟਿੰਗ ਦੀਆਂ ਬੁਨਿਆਦੀ ਜਾਣਕਾਰੀਆਂ ਵਰਗੇ ਵਿਸ਼ਿਆਂ 'ਤੇ ਚਰਚਾ ਕੀਤੀ ਗਈ। ਇਸ ਪ੍ਰੋਗਰਾਮ ਨੇ ਵਿਦਿਆਰਥੀਆਂ ਨੂੰ ਆਪਣੇ ਖੋਜ ਕਾਰਜਾਂ ਅਤੇ ਨਵੀਨਤਾਵਾਂ ਦੀ ਸੁਰੱਖਿਆ ਕਰਨ ਅਤੇ ਉਨ੍ਹਾਂ ਨੂੰ ਬੌਧਿਕ ਸੰਪਦਾ ਵਿੱਚ ਤਬਦੀਲ ਕਰਨ ਸਬੰਧੀ ਮਹੱਤਵਪੂਰਨ ਜਾਣਕਾਰੀ ਪ੍ਰਦਾਨ ਕੀਤੀ।

ਓਬੀਸੀ ਫਰੰਟ ਪੰਜਾਬ ਵੱਲੋਂ 27% ਰਿਜ਼ਰਵੇਸ਼ਨ ਲਾਗੂ ਕਰਨ ਦੇ ਲਈ ਦਿੱਤਾ ਗਿਆ ਮੰਗ ਪੱਤਰ

ਪਟਿਆਲਾ, 10 ਸਤੰਬਰ (ਪੈ.ਗਾਮ-ਏ-ਜਗਤ)

ਸ੍ ਮਲਕੀਤ ਸਿੰਘ ਥਿੰਦ ਚੇਅਰਮੈਨ ਬੀਸੀ ਵਿੰਗ ਪੰਜਾਬ ਵੱਲੋਂ ਸਰਕਟ ਹਾਊਸ ਪਟਿਆਲਾ ਵਿਖੇ ਮੀਟਿੰਗ ਕੀਤੀ ਗਈ ਮੀਟਿੰਗ ਵਿੱਚ ਵੱਖ-ਵੱਖ ਭਾਈਚਾਰਿਆਂ ਦੇ ਜਿੰਮੇਵਾਰ ਸਾਥੀਆਂ ਨੇ ਹਿੱਸਾ ਲਿਆ ਮੁੱਖ ਤੌਰ ਤੇ ਐਡਵੋਕੇਟ ਰਜਿੰਦਰ ਸਿੰਘ ਮੋਹਲ ਨੇ ਸਾਰੀ ਸਟੇਜ ਦੀ ਕਾਰਵਾਈ ਕਰਦੇ ਆਂ ਮਲਕੀਤ ਸਿੰਘ ਥਿੰਦ ਚੇਅਰਮੈਨ ਵੀਸੀ ਵਿੰਗ ਪੰਜਾਬ ਨੂੰ ਜੀ ਆਇਆ ਆਖਿਆ ਅਤੇ ਸਰੋਪਾ ਪਾ ਕੇ ਉਹਨਾਂ ਦਾ ਸਨਮਾਨ ਕੀਤਾ ਗਿਆ ਵੱਖ ਵੱਖ ਬੁਲਾਰਿਆਂ ਵੱਲੋਂ ਬੀਸੀ ਦੇ ਸਰਟੀਫਿਕੇਟ ਬਣਵਾਉਣ ਸਬੰਧੀ ਤੇ 27% ਰਿਜ਼ਰਵੇਸ਼ਨ ਬੈਕਵਰਡ ਕਲਾਸ ਲਈ ਲਾਗੂ ਕਰਨ ਦੀ ਗੱਲ ਕੀਤੀ ਸ. ਅਮਰਜੀਤ ਸਿੰਘ ਰਾਮਗੜੀਆ ਸਟੇਟ ਮੈਂਬਰ ਰਾਮਗੜੀਆ ਵੈਲਫੇਅਰ ਬੋਰਡ ਨੇ ਸਰ ਮਲਕੀਤ ਸਿੰਘ ਜੀ ਨੂੰ ਕਿਹਾ ਕਿ ਬੀਸੀ ਸਰਟੀਫਿਕੇਟ ਬਣਾਉਣ ਦੇ ਲਈ ਡੀਓ ਪੀਟੀ ਦੀਆਂ ਹਦਾਇਤਾਂ ਮੁਤਾਬਕ ਸਰਟੀਫਿਕੇਟ ਦਾ ਸਰਲੀਕਰਨ ਕੀਤਾ ਜਾਵੇ ਅਤੇ ਇੱਕ ਵਾਰ ਬਣਿਆ ਹੋਇਆ ਸਰਟੀਫਿਕੇਟ ਹੀ ਪੱਕੇ ਤੌਰ ਤੇ ਮੰਨਿਆ ਜਾਵੇ ਓਬੀਸੀ ਫਰੰਟ ਦੇ ਪ੍ਰਧਾਨ ਸਰਦਾਰ ਸੁਖਦੇਵ ਸਿੰਘ ਔਲਖ ਵੱਲੋਂ ਓਬੀਸੀ ਕਮਿਸ਼ਨ ਦੇ ਚੇਅਰਮੈਨ ਮਲਕੀਤ ਸਿੰਘ ਥਿੰਦ ਨੂੰ 27% ਰਿਜ਼ਰਵੇਸ਼ਨ ਲਾਗੂ ਕਰਨ ਦੇ ਲਈ ਮੰਗ ਪੱਤਰ ਸੌਂਪਿਆ ਗਿਆ ਸਾਰ ਮਲਕੀਤ ਸਿੰਘ ਥਿੰਦ ਚੇਅਰਮੈਨ ਸਾਹਿਬ ਨੇ ਆਪਣੇ ਸੰਬੋਧਨ ਵਿੱਚ ਬੀਸੀ ਵਰਗ ਨੂੰ ਆ ਰਹੀਆਂ ਮੁਸ਼ਕਿਲਾਂ ਹੱਲ ਕਰਨ ਦਾ ਭਰੋਸਾ ਦਿੱਤਾ ਅਤੇ ਵੀਸੀ ਵਿੰਗ ਨੂੰ ਮਿਲ ਰਹੀਆਂ ਸਹੂਲਤਾਂ ਬਾਰੇ ਜਾਣੂ ਕਰਵਾਇਆ ਅਤੇ ਜਲਦੀ ਹੀ ਫਾਰਮ ਦਾ ਸਰਲੀ ਕਰਨ ਦਾ ਭਰੋਸਾ ਦਿੱਤਾ ਗਿਆ ਉਨਾਂ ਨੇ ਹਰ ਇੱਕ ਡੀਸੀ ਆਫਿਸ ਦੇ ਵਿੱਚ ਓਬੀਸੀ ਵਰਗ ਤੇ ਬੀਸੀ ਵਰਗ ਦੇ ਲੋਕਾਂ ਨੂੰ ਮਿਲ ਰਹੀਆਂ ਸਹੂਲਤਾਂ ਦੇ ਫਲੈਕਸ ਬੋਰਡ ਬਣਾ ਕੇ ਦਫਤਰਾਂ ਦੇ ਵਿੱਚ ਲਾਉਣ ਲਈ ਏਡੀਸੀ ਪਟਿਆਲਾ ਨੂੰ ਵੀ ਹਦਾਇਤ ਕੀਤੀ ਗਈ ਇਸ ਸਮੇਂ ਜਗਦੀਸ਼ ਰਜੋਰੀਆ ਚੇਅਰਮੈਨ ਓਬੀਸੀ ਫਰੰਟ ਕਿਰਪਾਲ ਸਿੰਘ ਬਠੋਈ ਕਾਮਰੇਡ ਰਾਜ ਕਿਸ਼ਨ ਨੂਰ ਖੇੜੀਆਂ ਡਾਕਟਰ ਗਿਆਨ ਸਿੰਘ ਅਮਲੋਹ ਜਤਿੰਦਰ ਸਿੰਘ ਰਾਮਗੜੀਆ ਅਮਲੋਹ ਹਰਪਾਲ ਸਿੰਘ ਪਾਲੀ ਚੇਅਰਮੈਨ ਰਾਮਗੜੀਆ ਵੈਲਫੇਅਰ ਬੋਰਡ ਪਟਿਆਲਾ ਦਿਹਾਤੀ ਅਮਰਜੀਤ ਸੈਣੀ ਘਨੌਰ ਅਤੇ ਹੋਰ ਬਹੁਤ ਸਾਰੇ ਕੰਬੋਜ ਭਾਈਚਾਰੇ ਗੁੱਜਰ ਭਾਈਚਾਰੇ ਅਤੇ ਸੈਣੀ ਭਾਈਚਾਰੇ ਦੇ ਪਤਵੰਤੇ ਸੱਜਣ ਮੀਟਿੰਗ ਵਿੱਚ ਹਾਜ਼ਰ ਸਨ ਅੰਤ ਵਿੱਚ ਰਜਿੰਦਰ ਸਿੰਘ ਮੋਹਲ ਜੀ ਵੱਲੋਂ ਆਏ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ।

ਲੈਕਚਰਾਰ ਯੂਨੀਅਨ ਵੱਲੋਂ 2018 ਦੇ ਬਾਰਡਰ-ਨਾਨ ਬਾਰਡਰ ਨਿਯਮ ਰੱਦ ਕਰਨ ਦੀ ਮੰਗ

ਸਿੱਖਿਆ ਵਿਭਾਗ ਵਿੱਚ ਪ੍ਰਿੰਸੀਪਲਾਂ ਦੀਆਂ ਤਰੱਕੀਆਂ ਵਿੱਚ ਪੈ ਰਹੇ ਅੜਿੱਕੇ 'ਤੇ ਜਤਾਈ ਚਿੰਤਾ

ਚੰਡੀਗੜ੍ਹ, 10 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਗੌਰਮੈਂਟ ਸਕੂਲ ਲੈਕਚਰਾਰ ਯੂਨੀਅਨ ਦੀ ਅਹਿਮ ਮੀਟਿੰਗ ਸੂਬਾ ਪ੍ਰਧਾਨ ਸੰਜੀਵ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਲੈਕਚਰਾਰ ਕਾਡਰ ਨਾਲ ਸਬੰਧਤ ਮੌਜੂਦਾ ਮਸਲਿਆਂ 'ਤੇ ਵਿਚਾਰ-ਚਰਚਾ ਕੀਤੀ ਗਈ। ਸੂਬਾ ਪ੍ਰਧਾਨ ਸੰਜੀਵ ਕੁਮਾਰ ਨੇ ਕਿਹਾ ਕਿ ਸਿੱਖਿਆ ਵਿਭਾਗ ਵੱਲੋਂ ਸਾਲ 2018 ਵਿੱਚ ਵਿਭਾਗ ਨੂੰ ਬਾਰਡਰ ਏਰੀਆ ਅਤੇ ਨਾਨ-ਬਾਰਡਰ ਏਰੀਆ ਦੇ ਦੋ ਕਾਡਰਾਂ ਵਿੱਚ ਵੰਡਣ ਲਈ ਨਵੇਂ ਨਿਯਮ ਬਣਾਏ ਗਏ ਸਨ। ਉਨ੍ਹਾਂ ਦੋਸ਼ ਲਾਇਆ ਕਿ ਇਨ੍ਹਾਂ ਨਿਯਮਾਂ ਵਿੱਚ ਬਾਰਡਰ ਏਰੀਆ ਦੀਆਂ ਹੱਦਾਂ, ਵਿੱਤੀ ਬੋਝ, ਕਰਮਚਾਰੀਆਂ ਦੀਆਂ ਸਹੂਲਤਾਂ ਅਤੇ ਵੰਡ ਤੋਂ ਪੈਦਾ ਹੋਣ ਵਾਲੀਆਂ ਸਮੱਸਿਆਵਾਂ ਨੂੰ ਢੁਕਵੇਂ ਢੰਗ ਨਾਲ ਨਹੀਂ ਵਿਚਾਰਿਆ ਗਿਆ।

ਉਨ੍ਹਾਂ ਕਿਹਾ ਕਿ ਨਿਯਮਾਂ ਅਨੁਸਾਰ 3 ਮਹੀਨਿਆਂ ਦੇ ਅੰਦਰ ਅਧਿਕਾਰੀਆਂ ਅਤੇ ਕਰਮਚਾਰੀਆਂ ਤੋਂ ਆਪਸ਼ਨ ਲੈ ਕੇ ਬਾਰਡਰ ਕਾਡਰ ਬਣਾਇਆ ਜਾਣਾ ਸੀ, ਪਰ ਨਿਯਮ ਲਾਗੂ ਹੋਣ ਤੋਂ ਬਾਅਦ ਹੋਈਆਂ ਭਰਤੀਆਂ ਅਤੇ ਪਦ-ਉਂਨਤੀਆਂ 'ਤੇ ਇਨ੍ਹਾਂ ਨੂੰ ਲਾਗੂ ਕਰਨ ਤੋਂ ਗੁਰੇਜ਼ ਕੀਤਾ ਗਿਆ। ਉਨ੍ਹਾਂ ਅਨੁਸਾਰ



ਬਾਰਡਰ ਏਰੀਆ ਚੁਣਨ ਵਾਲੇ ਕਰਮਚਾਰੀਆਂ ਨੂੰ ਵਾਧੂ ਇੰਕਰੀਮੈਂਟ ਦੇਣ ਦੀ ਤਜਵੀਜ਼ ਵੀ ਵਿੱਤ ਵਿਭਾਗ ਵੱਲੋਂ ਰੱਦ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਬਾਰਡਰ ਏਰੀਆ ਦੇ ਨਾਂ 'ਤੇ ਹੋਈਆਂ ਭਰਤੀਆਂ ਕਾਰਨ ਕਈ ਉੱਚ ਯੋਗਤਾ ਵਾਲੇ ਉਮੀਦਵਾਰ ਅਪਲਾਈ ਕਰਨ ਤੋਂ ਵਾਂਝੇ ਰਹਿ ਗਏ। ਸੂਬਾ ਜਨਰਲ ਸਕੱਤਰ ਬਲਰਾਜ ਸਿੰਘ ਬਾਜਵਾ ਨੇ ਕਿਹਾ ਕਿ 2018 ਦੇ ਨਿਯਮ ਲਾਗੂ ਹੋਣ ਤੋਂ ਬਾਅਦ ਜਨਰਲ ਕਾਡਰ ਵਿੱਚ ਨਿਯੁਕਤ ਹੋਏ ਕਰਮਚਾਰੀਆਂ ਵੱਲੋਂ ਵੱਖਰੇ ਕਾਡਰ ਦੀ ਮੰਗ ਦੇ ਆਧਾਰ 'ਤੇ ਵੀ ਵਿਚਾਰ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬਾਰਡਰ ਏਰੀਏ ਵਿੱਚ ਭਰਤੀ ਹੋਏ ਕਰਮਚਾਰੀਆਂ ਵਿੱਚੋਂ ਇਸ ਸਮੇਂ ਕਿੰਨੇ ਕਰਮਚਾਰੀ ਉੱਥੇ ਹੀ ਸੇਵਾ ਨਿਭਾ ਰਹੇ ਹਨ, ਇਸ ਦਾ ਸਰਵੇ ਕਰਵਾਇਆ ਜਾਣਾ ਚਾਹੀਦਾ ਹੈ। ਸੂਬਾ ਸਕੱਤਰ ਜਨਰਲ ਰਵਿੰਦਰਪਾਲ ਸਿੰਘ ਨੇ ਕਿਹਾ ਕਿ ਇਨ੍ਹਾਂ ਨਿਯਮਾਂ ਕਾਰਨ ਵਿਭਾਗ ਨੂੰ ਲਗਾਤਾਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਨਿਯਮਾਂ 'ਤੇ ਲੱਗੀ ਰੋਕ ਕਾਰਨ ਪ੍ਰਿੰਸੀਪਲਾਂ ਦੀਆਂ ਤਰੱਕੀਆਂ ਵੀ ਰੁਕੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਇਸ ਰੋਕ ਕਾਰਨ ਵਿਭਾਗੀ ਕੰਮ ਪ੍ਰਭਾਵਿਤ ਹੋ ਰਿਹਾ ਹੈ ਅਤੇ ਸੀਨੀਅਰ ਕਰਮਚਾਰੀਆਂ ਦੀਆਂ ਤਰੱਕੀਆਂ ਵਿੱਚ ਦੇਰੀ ਹੋ ਰਹੀ ਹੈ।

ਅਮਰਜੀਤ ਸਿੰਘ ਵਾਲੀਆ ਅਤੇ ਜਸਪਾਲ ਸਿੰਘ ਵਾਲੀਆ ਨੇ ਕਿਹਾ ਕਿ ਇਨ੍ਹਾਂ ਨਿਯਮਾਂ ਨੂੰ ਲਾਗੂ ਕਰਨਾ ਬਹੁਤ ਦੁਸ਼ਵਾਰੀ ਭਰਿਆ ਕੰਮ ਹੋਵੇਗਾ। ਇਸ ਲਈ ਆਪਸ਼ਨ ਦੇਣ ਵਾਲੇ ਕਰਮਚਾਰੀਆਂ ਨੂੰ ਬਾਰਡਰ ਕਾਡਰ ਵਿੱਚ ਮਰਜ ਕਰਨ ਦੇ ਨਾਲ ਨਵੇਂ ਰੋਸਟਰ ਅਤੇ ਸੀਨੀਅਰਤਾ ਸੂਚੀਆਂ ਤਿਆਰ ਕਰਨੀਆਂ ਪੈਣਗੀਆਂ। ਇਸ ਪ੍ਰਕਿਰਿਆ ਵਿੱਚ ਲੰਮਾ ਸਮਾਂ ਲੱਗਣ ਦੇ ਨਾਲ ਕਈ ਨਵੀਆਂ ਚੁਣੌਤੀਆਂ ਪੈਦਾ ਹੋ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਵਿਭਾਗ ਵਿੱਚ ਪ੍ਰਿੰਸੀਪਲਾਂ ਦੀਆਂ ਲਗਭਗ 50 ਤੋਂ 60 ਫੀਸਦੀ ਅਸਾਮੀਆਂ ਖਾਲੀ ਹਨ, ਜਿਸ ਨਾਲ ਵਿਦਿਆਰਥੀਆਂ ਦੀ ਸਿੱਖਿਆ ਪ੍ਰਭਾਵਿਤ ਹੋ ਰਹੀ ਹੈ।

ਅਵਤਾਰ ਸਿੰਘ ਅਤੇ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਇਨ੍ਹਾਂ ਨਿਯਮਾਂ ਕਾਰਨ ਸਿੱਖਿਆ ਵਿਭਾਗ ਦੇ ਵੱਖ-ਵੱਖ ਕਾਡਰਾਂ ਦੀਆਂ ਭਰਤੀਆਂ ਅਤੇ ਤਰੱਕੀਆਂ ਪ੍ਰਭਾਵਿਤ ਹੋ ਰਹੀਆਂ ਹਨ। ਜੇਕਰ ਬਾਰਡਰ ਏਰੀਆ ਦੇ ਕਰਮਚਾਰੀਆਂ ਨੂੰ ਕੋਈ ਵਿੱਤੀ ਲਾਭ ਨਹੀਂ ਦਿੱਤਾ ਜਾਣਾ ਤਾਂ ਇਸ ਵੰਡ ਦਾ ਮਕਸਦ ਵੀ ਸਪੱਸ਼ਟ ਨਹੀਂ ਰਹਿੰਦਾ।

ਸੂਬਾ ਪ੍ਰੈਸ ਸਕੱਤਰ ਰਣਬੀਰ ਸਿੰਘ ਸੋਹਲ ਨੇ ਕਿਹਾ ਕਿ ਸਰਕਾਰ ਤਰੱਕੀਆਂ ਕਰਨਾ ਚਾਹੁੰਦੀ ਹੈ, ਪਰ 2018 ਦੇ ਨਿਯਮ ਇਸ ਵਿੱਚ ਵੱਡਾ ਅੜਿੱਕਾ ਬਣ ਰਹੇ ਹਨ। ਯੂਨੀਅਨ ਨੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਸਿੱਖਿਆ ਸਕੱਤਰ ਸੋਨਾਲੀ ਗਿਰਿ ਤੋਂ ਮੰਗ ਕੀਤੀ ਕਿ 2018 ਦੇ ਬਾਰਡਰ-ਨਾਨ ਬਾਰਡਰ ਏਰੀਆ ਸਬੰਧੀ ਨਿਯਮਾਂ ਨੂੰ ਤੁਰੰਤ ਰੱਦ ਕੀਤਾ ਜਾਵੇ, ਕਿਉਂਕਿ ਉਨ੍ਹਾਂ ਅਨੁਸਾਰ ਇਹ ਨਿਯਮ ਵਿਭਾਗ ਅਤੇ ਕਰਮਚਾਰੀਆਂ ਲਈ ਲਾਭਦਾਇਕ ਹੋਣ ਦੀ ਬਜਾਏ ਨਵੀਆਂ ਸਮੱਸਿਆਵਾਂ ਪੈਦਾ ਕਰ ਰਹੇ ਹਨ।

ਮਿਸ਼ਨ ਕਲੀਨ ਪੰਜਾਬ ਤਹਿਤ ਨਗਰ ਕੌਂਸਲ ਫਿਰੋਜ਼ਪੁਰ ਵੱਲੋਂ ਕਰਵਾਈ ਗਈ ਬਰਸਾਤੀਆਂ ਦੀ ਸਫਾਈ

ਪੈ.ਗਾਮ-ਏ-ਜਗਤ/ਫਿਰੋਜ਼ਪੁਰ
10 ਸਤੰਬਰ (ਗੁਰਮੇਜ ਸਿੰਘ)

ਪੰਜਾਬ ਸਰਕਾਰ ਦੁਆਰਾ ਚਲਾਈ ਜਾ ਰਹੀ ਮਿਸ਼ਨ ਕਲੀਨ ਪੰਜਾਬ ਤਹਿਤ ਮਾਨਯੋਗ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੀਪਸ਼ਿਖਾ ਸ਼ਰਮਾ ਅਤੇ ਵਧੀਕ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਡਾ. ਅਮਨਦੀਪ ਕੌਰ ਵੱਲੋਂ ਹੋਈਆਂ ਹਦਾਇਤਾਂ ਅਨੁਸਾਰ ਅੱਜ ਨਗਰ ਕੌਂਸਲ ਫਿਰੋਜ਼ਪੁਰ ਵੱਲੋਂ ਸ਼ਹਿਰ ਦੇ ਵੱਖ ਵੱਖ ਸਥਾਨਾਂ ਦੀਆਂ ਬਰਸਾਤੀਆਂ ਦੀ ਸਫਾਈ ਕਰਵਾਈ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਾਰਜ ਸਾਧਕ ਅਫਸਰ ਨਰਿੰਦਰ ਕੁਮਾਰ ਅਤੇ ਸੁਪਰਡੈਂਟ ਸੈਨੀਟੇਸ਼ਨ ਸੁਖਪਾਲ ਸਿੰਘ ਵੱਲੋਂ ਸਾਂਝੀ ਤੌਰ ਤੇ ਦੱਸਿਆ ਕਿ ਇੱਕ ਵਿਸ਼ੇਸ਼ ਸ਼ੈਡਿਊਲ ਅਨੁਸਾਰ ਨਗਰ ਕੌਂਸਲ ਫਿਰੋਜ਼ਪੁਰ ਵੱਲੋਂ ਰੋਜ਼ਾਨਾ ਸ਼ਹਿਰ ਦੇ ਵੱਖ-ਵੱਖ ਸਥਾਨਾਂ ਤੇ ਬਰਸਾਤੀਆਂ ਦੀ ਸਫਾਈ ਕਰਵਾਈ ਗਈ । ਇਸ ਮੌਕੇ ਡਾ. ਸੁਖਪਾਲ ਸਿੰਘ ਸੈਂਟਰਰੀ ਸੁਪਰਡੈਂਟ ਵੱਲੋਂ ਦੱਸਿਆ ਗਿਆ ਕਿ ਬਰਸਾਤ ਦੇ ਮੌਸਮ ਨੂੰ ਮੁੱਖ ਰੱਖਦੇ ਹੋਏ ਮਿਸ਼ਨ ਕਲੀਨ ਪੰਜਾਬ ਤਹਿਤ



ਸ਼ਹਿਰ ਵਿੱਚ ਵੱਖ-ਵੱਖ ਸਥਾਨਾਂ ਦੀਆਂ ਬਰਸਾਤੀਆਂ ਵਿੱਚੋਂ ਮਿੱਟੀ ਕਢਵਾਈ ਜਾ ਰਹੀ ਹੈ ਤਾਂ ਜੋ ਬਰਸਾਤ ਆਉਣ ਤੇ ਕਿਸੇ ਤਰ੍ਹਾਂ ਦਾ ਪਾਣੀ ਜਮਾ ਨਾ ਹੋਣ ਦਾ ਖਤਰਾ ਨਹੀਂ ਰਹੇਗਾ ਅਤੇ ਨਾ ਹੀ ਡੇਂਗੂ ਜਾ ਮਲੇਰੀਆ ਆਦਿ ਦਾ ਲਾਰਵਾ ਬਣਨ ਦਾ ਖਦਸ਼ਾ ਪੈਦਾ ਹੋਵੇਗਾ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੁਪਰਡੈਂਟ ਸੈਨੀਟੇਸ਼ਨ ਸੁਖਪਾਲ ਸਿੰਘ ਵੱਲੋਂ ਦੱਸਿਆ ਗਿਆ ਕਿ ਸ਼ਹਿਰ ਵਾਸੀਆਂ ਨੂੰ ਅਪੀਲ ਹੈ ਕਿ ਉਸ ਵਿਸ਼ੇਸ਼ ਮੁਹਿੰਮ ਤਹਿਤ ਨਗਰ ਕੌਂਸਲ ਫਿਰੋਜ਼ਪੁਰ ਨੂੰ ਆਪਣਾ ਸਹਿਯੋਗ ਦੇਣ ਆਪਣੇ ਆਲੇ ਦੁਆਲੇ ਸਾਫ ਸਫਾਈ ਰੱਖਣ ਘਰ ਦੀ ਸਫਾਈ ਕਰਦੇ ਸਮੇਂ ਘਰ ਦੇ ਝਾੜੂ ਤੋਂ ਨਿਕਲੀ ਧੂੜ ਮਿੱਟੀ ਆਦਿ ਬਰਸਾਤੀਆਂ ਵਿੱਚ ਨਾ ਸੁੱਟਣ ਅਤੇ ਨਾ ਹੀ ਕਿਸੇ ਤਰ੍ਹਾਂ ਦਾ ਪੋਚਾ ਲਗਾ ਕੇ ਮਿੱਟੀ ਵਾਲਾ ਪਾਣੀ ਬਰਸਾਤੀ ਵਿੱਚ ਰੋੜਾ ਜਾਏ ਤਾਂ ਜੋ ਬਰਸਾਤੀਆਂ ਸਾਫ ਰਹਿਣ ਕਿਸੇ ਤਰ੍ਹਾਂ ਦੀ ਇਸ ਵਿੱਚ ਮਿੱਟੀ ਨਾ ਜਮਾ ਹੋਵੇ।

ਐਸ ਮੌਕੇ ਸੈਂਨਟਰੀ ਇੰਸਪੈਕਟਰ ਸ਼੍ਰੀ ਰੁਸਤਮ ਸ਼ੇਰ ਸੋਢੀ, ਸੰਬੰਧਿਤ ਸੈਨਟਰੀ ਮੇਟ ਤੋਂ ਇਲਾਵਾ ਪ੍ਰੋਗਰਾਮ ਕੋਆਰਡੀਨੇਟਰ ਗੁਰਦੇਵ ਸਿੰਘ ਖਾਲਸਾ, ਸੁਮਨ ਰਾਣੀ, ਸਿਮਰਨਜੀਤ ਸਿੰਘ ਅਤੇ ਮੋਟੀਵੇਟਰ ਮੌਜੂਦ ਸਨ।

ਪੀਜੀਆਈ ਚੰਡੀਗੜ੍ਹ ਵਿਖੇ ਨਵੀਨਤਾਕਾਰੀ ਸਿਹਤ ਸੰਭਾਲ ਅਭਿਆਸ ਕੇਂਦਰ ਵਿੱਚ ਰਹੇ



ਚੰਡੀਗੜ੍ਹ, 10 ਸਤੰਬਰ (ਪੈ.ਗਾਮ-ਏ-ਜਗਤ)

ਜਨਤਕ ਸਿਹਤ ਵਿੱਚ ਸਫਲਤਾ ਦੀ ਕੁੰਜੀ ਨਵੀਨਤਾ ਅਤੇ ਇਸਦੇ ਪ੍ਰਭਾਵਸ਼ਾਲੀ ਲਾਗੂਕਰਨ ਵਿੱਚ ਹੈ, ਇਹ ਗੱਲ ਡਾ. ਨਵਨੀਤ ਧਾਲੀਵਾਲ, ਐਡੀਸ਼ਨਲ ਪ੍ਰੋਫੈਸਰ-ਕਮ-ਜੁਆਇੰਟ ਮੈਡੀਕਲ ਸੁਪਰਡੈਂਟ, ਪੀਜੀਆਈਐਮਈਆਰ, ਚੰਡੀਗੜ੍ਹ ਨੇ 25 ਦੇਸ਼ਾਂ ਦੇ 45 ਅੰਤਰਰਾਸ਼ਟਰੀ ਡੈਲੀਗੇਟਾਂ ਦੇ ਫੀਲਡ ਦੌਰੇ ਦੌਰਾਨ ਗ੍ਰੀਨ ਹਸਪਤਾਲ ਦੀ ਧਾਰਨਾ ਬਾਰੇ ਡੈਲੀਗੇਟਾਂ ਨੂੰ ਜਾਣਕਾਰੀ ਦਿੰਦਿਆਂ ਕਹੀ, ਜੋ ਪੀਜੀਆਈਐਮਈਆਰ, ਚੰਡੀਗੜ੍ਹ ਵੱਲੋਂ ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਦੇ ਭਾਰਤੀ ਤਕਨੀਕੀ ਅਤੇ ਆਰਥਿਕ ਸਹਿਯੋਗ ਪ੍ਰੋਗਰਾਮ ਦੇ ਸਹਿਯੋਗ ਨਾਲ ਆਯੋਜਿਤ 8ਵੇਂ ਪਬਲਿਕ ਹੈਲਥ ਪਾਲਿਸੀ ਐਂਡ ਮੈਨੇਜਮੈਂਟ ਪ੍ਰੋਗਰਾਮ ਵਿੱਚ ਹਿੱਸਾ ਲੈ ਰਹੇ ਸਨ।

ਪੀਜੀਆਈਐਮਈਆਰ ਨੇ ਨਾਗਰਿਕਾਂ ਨੂੰ ਅਤਿ-ਆਧੁਨਿਕ ਡਿਜੀਟਲ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ ਅਤੇ ਡਿਜੀਟਲ ਹੈਲਥ ਮਿਸ਼ਨ ਲਈ ਇੱਕ ਮੋਹਰੀ ਵਜੋਂ ਉੱਭਰਿਆ ਹੈ, ਇਹ ਗੱਲ ਡਾ. ਸੋਨੂੰ ਗੋਇਲ, ਪ੍ਰੋਗਰਾਮ ਡਾਇਰੈਕਟਰ ਨੇ ਕਹੀ। ਉਨ੍ਹਾਂ ਅੱਗੇ ਕਿਹਾ ਕਿ, ਪਿਛਲੇ ਇੱਕ ਦਹਾਕੇ ਵਿੱਚ, 1,800 ਤੋਂ ਵੱਧ ਪੇਸ਼ੇਵਰਾਂ ਤੱਕ ਪ੍ਰੋਗਰਾਮ ਦੀ ਸਫਲ ਪਹੁੰਚ ਨੇ ਭਾਗੀਦਾਰਾਂ ਨੂੰ ਪੀਜੀਆਈਐਮਈਆਰ ਦੇ ਸਭ ਤੋਂ ਵਧੀਆ ਅਭਿਆਸਾਂ ਬਾਰੇ ਸਮਝ ਪ੍ਰਾਪਤ ਕਰਨ ਅਤੇ ਆਪਣੇ-ਆਪਣੇ ਦੇਸ਼ਾਂ ਵਿੱਚ ਉਨ੍ਹਾਂ ਨੂੰ ਦੁਹਰਾਉਣ ਦੀ ਖੋਜ ਕਰਨ ਦੇ ਯੋਗ ਬਣਾਇਆ ਹੈ। ਪੀਜੀਆਈਐਮਈਆਰ, ਚੰਡੀਗੜ੍ਹ ਦੇ ਫੀਲਡ ਦੌਰੇ ਦੌਰਾਨ, ਡੈਲੀਗੇਟਾਂ ਨੇ ਕਈ ਅਤਿ-ਆਧੁਨਿਕ ਅਭਿਆਸਾਂ ਨੂੰ ਵੇਖਿਆ, ਜਿਸ ਵਿੱਚ ਟੈਲੀ-ਐਵੀਡੈਂਸ ਸਹੂਲਤ, ਜੋ ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਹੈ, ਜੋ ਡਾਕਟਰਾਂ ਨੂੰ ਅਦਾਲਤ ਵਿੱਚ ਉਨ੍ਹਾਂ ਦੀ ਸਰੀਰਕ ਮੌਜੂਦਗੀ ਦੀ ਲੋੜ ਦੀ ਬਜਾਏ ਵੀਡੀਓ ਕਾਨਫਰੰਸਿੰਗ ਰਾਹੀਂ ਗਵਾਹੀ ਦੇਣ ਦੇ ਯੋਗ ਬਣਾਉਂਦੀ ਹੈ। ਇਸ ਸਹੂਲਤ ਦੇ ਨਤੀਜੇ ਵਜੋਂ ਦੋ ਸਾਲਾਂ ਦੀ ਮਿਆਦ ਵਿੱਚ 1.92 ਕਰੋੜ ਦੀ ਬਚਤ ਹੋਈ ਹੈ, ਇਸ ਤੋਂ ਇਲਾਵਾ ਡਾਕਟਰਾਂ ਦੇ ਲਗਭਗ 30,000 ਘੰਟਿਆਂ ਦੇ ਸਮੇਂ ਦੀ ਵੀ ਬਚਤ ਹੋਈ ਹੈ, ਇਹ ਗੱਲ ਟੈਲੀ-ਐਵੀਡੈਂਸ ਦੇ ਕੰਸਲਟੈਂਟ ਨੇ ਸਾਂਝੀ ਕੀਤੀ। ਟੈਲੀਮੈਡੀਸਨ ਦੇ ਨਵੀਨਤਾਕਾਰੀ ਅਭਿਆਸ ਦਾ ਵੀ ਪ੍ਰਦਰਸ਼ਨ ਕੀਤਾ ਗਿਆ। ਇਹ ਸੇਵਾ ਗੁਆਂਢੀ ਰਾਜਾਂ ਅਤੇ ਸਾਰਕ ਦੇਸ਼ਾਂ ਨਾਲ ਜੁੜੀ ਹੋਈ ਹੈ, ਜੋ ਬੁਨਿਆਦੀ ਅਤੇ ਬਹੁਤ ਹੀ ਵਿਸ਼ੇਸ਼ ਸਿਹਤ ਸੇਵਾਵਾਂ ਤੱਕ ਪਹੁੰਚ ਦੀ ਸਹੂਲਤ ਦਿੰਦੀ ਹੈ।

ਡੈਲੀਗੇਟਾਂ ਨੇ ਗ੍ਰੀਨ ਹਸਪਤਾਲ ਦੇ ਦੌਰੇ ਦੀ ਵੀ ਸ਼ਲਾਘਾ ਕੀਤੀ, ਜੋ ਦੇਸ਼ ਦਾ ਪਹਿਲਾ ਸਰਕਾਰੀ ਹਸਪਤਾਲ ਹੈ ਜਿਸ ਨੂੰ ਇੰਡੀਅਨ ਗ੍ਰੀਨ ਬਿਲਡਿੰਗ ਕੌਂਸਲ ਤੋਂ ਵੱਕਾਰੀ ਪਲੈਟੀਨਮ ਰੇਟਿੰਗ ਅਵਾਰਡ ਪ੍ਰਾਪਤ ਹੋਇਆ ਹੈ। ਉਨ੍ਹਾਂ ਨੂੰ ਰੀਜਨਲ ਆਰਗਨ ਐਂਡ ਟਿਸ਼ੂ ਟ੍ਰਾਂਸਪਲਾਂਟ ਆਰਗੇਨਾਈਜ਼ੇਸ਼ਨ, ਇੱਕ ਰਾਸ਼ਟਰੀ ਪੁਰਸਕਾਰ ਜੇਤੂ ਕੇਂਦਰ*** ਬਾਰੇ ਵੀ ਜਾਣਕਾਰੀ ਦਿੱਤੀ ਗਈ। ਭਾਗੀਦਾਰਾਂ ਨੇ ਕਿਹਾ ਕਿ ਇਸ ਦੌਰੇ ਨੇ ਅੰਤਰ-ਦੇਸ਼ੀ ਸਿੱਖਣ, ਤਜ਼ਰਬਿਆਂ ਦੇ ਆਦਾਨ-ਪ੍ਰਦਾਨ ਅਤੇ ਜਨਤਕ ਸਿਹਤ ਵਿੱਚ ਅੰਤਰਰਾਸ਼ਟਰੀ ਸਹਿਯੋਗ ਨੂੰ ਮਜ਼ਬੂਤ ਕਰਨ ਲਈ ਇੱਕ ਮਹੱਤਵਪੂਰਨ ਪਲੇਟਫਾਰਮ ਪ੍ਰਦਾਨ ਕੀਤਾ। ਇਹ ਪ੍ਰੋਗਰਾਮ 2016 ਤੋਂ ਭਾਈਵਾਲ ਦੇਸ਼ਾਂ ਨਾਲ ਆਪਣੇ ਸਿਹਤ-ਪ੍ਰਣਾਲੀ ਦੇ ਤਜ਼ਰਬਿਆਂ, ਨਵੀਨਤਾਵਾਂ ਅਤੇ ਸਭ ਤੋਂ ਵਧੀਆ ਅਭਿਆਸਾਂ ਨੂੰ ਸਾਂਝਾ ਕਰਨ ਲਈ ਭਾਰਤ ਦੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਆਰਬੀਯੂ ਵੱਲੋਂ ਆਰਬਿਟਰੇਸ਼ਨ, ਤਕਨਾਲੋਜੀ ਤੇ ਵਿਸ਼ਵ ਨਿਆਂ ਬਾਰੇ ਅੰਤਰਰਾਸ਼ਟਰੀ ਕਾਨਫਰੰਸ



ਚੰਡੀਗੜ੍ਹ, 10 ਸਤੰਬਰ (ਪੈ.ਗਾਮ-ਏ-ਜਗਤ)

ਰਿਆਤ ਬਾਹਰਾ ਯੂਨੀਵਰਸਿਟੀ (ਆਰਬੀਯੂ) ਦੇ ਸਕੂਲ ਆਫ਼ ਲਾਅ ਵੱਲੋਂ ਇੰਡੀਅਨ ਇੰਸਟੀਚਿਊਟ ਆਫ਼ ਆਰਬਿਟਰੇਸ਼ਨ ਐਂਡ ਮੈਡੀਏਸ਼ਨ (ਆਈਆਈਏਸੀ), ਨਵੀਂ ਦਿੱਲੀ ਦੇ ਸਹਿਯੋਗ ਨਾਲ 'ਆਰਬਿਟਰੇਸ਼ਨ, ਤਕਨਾਲੋਜੀ ਅਤੇ ਗਲੋਬਲ ਜਸਟਿਸ' ਵਿਸ਼ੇ 'ਤੇ ਦੋ-ਰੋਜ਼ਾ ਅੰਤਰਰਾਸ਼ਟਰੀ ਕਾਨਫਰੰਸ ਹਾਈਬ੍ਰਿਡ ਮੋਡ ਵਿੱਚ ਕਰਵਾਈ ਗਈ। ਪ੍ਰੋ. (ਡਾ.) ਅਖਿਲੇਸ਼ ਕੁਮਾਰ, ਡੀਨ, ਯੂਐਸਐਲ ਨੇ ਦੱਸਿਆ ਕਿ ਕਾਨਫਰੰਸ ਵਿੱਚ ਭਾਰਤ ਅਤੇ ਵਿਦੇਸ਼ਾਂ ਤੋਂ ਜੱਜਾਂ, ਅਕਾਦਮਿਕ ਮਾਹਿਰਾਂ, ਕਾਨੂੰਨੀ ਮਾਹਿਰਾਂ, ਉਦਯੋਗਿਕ ਆਗੂਆਂ ਅਤੇ 60 ਤੋਂ ਵੱਧ ਲੇਖਕਾਂ ਨੇ ਹਿੱਸਾ ਲਿਆ। ਇਸ ਦੌਰਾਨ ਆਰਬਿਟਰੇਸ਼ਨ ਵਿੱਚ ਤਕਨਾਲੋਜੀ ਦੀ ਵਧ ਰਹੀ ਭੂਮਿਕਾ ਅਤੇ ਤਕਨਾਲੋਜੀ ਰਾਹੀਂ ਮਨੁੱਖੀ ਪੱਖ ਨੂੰ ਕਾਇਮ ਰੱਖਦਿਆਂ ਨਿਆਂ ਦੀ ਪ੍ਰਕਿਰਿਆ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।

- **ਤਕਨਾਲੋਜੀ ਨੂੰ ਨਿਆਂ ਦੀ ਸੇਵਾ ਕਰਨੀ ਚਾਹੀਦੀ ਹੈ, ਮਨੁੱਖੀ ਫੈਸਲੇ ਦੀ ਥਾਂ ਨਹੀਂ ਲੈਣੀ ਚਾਹੀਦੀ : ਜਸਟਿਸ ਸ਼ਰਮਾ**

ਉਦਘਾਟਨੀ ਸੈਸ਼ਨ ਵਿੱਚ ਉੱਤਰਾਖੰਡ ਹਾਈ ਕੋਰਟ ਦੇ ਸਾਬਕਾ ਕਾਰਜਕਾਰੀ ਮੁੱਖ ਜਸਟਿਸ ਜਸਟਿਸ ਰਾਜੀਵ ਸ਼ਰਮਾ (ਸੇਵਾਮੁਕਤ) ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਆਰਬਿਟਰੇਸ਼ਨ ਨੂੰ "ਨਿਆਂ ਦਾ ਭਵਿੱਖ"ਕਰਾਰ ਦਿੰਦਿਆਂ ਤਕਨਾਲੋਜੀ 'ਤੇ ਹੱਦ ਤੋਂ ਵੱਧ ਨਿਰਭਰਤਾ ਤੋਂ ਸਾਵਧਾਨ ਕੀਤਾ। ਉਨ੍ਹਾਂ ਕਿਹਾ ਕਿ ਐਲਗੋਰਿਦਮ ਗਣਨਾ ਕਰ ਸਕਦਾ ਹੈ, ਪਰ ਨਿਆਂ ਅਤੇ ਨਿਰਪੱਖਤਾ ਦੀ ਭਾਵਨਾ ਨੂੰ ਸਮਝ ਨਹੀਂ ਸਕਦਾ।

ਆਈਆਈਏਸੀ, ਨਵੀਂ ਦਿੱਲੀ ਦੇ ਸੀਈਓ ਨਵੀਨ ਕੁਮਾਰ ਸਿੰਘ ਨੇ "ਮੇਕ ਇਨ ਇੰਡੀਆ, ਆਰਬਿਟ੍ਰੇਟ ਇਨ ਇੰਡੀਆ"ਦਾ ਸੱਦਾ ਦਿੰਦਿਆਂ ਭਾਰਤ ਨੂੰ ਆਰਬਿਟਰੇਸ਼ਨ ਦੇ ਪ੍ਰਮੁੱਖ ਕੇਂਦਰ ਵਜੋਂ ਵਿਕਸਤ ਕਰਨ 'ਤੇ ਜ਼ੋਰ ਦਿੱਤਾ। ਆਈਆਈਏਸੀ/ਆਈਏਐਮਸੀ, ਹੈਦਰਾਬਾਦ ਦੇ ਰਜਿਸਟਰਾਰ ਅਤੇ ਸੀਈਓ ਜਵਾਦ ਏ.ਜੇ. ਨੇ ਪੇਸ਼ੇਵਰ ਅਤੇ ਸੰਸਥਾਗਤ ਆਰਬਿਟਰੇਸ਼ਨ ਦੀ ਲੋੜ ਉਜਾਗਰ ਕਰਦਿਆਂ ਕਿਹਾ ਕਿ ਡਾਟਾ ਲੀਕ ਦੀ ਇੱਕ ਘਟਨਾ ਵੀ ਇਸ ਪ੍ਰਕਿਰਿਆ ਪ੍ਰਤੀ ਭਰੋਸੇ ਨੂੰ ਪ੍ਰਭਾਵਿਤ ਕਰ ਸਕਦੀ ਹੈ।


ਸੋਹਾਰ ਯੂਨੀਵਰਸਿਟੀ, ਓਮਾਨ ਦੀ ਫੈਕਲਟੀ ਆਫ਼ ਲਾਅ ਦੀ ਡੀਨ ਪ੍ਰੋ. (ਡਾ.) ਏਨਾਸ ਕੁਤੀਸ਼ਹਾਟ ਨੇ ਆਰਬਿਟਰੇਸ਼ਨ ਨੂੰ "ਵਿਸ਼ਵ ਵਪਾਰ ਦੀ ਸਰਵਵਿਆਪੀ ਭਾਸ਼ਾ"ਦੱਸਿਆ। ਹੋਰ ਬੁਲਾਰਿਆਂ ਵਿੱਚ ਵਿਨੈ ਕੁਮਾਰ ਸੰਦੂਜਾ, ਐਮਡੀ, ਆਈਪੀਏ-ਆਈਸੀਏਆਈ; ਪ੍ਰੋ. (ਡਾ.) ਵੰਦਨਾ ਅਰੋੜਾ, ਡੀਨ, ਕਾਨੂੰਨ ਵਿਭਾਗ, ਪੰਜਾਬ ਯੂਨੀਵਰਸਿਟੀ ਅਤੇ ਸੁਪਰੀਮ ਕੋਰਟ ਦੇ ਵਕੀਲ ਸੁਲੇਮਾਨ ਖਾਨ ਸ਼ਾਮਲ ਸਨ।

ਤਕਨੀਕੀ ਸੈਸ਼ਨਾਂ ਵਿੱਚ ਹਾਈਬ੍ਰਿਡ ਏਡੀਆਰ, ਮੈਡੀਏਸ਼ਨ ਐਕਟ-2023, ਰੇਰਾ, ਨਿਊਰੋਡਾਟਾ ਤੇ ਬੋਧਾਤਮਕ ਗੋਪਨੀਯਤਾ, ਆਰਬਿਟਰੇਸ਼ਨ ਵਿੱਚ ਏਆਈ, ਆਨਲਾਈਨ ਡਿਸਪਿਊਟ ਰੈਜ਼ੋਲਿਊਸ਼ਨ (ਓਡੀਆਰ), ਏਆਈ ਪਾਰਦਰਸ਼ਤਾ, ਥਰਡ-ਪਾਰਟੀ ਫੰਡਿੰਗ, ਏਆਈ ਹੈਲੂਸੀਨੇਸ਼ਨਜ਼, ਡੀਪਫੇਕਸ, ਸਿੰਥੈਟਿਕ ਸਬੂਤ, ਡਬਲਯੂਆਈਪੀਓ ਏਡੀਆਰ ਅਤੇ ਡੀਪੀਡੀਪੀ ਐਕਟ-2023 ਸਮੇਤ ਵੱਖ-ਵੱਖ ਵਿਸ਼ਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।

ਸਮਾਪਤੀ ਸੈਸ਼ਨ ਨੂੰ ਡਾ. ਬੀ.ਆਰ. ਅੰਬੇਡਕਰ ਨੈਸ਼ਨਲ ਲਾਅ ਯੂਨੀਵਰਸਿਟੀ, ਸੋਨੀਪਤ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਦਵਿੰਦਰ ਸਿੰਘ ਨੇ ਸੰਬੋਧਨ ਕੀਤਾ। ਇਸ ਮੌਕੇ ਆਰਬੀਯੂ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ , ਪ੍ਰੋ-ਵਾਈਸ-ਚਾਂਸਲਰ ਪ੍ਰੋ. (ਡਾ.) ਸਤੀਸ਼ ਕੁਮਾਰ ਵੀ ਮੌਜੂਦ ਸਨ।

ਕਾਨਫਰੰਸ ਵਿੱਚ ਇਹ ਸਿੱਟਾ ਕੱਢਿਆ ਗਿਆ ਕਿ ਭਾਰਤ ਨੂੰ ਐਡਹੌਕ ਆਰਬਿਟਰੇਸ਼ਨ ਤੋਂ ਸੰਸਥਾਗਤ ਆਰਬਿਟਰੇਸ਼ਨ ਵੱਲ ਵਧਣਾ ਚਾਹੀਦਾ ਹੈ, ਜਦਕਿ ਤਕਨਾਲੋਜੀ ਦੀ ਵਰਤੋਂ ਉਚਿਤ ਕਾਨੂੰਨੀ ਪ੍ਰਕਿਰਿਆ, ਜਵਾਬਦੇਹੀ ਅਤੇ ਮਨੁੱਖੀ ਨਿਗਰਾਨੀ ਦੇ ਸਿਧਾਂਤਾਂ ਅਨੁਸਾਰ ਕੀਤੀ ਜਾਣੀ ਚਾਹੀਦੀ ਹੈ। ਇਹ ਕਾਨਫਰੰਸ ਪ੍ਰੋ. (ਡਾ.) ਅਖਿਲੇਸ਼ ਕੁਮਾਰ, ਡੀਨ, ਯੂਐਸਐਲ ਅਤੇ ਡਾ. ਸਵਪਨਪ੍ਰੀਤ ਕੌਰ, ਐਚਓਡੀ ਦੀ ਅਗਵਾਈ ਹੇਠ ਕਰਵਾਈ ਗਈ। ਸ਼੍ਰੀ ਆਸਿਫ ਇਕਬਾਲ ਆਰਗੇਨਾਈਜ਼ਰ, ਜਦਕਿ ਡਾ. ਪਰਮਿੰਦਰ ਅਤੇ ਡਾ. ਗੀਟਾ ਠਾਕੁਰ ਸਹਿ-ਆਰਗੇਨਾਈਜ਼ਰ ਸਨ। ਕਾਨਫਰੰਸ ਦੀ ਕਾਰਵਾਈ ਡਾ. ਸੁਚੇਤ ਕੁਮਾਰ, ਐਸੋਸੀਏਟ ਪ੍ਰੋਫੈਸਰ, ਯੂਐਸਐਲ, ਆਰਬੀਯੂ ਵੱਲੋਂ ਪੇਸ਼ ਕੀਤੀ ਗਈ।

ਸੇਵਾ ਸੰਕਲਪ ਅਭਿਆਨ ਨੂੰ ਲੈ ਕੇ ਡੀਸੀ ਰਾਹੁਲ ਨਰਵਾਲ ਨੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਦਿੱਤੇ ਜ਼ਰੂਰੀ ਦਿਸ਼ਾ-ਨਿਰਦੇਸ਼



ਪੈ.ਗਾਮ-ਏ-ਜਗਤ ਹਾਂਸੀ (ਦਿਨਕਰ ਗਾਵੜੀ)

ਜ਼ਿਲ੍ਹੇ ਵਿੱਚ 17 ਸਤੰਬਰ ਤੋਂ 17 ਅਕਤੂਬਰ ਤੱਕ ਆਯੋਜਿਤ ਹੋਣ ਵਾਲੇ ਸੇਵਾ ਸੰਕਲਪ ਅਭਿਆਨ ਦੇ ਸਫਲ ਆਯੋਜਨ ਨੂੰ ਲੈ ਕੇ ਡਿਪਟੀ ਕਮਿਸ਼ਨਰ ਰਾਹੁਲ ਨਰਵਾਲ ਨੇ ਜ਼ਿਲ੍ਹਾ ਸਕੱਤਰੇਤ ਕੰਪਲੈਕਸ ਸਥਿਤ ਵੀਡੀਓ ਕਾਨਫਰੰਸਿੰਗ ਹਾਲ ਵਿੱਚ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਮੀਟਿੰਗ ਤੋਂ ਪਹਿਲਾਂ ਮੁੱਖ ਸਕੱਤਰ ਅਨੁਰਾਗ ਰਸਤੋਗੀ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਸੂਬੇ ਭਰ ਦੇ ਅਧਿਕਾਰੀਆਂ ਨੂੰ ਸੇਵਾ ਸੰਕਲਪ ਅਭਿਆਨ ਦੇ ਸਫਲ ਅਤੇ ਪ੍ਰਭਾਵੀ ਆਯੋਜਨ ਨੂੰ ਲੈ ਕੇ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ।

- **ਜ਼ਿਲ੍ਹੇ ਵਿੱਚ 17 ਸਤੰਬਰ ਤੋਂ 17 ਅਕਤੂਬਰ ਤੱਕ ਆਯੋਜਿਤ ਹੋਣਗੀਆਂ ਵੱਖ-ਵੱਖ ਗਤੀਵਿਧੀਆਂ, ਨਵੀਆਂ ਗਤੀਵਿਧੀਆਂ ਨੂੰ ਵੀ ਅਭਿਆਨ ਵਿੱਚ ਕੀਤਾ ਗਿਆ ਸ਼ਾਮਲ**

ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਅਤੇ ਡੀਐਮਸੀ ਲਕਸ਼ਿਤ ਸਰੀਨ, ਸੀਟੀਐਮ ਹਿਮਾਂਸ਼ੂ ਚੌਹਾਨ ਸਮੇਤ ਸਬੰਧਤ ਵਿਭਾਗਾਂ ਦੇ ਅਧਿਕਾਰੀ ਮੌਜੂਦ ਰਹੇ।

ਡਿਪਟੀ ਕਮਿਸ਼ਨਰ ਰਾਹੁਲ ਨਰਵਾਲ ਨੇ ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੇਵਾ ਸੰਕਲਪ ਅਭਿਆਨ ਸਰਕਾਰ ਦੀ ਜਨ ਸੇਵਾ, ਸਮਾਜਿਕ ਸਰੋਕਾਰ ਅਤੇ ਨਾਗਰਿਕਾਂ ਦੀ ਭਾਗੀਦਾਰੀ ਨੂੰ ਵਧਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਪਹਿਲ ਹੈ। ਅਭਿਆਨ ਦੌਰਾਨ ਆਯੋਜਿਤ ਹੋਣ ਵਾਲੀ ਹਰ ਗਤੀਵਿਧੀ ਦਾ ਉਦੇਸ਼ ਵੱਧ ਤੋਂ ਵੱਧ ਲੋਕਾਂ ਨੂੰ ਸੇਵਾ, ਸਮਾਜਿਕ ਜ਼ਿੰਮੇਵਾਰੀ ਅਤੇ ਰਾਸ਼ਟਰ ਨਿਰਮਾਣ ਦੇ ਕੰਮਾਂ ਨਾਲ ਜੋੜਨਾ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਅਭਿਆਨ ਤਹਿਤ ਨਿਰਧਾਰਤ ਸਾਰੀਆਂ ਗਤੀਵਿਧੀਆਂ ਦਾ ਬਿਹਤਰ ਤਾਲਮੇਲ ਨਾਲ ਆਯੋਜਨ ਯਕੀਨੀ ਬਣਾਇਆ ਜਾਵੇ ਅਤੇ ਇਨ੍ਹਾਂ ਵਿੱਚ ਆਮ ਲੋਕਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਕਰਵਾਈ ਜਾਵੇ।

ਉਨ੍ਹਾਂ ਕਿਹਾ ਕਿ ਜਿਸ ਗਤੀਵਿਧੀ ਦੇ ਆਯੋਜਨ ਦੀ ਜ਼ਿੰਮੇਵਾਰੀ ਜਿਸ ਵਿਭਾਗ ਜਾਂ ਅਧਿਕਾਰੀ ਨੂੰ ਸੌਂਪੀ ਗਈ ਹੈ, ਉਹ ਉਸਦਾ ਨਿਰਵਾਹਨ ਪੂਰੀ ਨਿਸ਼ਠਾ, ਗੰਭੀਰਤਾ ਅਤੇ ਜ਼ਿੰਮੇਵਾਰੀ ਨਾਲ ਯਕੀਨੀ ਬਣਾਵੇ। ਸਾਰੀਆਂ ਗਤੀਵਿਧੀਆਂ ਦੀਆਂ ਸਮਾਂਬੱਧ ਤਿਆਰੀਆਂ ਪੂਰੀਆਂ ਕੀਤੀਆਂ ਜਾਣ ਅਤੇ ਆਯੋਜਨ ਦੌਰਾਨ ਵਿਵਸਥਾਵਾਂ ਵਿੱਚ ਕਿਸੇ ਕਿਸਮ ਦੀ ਕਮੀ ਨਾ ਰਹੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੇਵਾ ਸੰਕਲਪ ਅਭਿਆਨ ਤਹਿਤ ਸਰਕਾਰ ਵੱਲੋਂ ਕੁਝ ਨਵੀਆਂ ਗਤੀਵਿਧੀਆਂ ਅਤੇ ਪ੍ਰੋਗਰਾਮਾਂ ਨੂੰ ਵੀ ਜੋੜਿਆ ਗਿਆ ਹੈ, ਜਿਨ੍ਹਾਂ ਰਾਹੀਂ ਸੇਵਾ ਭਾਵਨਾ ਨੂੰ ਹੋਰ ਵਿਆਪਕ ਰੂਪ ਦਿੱਤਾ ਜਾਵੇਗਾ। ਇਨ੍ਹਾਂ ਵਿੱਚ 'ਅਸ਼ੀਰਵਾਦ ਦਾ ਦੀਵਾ', 'ਮੇਰੇ ਸੁਪਨਿਆਂ ਦਾ ਭਾਰਤ/ਚਿੱਤਰ ਸੇਵਾ', 'ਨਮੋ ਸੇਵਾ-ਅਣਕਹੀਆਂ ਕਹਾਣੀਆਂ', 'ਵਿਹੜਾ ਮਿਲਣ ਸੇਵਾ, ਸੇਵਾ ਦੀ ਕਹਾਣੀ, ਸੇਵਾ ਜੋਤੀ ਕਲਸ਼ ਯਾਤਰਾ, 'ਸੇਵਾ ਮੇਰਾ ਯੋਗਦਾਨ', 'ਸੇਵਾ ਸੇਤੂ ਅਭਿਆਨ', 'ਸੇਵਾ ਦੇ ਰੰਗ, ਰਾਸ਼ਟਰ ਦੇ ਸੰਗ', 'ਸੇਵਾ ਫਰਸਟ ਇਨੋਵੇਸ਼ਨ ਚੈਲੰਜ' ਅਤੇ 'ਸੁਸ਼ਾਸਨ ਸੇਵਾ ਸੰਵਾਦ' ਵਰਗੀਆਂ ਗਤੀਵਿਧੀਆਂ ਸ਼ਾਮਲ ਹਨ।

ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਨ੍ਹਾਂ ਨਵੀਆਂ ਗਤੀਵਿਧੀਆਂ ਦੇ ਆਯੋਜਨ ਨੂੰ ਲੈ ਕੇ ਵਿਭਾਗ-ਵਾਰ ਕਾਰਜ ਯੋਜਨਾ ਤਿਆਰ ਕੀਤੀ ਜਾਵੇ ਅਤੇ ਸਬੰਧਤ ਵਿਭਾਗ ਆਪਸੀ ਤਾਲਮੇਲ ਨਾਲ ਇਨ੍ਹਾਂ ਪ੍ਰੋਗਰਾਮਾਂ ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕਰਨ।

ਡੀਸੀ ਰਾਹੁਲ ਨਰਵਾਲ ਨੇ ਕਿਹਾ ਕਿ 'ਅਸ਼ੀਰਵਾਦ ਦਾ ਦੀਵਾ/ਖੂਨਦਾਨ' ਵਰਗੀਆਂ ਗਤੀਵਿਧੀਆਂ ਰਾਹੀਂ ਸਮਾਜ ਵਿੱਚ ਸੇਵਾ ਅਤੇ ਮਾਨਵਤਾ ਦੀ ਭਾਵਨਾ ਨੂੰ ਮਜ਼ਬੂਤ ਕੀਤਾ ਜਾਵੇਗਾ। ਇਸੇ ਤਰ੍ਹਾਂ 'ਮੇਰੇ ਸੁਪਨਿਆਂ ਦਾ ਭਾਰਤ-ਚਿੱਤਰ ਸੇਵਾ' ਰਾਹੀਂ ਰਚਨਾਤਮਕ ਪ੍ਰਗਟਾਵੇ ਨੂੰ ਉਤਸ਼ਾਹਿਤ ਕੀਤਾ ਜਾਵੇਗਾ, ਜਦਕਿ 'ਨਮੋ ਸੇਵਾ-ਅਣਕਹੀਆਂ ਕਹਾਣੀਆਂ' ਰਾਹੀਂ ਸੇਵਾ ਕਾਰਜਾਂ ਨਾਲ ਜੁੜੀਆਂ ਪ੍ਰੇਰਨਾਦਾਇਕ ਅਤੇ ਅਣਕਹੀਆਂ ਕਹਾਣੀਆਂ ਨੂੰ ਸਾਹਮਣੇ ਲਿਆਂਦਾ ਜਾਵੇਗਾ।

ਉਨ੍ਹਾਂ ਕਿਹਾ ਕਿ 'ਵਿਹੜਾ ਮਿਲਣ ਸੇਵਾ' ਅਤੇ 'ਸੇਵਾ ਦੀ ਕਹਾਣੀ' ਵਰਗੀਆਂ ਗਤੀਵਿਧੀਆਂ ਲੋਕਾਂ ਨੂੰ ਆਪਸੀ ਜੁੜਾਅ ਅਤੇ ਸੇਵਾ ਭਾਵਨਾ ਨਾਲ ਜੋੜਨਗੀਆਂ। ਜਦਕਿ 'ਸੇਵਾ ਜੋਤੀ ਕਲਸ਼ ਯਾਤਰਾ' ਅਤੇ 'ਬੜਨਗਰ ਤੋਂ ਵਾਰਾਨਸੀ' ਵਰਗੀਆਂ ਗਤੀਵਿਧੀਆਂ ਰਾਹੀਂ ਅਭਿਆਨ ਨੂੰ ਵਿਆਪਕ ਜਨ ਸੰਪਰਕ ਅਤੇ ਸਮਾਜਿਕ ਸਹਿਭਾਗਤਾ ਨਾਲ ਜੋੜਿਆ ਜਾਵੇਗਾ। ਡਿਪਟੀ ਕਮਿਸ਼ਨਰ ਨੇ 'ਸੇਵਾ ਮੇਰਾ ਯੋਗਦਾਨ' ਅਤੇ 'ਸੇਵਾ ਸੇਤੂ ਅਭਿਆਨ' ਰਾਹੀਂ ਹਰ ਵਿਅਕਤੀ ਨੂੰ ਆਪਣੀ ਸਮਰੱਥਾ ਅਤੇ ਸਾਮਰਥ ਅਨੁਸਾਰ ਸਮਾਜ ਲਈ ਯੋਗਦਾਨ ਦੇਣ ਦਾ ਸੱਦਾ ਦੇਣ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ 'ਸੇਵਾ ਦੇ ਰੰਗ, ਰਾਸ਼ਟਰ ਦੇ ਸੰਗ' ਗਤੀਵਿਧੀ ਰਾਹੀਂ ਸੇਵਾ ਕਾਰਜਾਂ ਨੂੰ ਰਾਸ਼ਟਰ ਨਿਰਮਾਣ ਦੀ ਭਾਵਨਾ ਨਾਲ ਜੋੜਿਆ ਜਾਵੇਗਾ। ਜਦਕਿ 'ਸੇਵਾ ਫਰਸਟ ਇਨੋਵੇਸ਼ਨ ਚੈਲੰਜ' ਤਹਿਤ ਸੇਵਾ ਖੇਤਰ ਵਿੱਚ ਨਵੇਂ ਅਤੇ ਨਵੀਨ ਵਿਚਾਰਾਂ ਨੂੰ ਉਤਸ਼ਾਹਿਤ ਕੀਤਾ ਜਾਵੇਗਾ ਅਤੇ 'ਸੁਸ਼ਾਸਨ ਸੇਵਾ ਸੰਵਾਦ' ਰਾਹੀਂ ਪ੍ਰਸ਼ਾਸਨ ਅਤੇ ਆਮ ਲੋਕਾਂ ਵਿਚਕਾਰ ਸੰਵਾਦ ਨੂੰ ਹੋਰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ ਜਾਵੇਗਾ।

ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਹਰ ਪ੍ਰੋਗਰਾਮ ਦੀਆਂ ਤਿਆਰੀਆਂ, ਆਯੋਜਨ ਅਤੇ ਫੀਡਬੈਕ ਦੀ ਨਿਯਮਤ ਸਮੀਖਿਆ ਕੀਤੀ ਜਾਵੇ ਅਤੇ ਨਿਰਧਾਰਤ ਗਤੀਵਿਧੀਆਂ ਦੀ ਰਿਪੋਰਟਿੰਗ ਵੀ ਸਮੇਂ 'ਤੇ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਅਭਿਆਨ ਦੌਰਾਨ ਜ਼ਿਲ੍ਹੇ ਵਿੱਚ ਆਯੋਜਿਤ ਹੋਣ ਵਾਲੀਆਂ ਸਾਰੀਆਂ ਗਤੀਵਿਧੀਆਂ ਸੁਵਿਵਸਥਿਤ, ਉਦੇਸ਼ਪੂਰਨ ਅਤੇ ਜਨਹਿੱਤਕਾਰੀ ਹੋਣ, ਇਸ ਲਈ ਸਬੰਧਤ ਅਧਿਕਾਰੀ ਨਿੱਜੀ ਤੌਰ 'ਤੇ ਨਿਗਰਾਨੀ ਰੱਖਣ। ਇਸ ਮੌਕੇ 'ਤੇ ਸਿਵਲ ਸਰਜਨ ਡਾ. ਰਾਹੁਲ ਬੁੱਧੀਰਾਜਾ, ਡੀਈਓ ਵਿਨੋਦ ਸ਼ਿਓਰਾਣ, ਡਾ. ਰਾਜੀਵ ਡਾਬਲਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਰਹੇ।

ਪਿੰਡ ਅਲਾਲਵਾਸ ਵਿੱਚ ਪੋਸ਼ਣ ਮਾਹ ਤਹਿਤ ਜਾਗਰੂਕਤਾ ਪ੍ਰੋਗਰਾਮ ਆਯੋਜਿਤ



ਪੈਗਾਮ-ਏ-ਜਗਤ ਰਤੀਆ, 10 ਸਤੰਬਰ (ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

ਮਹਿਲਾ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਪੋਸ਼ਣ ਮਾਹ ਤਹਿਤ ਪਿੰਡ ਅਲਾਲਵਾਸ ਵਿੱਚ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਵਿੱਚ ਪੇਂਡੂ ਔਰਤਾਂ ਅਤੇ ਬੱਚਿਆਂ ਨੂੰ ਸੰਤੁਲਿਤ ਅਤੇ ਪੌਸ਼ਟਿਕ ਆਹਾਰ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ।

ਪ੍ਰੋਗਰਾਮ ਦੌਰਾਨ ਸੁਪਰਵਾਈਜ਼ਰ ਊਸ਼ਾ ਰਾਣੀ ਨੇ ਔਰਤਾਂ ਅਤੇ ਬੱਚਿਆਂ ਨੂੰ ਪੋਸ਼ਣ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿਹਤਮੰਦ ਜੀਵਨ ਲਈ ਭੋਜਨ ਵਿੱਚ ਹਰੀਆਂ ਸਬਜ਼ੀਆਂ, ਦਾਲਾਂ, ਅਨਾਜ, ਦੁੱਧ ਅਤੇ ਮੌਸਮੀ ਫਲਾਂ ਨੂੰ ਸ਼ਾਮਲ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ, ਗਰਭਵਤੀ ਔਰਤਾਂ ਅਤੇ ਕਿਸ਼ੋਰੀਆਂ ਲਈ ਪੌਸ਼ਟਿਕ ਆਹਾਰ ਦਾ ਵਿਸ਼ੇਸ਼ ਮਹੱਤਵ ਹੈ। ਪ੍ਰੋਗਰਾਮ ਵਿੱਚ 'ਪੋਸ਼ਣ ਮਾਹ ਅਭਿਆਨ' ਰਾਹੀਂ ਸੰਤੁਲਿਤ ਆਹਾਰ ਬਾਰੇ ਜਾਗਰੂਕ ਕੀਤਾ ਗਿਆ। ਔਰਤਾਂ ਨੂੰ ਸਥਾਨਕ ਅਤੇ ਆਸਾਨੀ ਨਾਲ ਉਪਲਬਧ ਖਾਦ ਪਦਾਰਥਾਂ ਤੋਂ ਪੌਸ਼ਟਿਕ ਭੋਜਨ ਤਿਆਰ ਕਰਨ ਬਾਰੇ ਵੀ ਦੱਸਿਆ ਗਿਆ। ਇਸ ਮੌਕੇ 'ਤੇ ਔਰਤਾਂ ਅਤੇ ਬੱਚਿਆਂ ਨੇ ਉਤਸ਼ਾਹਪੂਰਵਕ ਹਿੱਸਾ ਲਿਆ ਅਤੇ 'ਸੰਤੁਲਿਤ ਆਹਾਰ' ਦਾ ਸੰਦੇਸ਼ ਦਿੱਤਾ। ਪ੍ਰੋਗਰਾਮ ਦਾ ਉਦੇਸ਼ ਪੇਂਡੂ ਖੇਤਰ ਵਿੱਚ ਪੋਸ਼ਣ ਪ੍ਰਤੀ ਜਾਗਰੂਕਤਾ ਵਧਾਉਣਾ ਅਤੇ ਕੁਪੋਸ਼ਣ ਦੀ ਰੋਕਥਾਮ ਲਈ ਲੋਕਾਂ ਨੂੰ ਪ੍ਰੇਰਿਤ ਕਰਨਾ ਰਿਹਾ।

ਇਸ ਮੌਕੇ 'ਤੇ ਮਾਇਆ ਦੇਵੀ, ਇੰਦਰਾ ਦੇਵੀ, ਪੰਮੀ ਦੇਵੀ, ਗੀਤਾ ਦੇਵੀ ਆਦਿ ਮੌਜੂਦ ਰਹੇ।

ਖਜ਼ਾਨਾ ਭਰਿਆ ਹੋਇਆ ਹੈ ਪਰ ਪੈਨਸ਼ਨ ਪੂਰੀ ਨਹੀਂ ਦੇਣੀ: ਪੀ.ਆਰ.ਟੀ.ਸੀ. ਪੈਨਸ਼ਨਰਾਂ 'ਚ ਰੋਸ

ਪਟਿਆਲਾ, 10 ਸਤੰਬਰ (ਪੈ.ਗਾਮ-ਏ-ਜਗਤ)

ਪੀ.ਆਰ.ਟੀ.ਸੀ. ਦੇ ਪੈਨਸ਼ਨਰਾਂ ਦੀਆਂ ਆਪਣੇ ਬਕਾਏ ਅਤੇ ਪੈਨਸ਼ਨਾਂ ਦੀ ਉਡੀਕ ਕਰਦਿਆਂ ਅੱਖਾਂ ਪੱਕ ਗਈਆਂ ਹਨ। ਮੈਨੇਜਮੈਂਟ ਵੱਲੋਂ ਹਰ ਮੀਟਿੰਗ ਵਿੱਚ ਇਹ ਵਾਅਦਾ ਕੀਤਾ ਜਾਂਦਾ ਰਿਹਾ ਹੈ ਕਿ 2016 ਦੇ ਪੇ ਕਮਿਸ਼ਨ ਦੇ ਬਕਾਏ ਦੀ ਕਿਸ਼ਤ ਅਗਲੇ ਮਹੀਨੇ ਦੀ ਪੈਨਸ਼ਨ ਨਾਲ ਅਦਾ ਕਰ ਦਿੱਤੀ ਜਾਵੇਗੀ। ਪ੍ਰੰਤੂ ਇਨ੍ਹਾਂ ਵਾਅਦਿਆਂ ਨੂੰ ਵੀ ਸਾਲ ਤੋਂ ਵੱਧ ਸਮਾਂ ਬੀਤ ਚੁੱਕਾ ਹੈ ਅਤੇ ਅਜੇ ਤੱਕ ਇਨ੍ਹਾਂ 'ਤੇ ਅਮਲ ਨਹੀਂ ਹੋਇਆ। ਪੈਨਸ਼ਨਰਾਂ ਅਨੁਸਾਰ ਮੈਡੀਕਲ ਬਿੱਲਾਂ ਦੀ ਅਦਾਇਗੀ, ਜੋ ਹਰ ਮਹੀਨੇ ਕੀਤੀ ਜਾਣੀ ਹੁੰਦੀ ਹੈ, ਨੂੰ ਵੀ ਸਾਲ ਤੋਂ ਵੱਧ ਸਮਾਂ ਹੋ ਗਿਆ ਹੈ, ਪਰ ਅਜੇ ਤੱਕ ਭੁਗਤਾਨ ਨਹੀਂ ਕੀਤਾ ਗਿਆ। ਇਸੇ ਤਰ੍ਹਾਂ ਨਵੇਂ ਰਿਟਾਇਰੀਆਂ ਦੇ ਬਕਾਏ ਵੀ ਜਾਰੀ ਨਹੀਂ ਕੀਤੇ ਜਾ ਰਹੇ।

- **ਵਾਅਦੇ ਲਟਕੇ ਹਵਾ ਵਿੱਚ, ਬਕਾਏ ਅਤੇ ਮੈਡੀਕਲ ਬਿੱਲਾਂ ਦੀ ਅਦਾਇਗੀ ਨਾ ਹੋਣ 'ਤੇ ਰੋਸ**
- **11 ਸਤੰਬਰ ਨੂੰ ਡਿਪੂ ਪੱਧਰ 'ਤੇ ਰੋਸ ਰੈਲੀਆਂ, 16 ਸਤੰਬਰ ਨੂੰ ਮੁੱਖ ਦਫ਼ਤਰ ਘੇਰਨ ਦਾ ਐਲਾਨ**

ਪੈਨਸ਼ਨਰਾਂ ਦਾ ਕਹਿਣਾ ਹੈ ਕਿ ਬਕਾਏ ਦੇਣਾ ਤਾਂ ਦੂਰ ਦੀ ਗੱਲ ਹੈ, ਹੁਣ ਪੂਰੀ ਪੈਨਸ਼ਨ ਵੀ ਸਮੇਂ ਸਿਰ ਨਹੀਂ ਦਿੱਤੀ ਜਾ ਰਹੀ। ਹਰ ਮਹੀਨੇ ਦੀ 10 ਤਰੀਕ ਤੱਕ ਪੂਰੀ ਪੈਨਸ਼ਨ ਦੇਣੀ ਹੁੰਦੀ ਹੈ, ਪਰ 10 ਸਤੰਬਰ ਨੂੰ ਮੈਨੇਜਮੈਂਟ ਵੱਲੋਂ ਕੇਵਲ 33% ਪੈਨਸ਼ਨ ਹੀ ਜਾਰੀ ਕੀਤੀ ਗਈ ਹੈ। ਬਾਕੀ 67% ਪੈਨਸ਼ਨ, ਤਨਖਾਹਾਂ ਅਤੇ ਬਕਾਇਆਂ ਸਬੰਧੀ ਮੈਨੇਜਮੈਂਟ ਵੱਲੋਂ ਕੋਈ ਸਪੱਸ਼ਟ ਜਾਣਕਾਰੀ ਨਹੀਂ ਦਿੱਤੀ ਗਈ। ਮੁੱਖ ਦਫ਼ਤਰ ਦੇ ਮੁਲਾਜ਼ਮਾਂ ਨੂੰ ਤਾਂ ਇੰਨੀ ਵੀ ਤਨਖਾਹ ਨਹੀਂ ਮਿਲੀ।

ਪੈਨਸ਼ਨਰਾਂ ਨੇ ਕਿਹਾ ਕਿ ਇੱਕ ਪਾਸੇ ਚੇਅਰਮੈਨ ਸਾਹਿਬ ਵੱਲੋਂ ਕਿਹਾ ਜਾ ਰਿਹਾ ਹੈ ਕਿ ਖਜ਼ਾਨੇ ਵਿੱਚ ਪੈਸੇ ਦੀ ਕੋਈ ਕਮੀ ਨਹੀਂ ਅਤੇ ਖਜ਼ਾਨਾ ਭਰਿਆ ਹੋਇਆ ਹੈ, ਜਦਕਿ ਦੂਜੇ ਪਾਸੇ ਬਜ਼ੁਰਗ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਨੂੰ ਆਪਣੀ ਪੈਨਸ਼ਨ ਤੇ ਤਨਖਾਹ ਲਈ ਮਹੀਨਾ ਭਰ ਉਡੀਕ ਕਰਨੀ ਪੈ ਰਹੀ ਹੈ। ਉਨ੍ਹਾਂ ਸਵਾਲ ਉਠਾਇਆ ਕਿ ਜੇ ਖਜ਼ਾਨਾ ਭਰਿਆ ਹੋਇਆ ਹੈ ਤਾਂ ਪੈਸਾ ਕਿੱਥੇ ਜਾਂਦਾ ਹੈ। ਪੈਨਸ਼ਨਰਾਂ ਨੇ ਮੈਨੇਜਮੈਂਟ ਦੀ ਕਾਰਵਾਈ ਦੀ ਤੁਲਨਾ ਰੋਂਦੇ ਬੱਚੇ ਨੂੰ ਚੁੱਪ ਕਰਾਉਣ ਲਈ ਮੂੰਹ ਵਿੱਚ ਸ਼ਹਿਦ ਵਾਲਾ ਨਿੱਪਲ ਪਾਉਣ ਨਾਲ ਕਰਦਿਆਂ ਕਿਹਾ ਕਿ ਇਸੇ ਤਰ੍ਹਾਂ ਦੇ ਵਾਅਦਿਆਂ ਨਾਲ ਪੀ ਆਰ ਟੀ ਸੀ ਦੇ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਨੂੰ ਲਗਾਤਾਰ ਚੁੱਪ ਕਰਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਪੀ.ਆਰ.ਟੀ.ਸੀ. ਪੈਨਸ਼ਨਰਜ਼ ਐਸੋਸੀਏਸ਼ਨ ਦੀ ਕੇਂਦਰੀ ਬਾਡੀ ਦੇ ਚੇਅਰਮੈਨ ਮੁਕੰਦ ਸਿੰਘ, ਵਾਈਸ ਚੇਅਰਮੈਨ ਬਚਿੱਤਰ ਸਿੰਘ, ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ, ਜਨਰਲ ਸਕੱਤਰ ਬਚਨ ਸਿੰਘ ਅਰੋੜਾ, ਸਕੱਤਰ ਜਨਰਲ ਹਰੀ ਸਿੰਘ 'ਚਮਕ' ਅਤੇ ਕੈਸ਼ੀਅਰ ਅਮੋਲਕ ਸਿੰਘ ਨੇ ਸਾਂਝੇ ਬਿਆਨ ਵਿੱਚ ਮੈਨੇਜਮੈਂਟ ਵੱਲੋਂ ਵਾਅਦੇ ਤੋਂ ਭੱਜਣ ਦੀ ਨਿਖੇਧੀ ਕੀਤੀ ਹੈ। ਆਗੂਆਂ ਨੇ ਐਲਾਨ ਕੀਤਾ ਕਿ 11 ਸਤੰਬਰ ਨੂੰ ਹਰ ਡਿਪੂ ਵਿੱਚ ਹੋਣ ਵਾਲੀਆਂ ਮਾਸਿਕ ਮੀਟਿੰਗਾਂ ਨੂੰ ਰੋਸ ਰੈਲੀਆਂ ਦੇ ਰੂਪ ਵਿੱਚ ਕੀਤਾ ਜਾਵੇਗਾ। ਇਸ ਤੋਂ ਇਲਾਵਾ 16 ਸਤੰਬਰ ਨੂੰ ਹੋਣ ਵਾਲੀ ਕੇਂਦਰੀ ਬਾਡੀ ਦੀ ਮਾਸਿਕ ਮੀਟਿੰਗ ਪਟਿਆਲਾ ਬੱਸ ਸਟੈਂਡ ਦੀ ਬਜਾਏ ਮੁੱਖ ਦਫ਼ਤਰ ਵਿਖੇ ਰੋਸ ਰੈਲੀ ਦੇ ਰੂਪ ਵਿੱਚ ਕੀਤੀ ਜਾਵੇਗੀ। ਐਸੋਸੀਏਸ਼ਨ ਦੇ ਆਗੂਆਂ ਨੇ ਸਮੁੱਚੇ ਪੈਨਸ਼ਨਰਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਇਨ੍ਹਾਂ ਰੋਸ ਰੈਲੀਆਂ ਵਿੱਚ ਕਾਲੇ ਝੰਡੇ ਲੈ ਕੇ ਸ਼ਮੂਲੀਅਤ ਕਰਨ।

ਐਸ.ਐਸ.ਪੀ ਕਪੂਰਥਲਾ ਦੇ ਹੁਕਮਾਂ 'ਤੇ, ਵਪਾਰੀ ਕਮਿਸ਼ਨ ਦੇ ਸਹਿਯੋਗ ਨਾਲ ਜ਼ਿਲ੍ਹੇ ਦੇ ਪੁਲਿਸ ਅਧਿਕਾਰੀਆਂ ਅਤੇ ਵਪਾਰੀਆਂ ਦੀਆਂ ਮੀਟਿੰਗਾਂ ਦਾ ਦੌਰ ਸ਼ੁਰੂ : ਚੇਅਰਮੈਨ ਕੰਵਰ ਇਕਬਾਲ ਸਿੰਘ



ਕਪੂਰਥਲਾ/ਪੈਗਾਮ-ਏ-ਜਗਤ (ਜੱਸਪ੍ਰੀਤ ਸਿੰਘ "ਧਿੰਜਣ)

ਡਾਇਰੈਕਟਰ ਜਨਰਲ ਪੁਲਿਸ ਆਫ਼ ਪੰਜਾਬ ਸ੍ਰੀ ਗੌਰਵ ਯਾਦਵ ਵੱਲੋਂ ਸਾਰੇ ਹੀ ਪੰਜਾਬ ਦੇ ਪੁਲਿਸ ਅਧਿਕਾਰੀਆਂ ਦੀਆਂ ਵਪਾਰੀਆਂ ਨਾਲ ਕੀਤੀਆਂ ਜਾਣ ਵਾਲੀਆਂ ਮੀਟਿੰਗਾਂ ਦੇ ਸ਼ਡਿਊਲ ਅਨੁਸਾਰ ਐਸ.ਐਸ.ਪੀ ਕਪੂਰਥਲਾ ਸ੍ਰੀ ਗੌਰਵ ਤੂਰਾ ਆਈਪੀਐਸ, ਕੰਵਰ ਇਕਬਾਲ ਸਿੰਘ ਜ਼ਿਲ੍ਹਾ ਚੇਅਰਮੈਨ ਵਪਾਰੀ ਕਮਿਸ਼ਨ, ਐਕਸਾਈਜ਼ ਅਤੇ ਟੈਕਸੇਸ਼ਨ ਵਿਭਾਗ ਕਪੂਰਥਲਾ ਸਮੇਤ ਡੀ.ਐਸ.ਪੀ.ਸਬ-ਡਵੀਜ਼ਨ ਮੇਜਰ ਡਾ. ਸ਼ੀਤਲ ਸਿੰਘ ਦੀ ਪ੍ਰਧਾਨਗੀ ਹੇਠ ਥਾਣਾਂ ਸਦਰ ਨੇੜਲੇ ਉਨ੍ਹਾਂ ਦੇ ਦਫ਼ਤਰ ਵਿੱਚ ਨਵੀਂ ਸਵਜੀ ਮੰਡੀ ਮਾਰਕੀਟ ਦੇ ਅਤੇ ਹੋਰ ਨੇੜਲੇ ਵਪਾਰੀਆਂ ਦੀ ਮੀਟਿੰਗ ਕਰਵਾਈ ਗਈ।

ਮੀਟਿੰਗ ਦੌਰਾਨ ਵਪਾਰੀਆਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਸਬੰਧੀ ਬੜੀ ਹੀ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

ਡੀ.ਐਸ.ਪੀ. ਮੇਜਰ ਡਾ. ਸ਼ੀਤਲ ਸਿੰਘ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਦਾ ਜਲਦ ਤੋਂ ਜਲਦ ਯੋਗ ਹੱਲ ਕੀਤਾ ਜਾਵੇਗਾ। ਉਨ੍ਹਾ ਵਿਸ਼ੇਸ਼ ਤੌਰ ਤੇ ਜ਼ਿਕਰ ਕੀਤਾ ਕਿ ਗਲਤ ਅੰਸਰਾਂ ਨੂੰ ਨੱਥ ਪਾਉਣ ਵਾਸਤੇ ਪੂਰੇ ਜ਼ਿਲ੍ਹੇ ਵਿੱਚ ਪੁਲਿਸ ਦੀ ਗਸ਼ਤ ਵਧਾ ਦਿੱਤੀ ਗਈ ਹੈ।

ਇਸ ਮੀਟਿੰਗ ਵਿੱਚ ਅਰੋੜਾ ਖੱਤਰੀ ਸਮਾਜ ਦੇ ਜਿਲ੍ਹਾ ਚੇਅਰਮੈਨ ਨਵਜੀਤ ਸਿੰਘ ਰਾਜੂ, ਹਲਕਾ ਵਪਾਰੀ ਕਮਿਸ਼ਨ ਦੇ ਚੇਅਰਮੈਨ ਰਮਨ ਮਲਹੋਤਰਾ, ਟ੍ਰੇਡਰਜ਼ ਕਮਿਸ਼ਨ ਦੇ ਮੈਂਬਰ ਪੁਸ਼ਪਿੰਦਰ ਸਿੰਘ, ਪੁਸ਼ਕਰ ਵਾਲੀਆ, ਕਪਿਲ ਦੇਵ ਸੋਨੂੰ ਆਦਿ ਸਮੇਤ ਸੁਰੇਸ਼ ਕੁਮਾਰ ਸ਼ਾਮ ਟ੍ਰੇਡਰਜ਼, ਡਾ. ਕੁਲਵਿੰਦਰ ਸਿੰਘ ਢੋਟ, ਜੋਗਿੰਦਰ ਸਿੰਘ ਜਰਨੇਟਰ ਵਾਲੇ, ਭਾਟੀਆ ਟੈਲੀਕੌਮ, ਕੁਲਦੀਪ ਸਿੰਘ, ਅਤੇ ਓਮ ਪ੍ਰਕਾਸ਼ ਯਾਦਵ ਆਦਿ ਸਮੇਤ ਹੋਰ ਵਪਾਰੀ ਵੀ ਹਾਜ਼ਰ ਸਨ !

ਮੀਟਿੰਗ ਵਿੱਚ ਹਾਜ਼ਰ ਵਪਾਰੀਆਂ ਨੇ ਆਪਣੇਂ ਮਨ ਦੀ ਭਾਵਨਾ ਪ੍ਰਗਟ ਕਰਦਿਆਂ ਹੋਇਆਂ ਪਤੱਰਕਾਰਾਂ ਨੂੰ ਦੱਸਿਆ ਕਿ ਅਸੀਂ ਆਪਣੇਂ ਹੋਸ਼ ਵਿੱਚ ਇਹ ਪਹਿਲੀ ਸਰਕਾਰ ਵੇਖੀ ਹੈ ਜੋ ਕਿ ਕਾਰੋਬਾਰੀਆਂ ਦੀਆਂ ਮੁਸ਼ਕਿਲਾਂ ਦਾ ਧਿਆਨ ਰੱਖਦਿਆਂ ਹੋਇਆਂ ਵਪਾਰੀਆਂ ਅਤੇ ਸਰਕਾਰੀ ਅਧਿਕਾਰੀਆਂ ਵਿਚਲਾ ਫਾਸਲਾ ਖਤਮ ਕਰਕੇ ਉਨ੍ਹਾ ਵਿੱਚ ਨੇੜਤਾ ਵਧਾਉਣ ਦਾ ਕੰਮ ਕਰ ਰਹੀ ਹੈ! ਜਿੱਥੇ ਅਸੀਂ ਸਰਕਾਰ ਦਾ ਧੰਨਵਾਦ ਕਰਦੇ ਹਾਂ ਉੱਥੇ ਹੀ ਧੰਨਵਾਦ ਕਰਦੇ ਹਾਂ ਆਪਣੇ ਵਪਾਰੀ ਭਰਾ ਜਿਲ੍ਹਾ ਚੇਅਰਮੈਨ ਵਪਾਰੀ ਕਮਿਸ਼ਨ ਕਪੂਰਥਲਾ ਸ੍ਰ. ਕੰਵਰ ਇਕਬਾਲ ਸਿੰਘ ਦਾ ਜੋ ਕਿ ਵਪਾਰ ਅਤੇ ਸਰਕਾਰ ਵਿੱਚ ਪੁੱਲ ਦਾ ਕੰਮ ਕਰ ਰਹੇ ਹਨ।

ਉਨ੍ਹਾਂ ਵੱਲੋਂ ਅਤੇ ਉਨ੍ਹਾਂ ਦੀ ਅਗਵਾਈ ਹੇਠ ਕੰਮ ਕਰ ਰਹੇ ਚਾਰਾਂ ਹੀ ਹਲਕਿਆਂ ਦੇ ਵਪਾਰੀ ਕਮਿਸ਼ਨ ਦੇ ਚੇਅਰਮੈਨਾਂ ਵੱਲੋ ਸਮੇਂ-ਸਮੇਂ ਜਿਲ੍ਹੇ ਦੇ ਵੱਖ-ਵੱਖ ਬਾਜ਼ਾਰਾਂ ਦੇ ਦੁਕਾਨਦਾਰਾਂ ਨਾਲ ਪ੍ਰਭਾਵਸ਼ਾਲੀ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਵਪਾਰੀਆਂ ਵੱਲੋਂ ਲਈਆਂ ਗਈਆਂ ਲਿਖਤੀ ਸ਼ਿਕਾਇਤਾਂ ਦਾ ਵੱਡੇ ਪੱਧਰ ਤੇ ਨਿਪਟਾਰਾ ਕੀਤਾ ਜਾ ਰਿਹਾ ਹੈ।

ਹਾਂਸੀ ਵਿੱਚ 100 ਬੈੱਡ ਦੇ ਹਸਪਤਾਲ ਦੀ ਯੋਜਨਾ ਮਨਜ਼ੂਰ, ਸਿਹਤ ਸੇਵਾਵਾਂ ਨੂੰ ਮਿਲੇਗਾ ਨਵਾਂ ਆਧਾਰ

ਪੈ.ਗਾਮ-ਏ-ਜਗਤ ਹਾਂਸੀ (ਦਿਨਕਰ ਗਾਵੜੀ)

ਨਵਗਠਿਤ ਹਾਂਸੀ ਜ਼ਿਲ੍ਹੇ ਵਿੱਚ ਆਧੁਨਿਕ ਸਿਹਤ ਸਹੂਲਤਾਂ ਦੇ ਵਿਸਥਾਰ ਦੀ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ। ਹਾਂਸੀ ਦੇ ਮੌਜੂਦਾ ਸਿਵਲ ਹਸਪਤਾਲ ਕੰਪਲੈਕਸ ਵਿੱਚ ਪ੍ਰਸਤਾਵਿਤ 100 ਬੈੱਡ ਦੇ ਨਵੇਂ ਬਹੁ-ਮੰਜ਼ਿਲਾ ਹਸਪਤਾਲ ਭਵਨ ਦੀਆਂ ਡਰਾਇੰਗਾਂ ਨੂੰ ਰਾਜ ਸਰਕਾਰ ਨੇ ਮਨਜ਼ੂਰੀ ਦੇ ਦਿੱਤੀ ਹੈ। ਇਸ ਦੇ ਨਾਲ ਹੀ ਪ੍ਰੋਜੈਕਟ ਦੀਆਂ ਆਉਣ ਵਾਲੀਆਂ ਪ੍ਰਸ਼ਾਸਨਿਕ ਅਤੇ ਤਕਨੀਕੀ ਪ੍ਰਕਿਰਿਆਵਾਂ ਨੂੰ ਨਿਰਧਾਰਤ ਪ੍ਰਕਿਰਿਆ ਅਨੁਸਾਰ ਅੱਗੇ ਵਧਾਉਣ ਦਾ ਰਸਤਾ ਖੁੱਲ੍ਹ ਗਿਆ ਹੈ।

ਵਿਧਾਇਕ ਵਿਨੋਦ ਭਿਆਨਾ ਨੇ ਕਿਹਾ ਕਿ ਨਵਾਂ ਹਸਪਤਾਲ ਭਵਨ ਹਾਂਸੀ ਦੇ ਸਿਹਤ ਢਾਂਚੇ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਮਹੱਤਵਪੂਰਨ ਪ੍ਰੋਜੈਕਟ ਹੈ। ਇਸ ਵਿੱਚ ਆਧੁਨਿਕ ਚਿਕਿਤਸਾ ਸਹੂਲਤਾਂ ਦੇ ਨਾਲ ਵੱਖ-ਵੱਖ ਮਾਹਰ ਸੇਵਾਵਾਂ ਲਈ ਜ਼ਰੂਰੀ ਪ੍ਰਬੰਧ ਕੀਤੇ ਗਏ ਹਨ। ਇਸ ਨਾਲ ਹਾਂਸੀ ਅਤੇ ਆਸ-ਪਾਸ ਦੇ ਪੇਂਡੂ ਖੇਤਰਾਂ ਦੇ ਲੋਕਾਂ ਨੂੰ ਆਪਣੇ ਸ਼ਹਿਰ ਵਿੱਚ ਹੀ ਬਿਹਤਰ ਅਤੇ ਮਾਹਰ ਚਿਕਿਤਸਾ ਸੇਵਾਵਾਂ ਉਪਲਬਧ ਕਰਵਾਉਣ ਵਿੱਚ ਮਦਦ ਮਿਲੇਗੀ। ਉਨ੍ਹਾਂ ਨੇ ਪ੍ਰੋਜੈਕਟ ਨੂੰ ਅੱਗੇ ਵਧਾਉਣ ਲਈ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਧੰਨਵਾਦ ਕੀਤਾ।

ਡਿਪਟੀ ਕਮਿਸ਼ਨਰ ਰਾਹੁਲ ਨਰਵਾਲ ਨੇ ਦੱਸਿਆ ਕਿ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਪ੍ਰੋਜੈਕਟ ਦੀ ਲਗਾਤਾਰ ਸਮੀਖਿਆ ਕੀਤੀ ਜਾ ਰਹੀ ਹੈ। ਮੁੱਖ ਮੈਡੀਕਲ ਅਧਿਕਾਰੀ ਡਾ. ਰਾਹੁਲ ਬੁੱਧੀਰਾਜਾ ਸਮੇਤ ਸਬੰਧਤ ਅਧਿਕਾਰੀਆਂ ਨੂੰ ਸਾਰੀਆਂ ਜ਼ਰੂਰੀ ਪ੍ਰਸ਼ਾਸਨਿਕ ਅਤੇ ਤਕਨੀਕੀ ਪ੍ਰਕਿਰਿਆਵਾਂ ਸਮਾਂਬੱਧ ਤਰੀਕੇ ਨਾਲ ਪੂਰੀਆਂ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਮਨਜ਼ੂਰ ਯੋਜਨਾ ਅਨੁਸਾਰ ਨਵਾਂ ਹਸਪਤਾਲ ਬੇਸਮੈਂਟ, ਗਰਾਊਂਡ ਫਲੋਰ ਅਤੇ 6 ਮੰਜ਼ਿਲਾਂ ਦਾ ਹੋਵੇਗਾ। ਇਸ ਵਿੱਚ ਕੈਥ ਲੈਬ, ਡਾਇਲਸਿਸ ਵਾਰਡ, ਮਾਡਿਊਲਰ ਆਪਰੇਸ਼ਨ ਥੀਏਟਰ, ਆਈਸੀਯੂ ਅਤੇ ਐਚਡੀਯੂ ਵਰਗੀਆਂ ਮਹੱਤਵਪੂਰਨ ਸਹੂਲਤਾਂ ਦਾ ਪ੍ਰਬੰਧ ਕੀਤਾ ਗਿਆ ਹੈ। ਬੇਸਮੈਂਟ ਵਿੱਚ ਲਗਭਗ 32 ਵਾਹਨਾਂ ਦੀ ਪਾਰਕਿੰਗ ਅਤੇ ਤਕਨੀਕੀ ਸੇਵਾ ਕਮਰੇ ਪ੍ਰਸਤਾਵਿਤ ਹਨ। ਗਰਾਊਂਡ ਫਲੋਰ 'ਤੇ ਐਂਬੂਲੈਂਸ, ਐਮਰਜੈਂਸੀ ਵਾਹਨਾਂ ਅਤੇ ਹਸਪਤਾਲ ਸਟਾਫ ਲਈ ਵੱਖਰੀ ਪਾਰਕਿੰਗ ਦੀ ਵਿਵਸਥਾ ਹੋਵੇਗੀ। ਇਸੇ ਮੰਜ਼ਿਲ 'ਤੇ ਐਮਰਜੈਂਸੀ ਪ੍ਰਵੇਸ਼, ਐਮਰਜੈਂਸੀ ਵਾਰਡ ਅਤੇ ਰੇਡੀਓ-ਨਿਦਾਨ ਇਕਾਈ ਦਾ ਪ੍ਰਬੰਧ ਹੈ।

ਪਹਿਲੀ ਮੰਜ਼ਿਲ 'ਤੇ ਬਾਹਰੀ ਰੋਗੀ ਵਿਭਾਗ ਦੇ ਸਲਾਹ-ਮਸ਼ਵਰਾ ਕਮਰੇ, ਮਰੀਜ਼ਾਂ ਅਤੇ ਪਰਿਵਾਰਕ ਮੈਂਬਰਾਂ ਲਈ ਉਡੀਕ ਖੇਤਰ ਅਤੇ ਕੰਟੀਨ ਦੀ ਵਿਵਸਥਾ ਪ੍ਰਸਤਾਵਿਤ ਹੈ। ਦੂਜੀ ਅਤੇ ਤੀਜੀ ਮੰਜ਼ਿਲ 'ਤੇ ਪੁਰਸ਼, ਮਹਿਲਾ, ਨਸ਼ਾ ਮੁਕਤੀ ਅਤੇ ਨਿੱਜੀ ਵਾਰਡ ਵਿਕਸਤ ਕੀਤੇ ਜਾਣਗੇ। ਚੌਥੀ ਮੰਜ਼ਿਲ 'ਤੇ ਕੈਥ ਲੈਬ ਅਤੇ ਡਾਇਲਸਿਸ ਵਾਰਡ ਲਈ ਥਾਂ ਨਿਰਧਾਰਤ ਕੀਤੀ ਗਈ ਹੈ। ਪੰਜਵੀਂ ਮੰਜ਼ਿਲ 'ਤੇ ਮਾਡਿਊਲਰ ਆਪਰੇਸ਼ਨ ਥੀਏਟਰ ਕੰਪਲੈਕਸ ਅਤੇ ਆਈਸੀਯੂ ਅਤੇ ਐਚਡੀਯੂ ਦੀ ਵਿਵਸਥਾ ਹੋਵੇਗੀ। ਛੇਵੀਂ ਮੰਜ਼ਿਲ 'ਤੇ ਪ੍ਰਸ਼ਾਸਨਿਕ ਦਫ਼ਤਰ, ਕਾਨਫਰੰਸ ਹਾਲ ਅਤੇ ਹੋਰ ਪ੍ਰਸ਼ਾਸਨਿਕ ਸਹੂਲਤਾਂ ਪ੍ਰਸਤਾਵਿਤ ਹਨ।

ਭਵਨ ਦੀ ਯੋਜਨਾ ਤਿਆਰ ਕਰਦੇ ਸਮੇਂ ਮਰੀਜ਼ਾਂ, ਬਜ਼ੁਰਗਾਂ ਅਤੇ ਦਿਵਿਆਂਗਜਨਾਂ ਦੀ ਸੁਗਮ ਆਵਾਜਾਈ ਦਾ ਵੀ ਵਿਸ਼ੇਸ਼ ਧਿਆਨ ਰੱਖਿਆ ਗਿਆ ਹੈ। ਰੈਂਪ, ਲਿਫਟ ਅਤੇ ਪੌੜੀਆਂ ਦੇ ਨਾਲ ਹਰ ਮੰਜ਼ਿਲ 'ਤੇ ਰੈਂਪ ਦੇ ਨੇੜੇ ਸੁਲਭ ਪਖਾਨੇ ਦਾ ਪ੍ਰਬੰਧ ਕੀਤਾ ਗਿਆ ਹੈ। ਯੋਜਨਾ ਅਨੁਸਾਰ ਨਵੇਂ ਹਸਪਤਾਲ ਭਵਨ ਦੇ ਨਿਰਮਾਣ ਅਤੇ ਚਿਕਿਤਸਾ ਸੇਵਾਵਾਂ ਦੇ ਤਬਾਦਲੇ ਤੋਂ ਬਾਅਦ ਆਮ ਅਤੇ ਮਾਹਰ ਚਿਕਿਤਸਾ ਸੇਵਾਵਾਂ ਨਵੀਂ ਇਮਾਰਤ ਵਿੱਚ ਚਲਾਈਆਂ ਜਾਣਗੀਆਂ। ਮੌਜੂਦਾ ਸਿਵਲ ਹਸਪਤਾਲ ਭਵਨ ਨੂੰ ਮਾਤਾ ਅਤੇ ਬਾਲ ਸਿਹਤ ਸੇਵਾਵਾਂ ਲਈ ਵਰਤਣ ਦੀ ਯੋਜਨਾ ਹੈ। ਇਸ ਨਾਲ ਆਮ, ਮਾਹਰ ਅਤੇ ਮਾਤਾ-ਬਾਲ ਸਿਹਤ ਸੇਵਾਵਾਂ ਨੂੰ ਵਧੇਰੇ ਵਿਵਸਥਿਤ ਢੰਗ ਨਾਲ ਚਲਾਉਣ ਵਿੱਚ ਮਦਦ ਮਿਲੇਗੀ। ਮੌਜੂਦਾ ਪੜਾਅ ਵਿੱਚ ਹਸਪਤਾਲ ਭਵਨ ਦੀਆਂ ਆਰਕੀਟੈਕਚਰ ਯੋਜਨਾਵਾਂ ਨੂੰ ਮਨਜ਼ੂਰੀ ਮਿਲ ਗਈ ਹੈ। ਆਉਣ ਵਾਲੀਆਂ ਪ੍ਰਸ਼ਾਸਨਿਕ ਅਤੇ ਤਕਨੀਕੀ ਪ੍ਰਕਿਰਿਆਵਾਂ ਦੇ ਪੂਰਾ ਹੋਣ ਤੋਂ ਬਾਅਦ ਪ੍ਰੋਜੈਕਟ ਨੂੰ ਅੱਗੇ ਵਧਾਇਆ ਜਾਵੇਗਾ।

"ਪੈਗਾਮ-ਏ-ਜਗਤ"
NEWS & WEB CHANNEL
HEAD OFFICE
F 388, Industrial Area, Sector 74, Sahibzada Ajit Singh Nagar, Punjab 160071
CONTACT : +91 9878862733, 9872340701
ਛੋਟਾ ਇਸ਼ਤਿਹਾਰ ਵੱਡਾ ਵਪਾਰ
"ਪੈਗਾਮ-ਏ-ਜਗਤ" ਵਿੱਚ ਕਿਸੇ ਵੀ ਤਰ੍ਹਾਂ ਦਾ ਕਲਾਸੀਫਾਈਡ ਜੋਤਿਸ਼, ਵਪਾਰ, ਨਾਮ ਪਰਿਵਰਤਨ, ਵਿਆਹ ਸੰਬੰਧੀ ਇਸ਼ਤਿਹਾਰ ਆਦਿ ਲਈ ਘਰ ਬੈਠੇ ਬੁਕਿੰਗ ਕਰੋ।

ਗੈਰ-ਕਾਨੂੰਨੀ ਹਥਿਆਰਾਂ ਦੇ ਮਾਮਲੇ ਵਿੱਚ ਐਂਟੀ ਨਾਰਕੋਟਿਕਸ ਸੈੱਲ ਦੀ ਵੱਡੀ ਕਾਰਵਾਈ, ਦੋ ਮੁਲਜ਼ਮ ਗ੍ਰਿਫਤਾਰ

ਪੈ.ਗਾਮ-ਏ-ਜਗਤ/ਕਰਨਾਲ 10 ਸਤੰਬਰ (ਪ੍ਰਵੀਨ ਵਾਲੀਆ)

ਜ਼ਿਲ੍ਹਾ ਪੁਲਿਸ ਕਰਨਾਲ ਵੱਲੋਂ ਗੈਰ-ਕਾਨੂੰਨੀ ਹਥਿਆਰ ਰੱਖਣ ਅਤੇ ਉਨ੍ਹਾਂ ਦੀ ਖਰੀਦ-ਫਰੋਖਤ ਵਿੱਚ ਸ਼ਾਮਲ ਮੁਲਜ਼ਮਾਂ ਖਿਲਾਫ ਲਗਾਤਾਰ ਸਖਤ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਲੜੀ ਵਿੱਚ ਐਂਟੀ ਨਾਰਕੋਟਿਕਸ ਸੈੱਲ ਕਰਨਾਲ ਇੰਚਾਰਜ ਸਬ ਇੰਸਪੈਕਟਰ ਰਾਜਨ ਸਿੰਘ ਦੀ ਅਗਵਾਈ ਵਿੱਚ ਟੀਮ ਨੇ ਥਾਣਾ ਮਧੂਬਨ ਵਿੱਚ ਦਰਜ ਮਾਮਲੇ ਵਿੱਚ ਆਰਮਜ਼ ਐਕਟ ਦੀਆਂ ਧਾਰਾਵਾਂ ਤਹਿਤ ਕਾਰਵਾਈ ਕਰਦਿਆਂ ਦੋ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ।

ਗ੍ਰਿਫਤਾਰ ਮੁਲਜ਼ਮਾਂ ਦੀ ਪਛਾਣ ਉਗਮਾ ਰਾਮ ਡਾਰਾ ਪੁੱਤਰ ਚੇਨਾਰਾਮ ਵਾਸੀ ਪਿੰਡ ਲਲਾਣਾ ਕਲਾਂ, ਥਾਣਾ ਗੱਛੀਪੁਰਾ, ਜ਼ਿਲ੍ਹਾ ਡੀਡਵਾਨਾ-ਕੁਚਾਮਨ, ਰਾਜਸਥਾਨ ਅਤੇ ਅਨਿਲ ਕੁਮਾਰ ਪੁੱਤਰ ਰਾਜੇਸ਼ਵਰ ਵਾਸੀ ਪਿੰਡ ਚਾਊ ਪਲੀਆ, ਥਾਣਾ ਜੈਂਤੀਪੁਰ, ਜ਼ਿਲ੍ਹਾ ਸ਼ਾਹਜਹਾਂਪੁਰ, ਉੱਤਰ ਪ੍ਰਦੇਸ਼ ਵਜੋਂ ਹੋਈ ਹੈ।



ਪੁਲਿਸ ਟੀਮ ਨੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ ਇੱਕ ਦੇਸੀ ਪਿਸਤੌਲ .315 ਬੋਰ, ਇੱਕ ਜ਼ਿੰਦਾ ਰੌਂਦ .315 ਬੋਰ ਅਤੇ ਇੱਕ ਦੇਸੀ ਪਿਸਤੌਲ .12 ਬੋਰ ਬਰਾਮਦ ਕੀਤਾ ਹੈ। ਇਸ ਦੇ ਨਾਲ ਹੀ ਵਾਰਦਾਤ ਵਿੱਚ ਵਰਤੀ ਚਿੱਟੇ ਰੰਗ ਦੀ ਹੁੰਡਈ ਆਈ-20 ਕਾਰ ਨੂੰ ਵੀ ਕਬਜ਼ੇ ਵਿੱਚ ਲਿਆ ਗਿਆ ਹੈ। ਟੀਮ ਵੱਲੋਂ ਦੋਵਾਂ ਮੁਲਜ਼ਮਾਂ ਨੂੰ ਨਿਯਮ ਅਨੁਸਾਰ ਅੱਜ ਗ੍ਰਿਫਤਾਰ ਕੀਤਾ ਗਿਆ ਹੈ। ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਹਿਰਾਸਤ ਰਿਮਾਂਡ ਲਿਆ ਜਾਵੇਗਾ, ਤਾਂ ਜੋ ਗੈਰ-ਕਾਨੂੰਨੀ ਹਥਿਆਰਾਂ ਦੀ ਖਰੀਦ-ਫਰੋਖਤ ਦੇ ਨੈੱਟਵਰਕ ਅਤੇ ਇਸ ਮਾਮਲੇ ਨਾਲ ਜੁੜੇ ਹੋਰ ਵਿਅਕਤੀਆਂ ਸਬੰਧੀ ਡੂੰਘੀ ਪੁੱਛਗਿੱਛ ਕੀਤੀ ਜਾ ਸਕੇ। ਮਾਮਲੇ ਵਿੱਚ ਅਗਲੇਰੀ ਜਾਂਚ ਜਾਰੀ ਹੈ।

ਖੇਤਾਂ ਤੋਂ ਬਿਜਲੀ ਦੀ ਤਾਰ ਚੋਰੀ ਕਰਨ ਵਾਲਾ ਮੁਲਜ਼ਮ ਕਾਬੂ, 13 ਕਿਲੋ 600 ਗ੍ਰਾਮ ਤਾਂਬੇ ਦੀ ਤਾਰ ਅਤੇ ਵਾਰਦਾਤ ਵਿੱਚ ਵਰਤੀ ਮੋਟਰਸਾਈਕਲ ਬਰਾਮਦ

ਪੈ.ਗਾਮ-ਏ-ਜਗਤ/ਕਰਨਾਲ 10 ਸਤੰਬਰ (ਪ੍ਰਵੀਨ ਵਾਲੀਆ)

ਜ਼ਿਲ੍ਹਾ ਪੁਲਿਸ ਕਰਨਾਲ ਵੱਲੋਂ ਖੇਤਾਂ ਵਿੱਚ ਲੱਗੀਆਂ ਬਿਜਲੀ ਦੀਆਂ ਮੋਟਰਾਂ ਤੋਂ ਤਾਰ ਚੋਰੀ ਕਰਨ ਵਾਲੇ ਮੁਲਜ਼ਮਾਂ ਖਿਲਾਫ ਲਗਾਤਾਰ ਸਖਤ ਅਤੇ ਪ੍ਰਭਾਵੀ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਲੜੀ ਵਿੱਚ ਥਾਣਾ ਅਸੰਧ ਪੁਲਿਸ ਨੇ ਖੇਤਾਂ ਤੋਂ ਬਿਜਲੀ ਦੀ ਤਾਰ ਚੋਰੀ ਦੇ ਮਾਮਲੇ ਵਿੱਚ ਇੱਕ ਮੁਲਜ਼ਮ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਗ੍ਰਿਫਤਾਰ ਮੁਲਜ਼ਮ ਦੇ ਕਬਜ਼ੇ ਵਿੱਚੋਂ 13 ਕਿਲੋ 600 ਗ੍ਰਾਮ ਚੋਰੀਸ਼ੁਦਾ ਤਾਂਬੇ ਦੀ ਤਾਰ ਅਤੇ ਵਾਰਦਾਤ ਵਿੱਚ ਵਰਤੀ ਇੱਕ ਮੋਟਰਸਾਈਕਲ ਬਰਾਮਦ ਕੀਤੀ ਗਈ ਹੈ।

ਗ੍ਰਿਫਤਾਰ ਮੁਲਜ਼ਮ ਦੀ ਪਛਾਣ ਅਜੀਤ ਸਿੰਘ ਉਰਫ ਚੇਤਨ ਸਿੰਘ ਪੁੱਤਰ ਮੰਗਲ ਸਿੰਘ ਵਾਸੀ ਪਿੰਡ ਖੇੜੀ ਸਰਫਲੀ, ਅਸੰਧ, ਜ਼ਿਲ੍ਹਾ ਕਰਨਾਲ ਵਜੋਂ ਹੋਈ ਹੈ।

ਮਾਮਲੇ ਵਿੱਚ ਕਾਰਵਾਈ ਥਾਣਾ ਅਸੰਧ ਇੰਚਾਰਜ ਇੰਸਪੈਕਟਰ ਰਾਜੇਸ਼ ਕੁਮਾਰ ਦੀ ਅਗਵਾਈ ਵਿੱਚ ਬਣੀ ਪੁਲਿਸ ਟੀਮ ਵੱਲੋਂ ਕੀਤੀ ਗਈ। ਪੁਲਿਸ ਟੀਮ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਮੁਲਜ਼ਮ ਅਜੀਤ ਸਿੰਘ ਨੂੰ ਖੇੜੀ ਮੰਡਵਾਲ ਤੋਂ ਕਾਬੂ ਕਰਕੇ ਗ੍ਰਿਫਤਾਰ ਕੀਤਾ। ਮੁਲਜ਼ਮ ਦੇ ਕਬਜ਼ੇ ਵਿੱਚੋਂ ਚੋਰੀਸ਼ੁਦਾ 13 ਕਿਲੋ 600 ਗ੍ਰਾਮ ਤਾਂਬੇ ਦੀ ਤਾਰ ਅਤੇ ਵਾਰਦਾਤ ਵਿੱਚ ਵਰਤੀ ਮੋਟਰਸਾਈਕਲ ਬਰਾਮਦ ਕੀਤੀ ਗਈ।

ਮਾਮਲੇ ਦੇ ਜਾਂਚ ਅਧਿਕਾਰੀ ਸਹਾਇਕ ਸਬ ਇੰਸਪੈਕਟਰ ਮਹਿੰਦਰ ਸਿੰਘ ਨੇ ਦੱਸਿਆ ਕਿ ਥਾਣਾ ਅਸੰਧ ਵਿੱਚ ਖੇਤਾਂ ਤੋਂ ਬਿਜਲੀ ਦੀ ਤਾਰ ਚੋਰੀ ਹੋਣ ਸਬੰਧੀ ਮਾਮਲਾ ਦਰਜ ਕੀਤਾ ਗਿਆ ਸੀ। ਸ਼ਿਕਾਇਤ ਅਨੁਸਾਰ ਸ਼ਿਕਾਇਤਕਰਤਾ ਦੇ ਖੇਤ ਤੋਂ ਬਿਜਲੀ ਦੀ ਤਾਰ ਅਤੇ ਆਸ-ਪਾਸ ਦੇ ਕਿਸਾਨਾਂ ਦੇ ਖੇਤਾਂ ਤੋਂ ਵੀ ਬਿਜਲੀ ਦੀਆਂ ਮੋਟਰਾਂ ਦੀ ਤਾਰ, ਗ੍ਰਿਪ ਅਤੇ ਹੋਰ ਸਮਾਨ ਚੋਰੀ ਕੀਤਾ ਗਿਆ ਸੀ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਥਾਣਾ ਅਸੰਧ ਪੁਲਿਸ ਵੱਲੋਂ ਮੁਲਜ਼ਮਾਂ ਦੀ ਭਾਲ ਅਤੇ ਵਾਰਦਾਤਾਂ ਦੇ ਖੁਲਾਸੇ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਸਨ। ਪੁਲਿਸ ਟੀਮ ਵੱਲੋਂ ਭਰੋਸੇਯੋਗ ਸੂਚਨਾ ਦੇ ਆਧਾਰ 'ਤੇ ਤੁਰੰਤ ਕਾਰਵਾਈ ਕਰਦਿਆਂ ਮੁਲਜ਼ਮ ਅਜੀਤ ਸਿੰਘ ਨੂੰ ਕਾਬੂ ਕੀਤਾ ਗਿਆ। ਮੁਲਜ਼ਮ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਡੂੰਘੀ ਪੁੱਛਗਿੱਛ ਲਈ ਚਾਰ ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਸੀ। ਰਿਮਾਂਡ ਮਿਆਦ ਦੌਰਾਨ ਪੁਲਿਸ ਵੱਲੋਂ ਮੁਲਜ਼ਮ ਤੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਗਈ, ਜਿਸ ਦੇ ਆਧਾਰ 'ਤੇ 13 ਕਿਲੋ 600 ਗ੍ਰਾਮ ਚੋਰੀਸ਼ੁਦਾ ਤਾਂਬੇ ਦੀ ਤਾਰ ਅਤੇ ਵਾਰਦਾਤ ਵਿੱਚ ਵਰਤੀ ਮੋਟਰਸਾਈਕਲ ਬਰਾਮਦ ਕੀਤੀ ਗਈ।



ਪੁੱਛਗਿੱਛ ਦੌਰਾਨ ਮੁਲਜ਼ਮ ਨੇ ਕੁੱਲ ਅੱਠ ਵਾਰਦਾਤਾਂ ਦਾ ਖੁਲਾਸਾ ਕੀਤਾ ਹੈ। ਇਨ੍ਹਾਂ ਵਿੱਚ ਪਿੰਡ ਬਿਨੌਲਾ ਵਿੱਚ ਖੇਤਾਂ ਤੋਂ ਬਿਜਲੀ ਦੀ ਤਾਰ ਚੋਰੀ ਦੀਆਂ ਸੱਤ ਵਾਰਦਾਤਾਂ ਅਤੇ ਪਿੰਡ ਰਹੜਾ ਵਿੱਚ ਬਿਜਲੀ ਦੀ ਤਾਰ ਚੋਰੀ ਦੀ ਇੱਕ ਵਾਰਦਾਤ ਸ਼ਾਮਲ ਹੈ।

ਪੁਲਿਸ ਵੱਲੋਂ ਮੁਲਜ਼ਮ ਤੋਂ ਹੋਰ ਵਾਰਦਾਤਾਂ ਅਤੇ ਚੋਰੀਸ਼ੁਦਾ ਸਮਾਨ ਸਬੰਧੀ ਵੀ ਪੁੱਛਗਿੱਛ ਕੀਤੀ ਗਈ ਹੈ ਅਤੇ ਮਾਮਲੇ ਵਿੱਚ ਅਗਲੇਰੀ ਜਾਂਚ ਜਾਰੀ ਹੈ। ਮੁਲਜ਼ਮ ਦੀ ਪੁਲਿਸ ਰਿਮਾਂਡ ਮਿਆਦ ਖਤਮ ਹੋਣ 'ਤੇ ਉਸਨੂੰ ਅੱਜ ਮੁੜ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੋਂ ਉਸਨੂੰ ਨਿਆਇਕ ਹਿਰਾਸਤ ਵਿੱਚ ਜ਼ਿਲ੍ਹਾ ਜੇਲ੍ਹ ਭੇਜ ਦਿੱਤਾ ਗਿਆ ਹੈ।

ਕੇਅਰਟੇਕਰ ਬਣ ਕੇ ਘਰ ਵਿੱਚ ਚੋਰੀ ਦੀ ਵਾਰਦਾਤ ਨੂੰ ਅੰਜ਼ਾਮ ਦੇਣ ਵਾਲੀ ਮਹਿਲਾ ਮੁਲਜ਼ਮ ਗ੍ਰਿਫਤਾਰ

ਪੈ.ਗਾਮ-ਏ-ਜਗਤ/ਕਰਨਾਲ 10 ਸਤੰਬਰ (ਪ੍ਰਵੀਨ ਵਾਲੀਆ)

ਜ਼ਿਲ੍ਹਾ ਪੁਲਿਸ ਕਰਨਾਲ ਵੱਲੋਂ ਚੋਰੀ ਦੀਆਂ ਵਾਰਦਾਤਾਂ ਵਿੱਚ ਸ਼ਾਮਲ ਮੁਲਜ਼ਮਾਂ ਖਿਲਾਫ ਲਗਾਤਾਰ ਪ੍ਰਭਾਵੀ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਲੜੀ ਵਿੱਚ ਥਾਣਾ ਅਸੰਧ ਪੁਲਿਸ ਨੇ ਘਰ ਵਿੱਚ ਕੇਅਰਟੇਕਰ ਵਜੋਂ ਕੰਮ ਕਰਦਿਆਂ ਅਲਮਾਰੀ ਵਿੱਚੋਂ ਨਕਦੀ ਅਤੇ ਸੋਨੇ ਦੇ ਗਹਿਣੇ ਚੋਰੀ ਕਰਨ ਦੇ ਮਾਮਲੇ ਵਿੱਚ ਮਹਿਲਾ ਮੁਲਜ਼ਮ ਨੂੰ ਗ੍ਰਿਫਤਾਰ ਕਰਕੇ ਅਹਿਮ ਬਰਾਮਦਗੀ ਕੀਤੀ ਹੈ।

ਗ੍ਰਿਫਤਾਰ ਮਹਿਲਾ ਮੁਲਜ਼ਮ ਦੀ ਪਛਾਣ ਪੂਜਾ ਪਤਨੀ ਰਵਿੰਦਰ, ਵਾਸੀ ਪਿੰਡ ਮਰਦਾਨਹੇੜੀ, ਅਸੰਧ, ਜ਼ਿਲ੍ਹਾ ਕਰਨਾਲ ਵਜੋਂ ਹੋਈ ਹੈ।

ਮਾਮਲੇ ਵਿੱਚ ਜਾਂਚ ਅਧਿਕਾਰੀ ਮੁੱਖ ਸਿਪਾਹੀ ਪ੍ਰਮੋਦ ਕੁਮਾਰ ਨੇ ਦੱਸਿਆ ਕਿ ਸ਼ਿਕਾਇਤਕਰਤਾ ਅਮਰੀਕ ਸਿੰਘ ਅਸੰਧ ਨੇ ਥਾਣਾ ਅਸੰਧ ਵਿੱਚ ਸ਼ਿਕਾਇਤ ਦਿੱਤੀ ਸੀ ਕਿ ਉਸਦੀ ਪਤਨੀ ਦੀ ਸਿਰ ਦੀ ਸਰਜਰੀ ਹੋਈ ਸੀ ਅਤੇ ਉਹ ਬੋਲਣ-ਸੁਣਨ ਵਿੱਚ ਅਸਮਰੱਥ ਸੀ। ਉਸਦੀ ਦੇਖਭਾਲ ਲਈ ਮੁਲਜ਼ਮ ਔਰਤ ਨੂੰ ਕੇਅਰਟੇਕਰ ਵਜੋਂ ਘਰ ਵਿੱਚ ਰੱਖਿਆ ਗਿਆ ਸੀ। ਮਿਤੀ 10 ਅਗਸਤ 2026 ਨੂੰ ਪਰਿਵਾਰ ਦੇ ਮੈਂਬਰ ਘਰ ਤੋਂ ਬਾਹਰ ਗਏ ਹੋਏ ਸਨ। ਦੋਸ਼ ਹੈ ਕਿ ਇਸੇ ਦੌਰਾਨ ਔਰਤ ਨੇ ਅਲਮਾਰੀ ਦੀ ਚਾਬੀ ਕੱਢ ਕੇ ਉਸ ਵਿੱਚ ਰੱਖੇ ਸੋਨੇ ਦੇ ਗਹਿਣੇ ਅਤੇ ਨਕਦੀ ਚੋਰੀ ਕਰ ਲਈ।

- **ਲੱਖਾਂ ਦੀ ਨਕਦੀ ਅਤੇ ਗਹਿਣੇ ਬਰਾਮਦ**



ਸ਼ਿਕਾਇਤ ਦੇ ਆਧਾਰ 'ਤੇ ਥਾਣਾ ਅਸੰਧ ਵਿੱਚ ਚੋਰੀ ਦੀਆਂ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਸੀ।


ਥਾਣਾ ਅਸੰਧ ਇੰਚਾਰਜ ਇੰਸਪੈਕਟਰ ਰਾਜੇਸ਼ ਕੁਮਾਰ ਦੀ ਅਗਵਾਈ ਵਿੱਚ ਮੁੱਖ ਸਿਪਾਹੀ ਪ੍ਰਮੋਦ ਕੁਮਾਰ ਦੀ ਟੀਮ ਵੱਲੋਂ ਮਹਿਲਾ ਮੁਲਜ਼ਮ ਨੂੰ ਗ੍ਰਿਫਤਾਰ ਕੀਤਾ ਗਿਆ। ਪੁਲਿਸ ਵੱਲੋਂ ਮੁਲਜ਼ਮ ਦੇ ਕਬਜ਼ੇ ਵਿੱਚੋਂ 6 ਲੱਖ 2 ਹਜ਼ਾਰ ਰੁਪਏ ਦੀ ਨਕਦੀ, ਚਾਂਦੀ ਦੀਆਂ ਦੋ ਜੋੜੀ ਪੰਜੇਬਾਂ, ਚਾਂਦੀ ਦੇ ਦੋ ਬਰੈਸਲੇਟ ਅਤੇ ਇੱਕ ਸੋਨੇ ਦਾ ਲਾਕੇਟ ਬਰਾਮਦ ਕੀਤਾ ਗਿਆ।

ਗ੍ਰਿਫਤਾਰ ਮੁਲਜ਼ਮ ਔਰਤ ਨੂੰ ਮਾਣਯੋਗ ਅਦਾਲਤ ਸਾਹਮਣੇ ਪੇਸ਼ ਕੀਤਾ ਗਿਆ ਸੀ, ਜਿੱਥੋਂ ਦੋ ਦਿਨ ਦਾ ਪੁਲਿਸ ਰਿਮਾਂਡ ਮਨਜ਼ੂਰ ਹੋਇਆ। ਰਿਮਾਂਡ ਮਿਆਦ ਖਤਮ ਹੋਣ 'ਤੇ ਅੱਜ ਮੁਲਜ਼ਮ ਔਰਤ ਨੂੰ ਮੁੜ ਮਾਣਯੋਗ ਅਦਾਲਤ ਸਾਹਮਣੇ ਪੇਸ਼ ਕੀਤਾ ਗਿਆ, ਜਿੱਥੋਂ ਉਸਨੂੰ ਨਿਆਇਕ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਹੈ। ਮਾਮਲੇ ਵਿੱਚ ਅਗਲੇਰੀ ਜਾਂਚ ਜਾਰੀ ਹੈ।

ਪਿਤਾ ਜੀ ਦੀ ਬਰਸੀ ਰੋਟਰੀ ਆਈ ਬੈਂਕ ਨੂੰ ਮਾਲੀ ਸਹਾਇਤਾ ਦੇ ਕੇ ਯਾਦਗਾਰੀ ਬਣਾਈ

ਗੜ੍ਹਸ਼ੰਕਰ, 10 ਸਤੰਬਰ (ਪੈ.ਗਾਮ-ਏ-ਜਗਤ)

ਗੜ੍ਹਸ਼ੰਕਰ ਰੋਟਰੀ ਆਈ ਬੈਂਕ ਅਤੇ ਕੋਰਨੀਆ ਟਰਾਂਸਪਲਾਂਟ ਸੁਸਾਈਟੀ ਨੇਤਰਹੀਣਾਂ ਨੂੰ ਰੋਸ਼ਨੀ ਪ੍ਰਦਾਨ ਕਰਨ ਤੋਂ ਅਤੇ ਸਰੀਰ ਦਾਨ ਕਰਨ ਲਈ ਕੰਮ ਕਰਦੀ ਹੈ। ਡਾਕਟਰ ਨਿਰਮਲ ਕੁਮਾਰ, ਸੀਨੀਅਰ ਮੈਡੀਕਲ ਅਫਸਰ, ਬਿਨੇਵਾਲ, ਗੜ੍ਹ ਸ਼ੰਕਰ ਵੱਲੋਂ ਆਪਣੇ ਪਿਤਾ ਜੀ ਸ਼੍ਰੀ ਮੋਹਣ ਲਾਲ ਜੀ ਦੀ ਯਾਦ ਵਿੱਚ ਉਹਨਾਂ ਦੀ ਬਰਸੀ 'ਤੇ 25 ਹਜ਼ਾਰ ਰੁਪਏ ਦੀ ਦਾਨ ਰਾਸ਼ੀ ਭੇਟ ਕੀਤੀ, ਤਾਂ ਜੋ ਉਹਨਾਂ ਦੀ ਯਾਦ ਵਿੱਚ ਕਿਸੇ ਲੋੜਵੰਦ ਨੂੰ ਰੋਸ਼ਨੀ ਮਿਲ ਸਕੇ।



ਸੰਸਥਾ ਵੱਲੋਂ ਸ੍ਰੀ ਜੇ. ਬੀ. ਬਹਿਲ, ਪ੍ਰਧਾਨ, ਡਾਕਟਰ ਤਰਸੇਮ ਸਿੰਘ, ਚੇਅਰਮੈਨ ਬਾਡੀ ਡੋਨੇਸ਼ਨ ਕਮੇਟੀ, ਪ੍ਰੋਫੈਸਰ ਦਲਜੀਤ ਸਿੰਘ, ਜਨਰਲ ਸਕੱਤਰ, ਸ੍ਰੀ ਮਹਾਜਨ, ਕੈਸ਼ੀਅਰ, ਸ੍ਰੀ ਕਨਵਰ ਮੋਟੀਵੇਟਰ, ਗੜ੍ਹ ਸ਼ੰਕਰ ਯੂਨਿਟ ਦੇ ਪ੍ਰਧਾਨ ਡਾਕਟਰ ਲਖਵਿੰਦਰ ਕੁਮਾਰ, ਭੁਪਿੰਦਰ ਸਿੰਘ, ਜਨਰਲ ਸਕੱਤਰ, ਓਕਾਰ ਸਿੰਘ ਚਹਿਲਪੁਰੀ, ਸਕੱਤਰ, ਰਾਜਨ ਸਲਣ, ਕੈਸ਼ੀਅਰ, ਰਮਨਦੀਪ ਸਿੰਘ, ਦਫਤਰ, ਅਜਾਇਬ ਸਿੰਘ ਬੋਪਾ ਰਾਏ, ਸਕੱਤਰ ਮੌਜੂਦ ਸਨ।

ਸੰਸਥਾ ਵੱਲੋਂ ਸ੍ਰੀ ਜੇ. ਬੀ. ਬਹਿਲ ਤੇ ਡਾਕਟਰ ਤਰਸੇਮ ਸਿੰਘ ਨੇ ਡਾਕਟਰ ਨਿਰਮਲ ਸਿੰਘ ਜੀ ਦਾ ਇਹ ਮਹਾਨ ਪਰਉਪਕਾਰੀ ਕੰਮ ਲਈ ਧੰਨਵਾਦ ਕੀਤਾ। ਸੰਸਥਾ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਹੁਣ ਤੱਕ 4174 ਲੋਕਾਂ ਦੀ ਅੱਖਾਂ ਦੀ ਪੁਤਲੀ ਬਦਲਵਾ ਕੇ ਰੋਸ਼ਨੀ ਪ੍ਰਦਾਨ ਕਰ ਚੁੱਕੀ ਹੈ। ਇਹ ਸੇਵਾ ਨਿਰੰਤਰ ਜਾਰੀ ਹੈ। ਜਿੱਥੇ ਵੀ ਕੋਈ ਵਿਅਕਤੀ ਅੱਖ ਦੀ ਖਰਾਬ ਪੁਤਲੀ ਤੋਂ ਪੀੜਤ ਹੈ, ਉਹ ਉਹਨਾਂ ਦੀ ਸੰਸਥਾ ਨਾਲ ਜਾਂ ਡਾਕਟਰ ਨਿਰਮਲ ਸਿੰਘ, ਸੀਨੀਅਰ ਮੈਡੀਕਲ ਅਫਸਰ ਨਾਲ ਸੰਪਰਕ ਕਰਨ। ਇਹ ਸੇਵਾ ਲੋੜਵੰਦਾਂ ਲਈ ਬਿਲਕੁਲ ਫਰੀ ਹੈ।

ਹਰੋਲੀ ਭਾਜਪਾ ਆਗੂ ਪਵਨ ਬੀਟਨ ਨੇ ਡਾ. ਮੱਲਿਕਾ ਨੱਡਾ ਨਾਲ ਕੀਤੀ ਮੁਲਾਕਾਤ, ਖੇਤਰ ਦੀਆਂ ਸਮੱਸਿਆਵਾਂ 'ਤੇ ਹੋਈ ਚਰਚਾ

ਹਰੋਲੀ/ਊਨਾ, 10 ਸਤੰਬਰ (ਪੈ.ਗਾਮ-ਏ-ਜਗਤ)

ਹਰੋਲੀ ਭਾਜਪਾ ਆਗੂ ਪਵਨ ਬੀਟਨ ਨੇ ਸਪੈਸ਼ਲ ਓਲੰਪਿਕਸ ਭਾਰਤ ਦੀ ਪ੍ਰਧਾਨ ਡਾ. ਮੱਲਿਕਾ ਨੱਡਾ ਨਾਲ ਉਨ੍ਹਾਂ ਦੇ ਬਿਲਾਸਪੁਰ ਸਥਿਤ ਨਿਵਾਸ ਸਥਾਨ 'ਤੇ ਕਈ ਮੁਲਾਕਾਤਾਂ ਕੀਤੀਆਂ ਹਨ। ਇਸ ਦੌਰਾਨ ਖੇਤਰ ਦੀਆਂ ਜਨ ਸਮੱਸਿਆਵਾਂ ਅਤੇ ਜਨਹਿੱਤ ਨਾਲ ਜੁੜੇ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।



ਪਵਨ ਬੀਟਨ ਨੇ ਖੇਤਰ ਦੀਆਂ ਸਮੱਸਿਆਵਾਂ ਨਾਲ ਸਬੰਧਤ ਮੰਗ ਪੱਤਰ ਵੀ ਡਾ. ਮੱਲਿਕਾ ਨੱਡਾ ਨੂੰ ਸੌਂਪਿਆ। ਉਨ੍ਹਾਂ ਨੇ ਖੇਤਰ ਦੀਆਂ ਪ੍ਰਮੁੱਖ ਸਮੱਸਿਆਵਾਂ ਨੂੰ ਉਨ੍ਹਾਂ ਦੇ ਸਾਹਮਣੇ ਰੱਖਦਿਆਂ ਇਨ੍ਹਾਂ ਦੇ ਹੱਲ ਲਈ ਲੋੜੀਂਦੇ ਕਦਮ ਚੁੱਕਣ ਦੀ ਅਪੀਲ ਕੀਤੀ। ਮੁਲਾਕਾਤ ਦੌਰਾਨ ਖੇਤਰ ਦੇ ਵਿਕਾਸ ਅਤੇ ਜਨਹਿੱਤ ਨਾਲ ਜੁੜੇ ਕਈ ਮਹੱਤਵਪੂਰਨ ਵਿਸ਼ਿਆਂ 'ਤੇ ਵੀ ਚਰਚਾ ਹੋਈ।

ਆਂਗਣਵਾੜੀ ਕੇਂਦਰਾਂ 'ਚ ਪੋਸ਼ਣ ਸਬੰਧੀ ਸੌਂਹ ਨਾਲ 9ਵੇਂ ਰਾਸ਼ਟਰੀ ਪੋਸ਼ਣ ਮਾਹ ਦੀ ਸ਼ੁਰੂਆਤ

ਸੰਗਰੂਰ, 10 ਸਤੰਬਰ (ਪੈ.ਗਾਮ-ਏ-ਜਗਤ)

ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਸੰਗਰੂਰ ਦੇ ਆਂਗਣਵਾੜੀ ਕੇਂਦਰਾਂ ਵਿੱਚ 9ਵੇਂ ਰਾਸ਼ਟਰੀ ਪੋਸ਼ਣ ਮਾਹ ਦੀ ਸ਼ੁਰੂਆਤ ਪੋਸ਼ਣ ਸਬੰਧੀ ਸੌਂਹ ਚੁੱਕ ਕੇ ਕੀਤੀ ਗਈ। ਇਸ ਮੌਕੇ ਆਂਗਣਵਾੜੀ ਵਰਕਰਾਂ, ਹੈਲਪਰਾਂ ਅਤੇ ਲਾਭਪਾਤਰੀਆਂ ਨੇ ਸਹੀ ਪੋਸ਼ਣ ਦਾ ਸੁਨੇਹਾ ਘਰ-ਘਰ ਪਹੁੰਚਾਉਣ ਅਤੇ ਕੁਪੋਸ਼ਣ ਦੇ ਖ਼ਾਤਮੇ ਲਈ ਆਪਣਾ ਯੋਗਦਾਨ ਪਾਉਣ ਦਾ ਅਹਿਦ ਲਈ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸੰਗਰੂਰ ਪ੍ਰਦੀਪ ਸਿੰਘ ਗਿੱਲ ਨੇ ਕਿਹਾ ਕਿ ਰਾਸ਼ਟਰੀ ਪੋਸ਼ਣ ਮਾਹ ਦਾ ਮੁੱਖ ਮਕਸਦ ਬੱਚਿਆਂ, ਮਹਿਲਾਵਾਂ ਅਤੇ ਪਰਿਵਾਰਾਂ ਵਿੱਚ ਸਹੀ ਪੋਸ਼ਣ, ਸੰਤੁਲਿਤ ਖ਼ੁਰਾਕ ਅਤੇ ਸਿਹਤਮੰਦ ਜੀਵਨ-ਸ਼ੈਲੀ ਪ੍ਰਤੀ ਜਾਗਰੂਕਤਾ ਵਧਾਉਣਾ ਹੈ। ਉਨ੍ਹਾਂ ਕਿਹਾ ਕਿ ਤੰਦਰੁਸਤ ਬਚਪਨ ਦੀ ਨੀਂਹ ਸਹੀ ਪੋਸ਼ਣ ਨਾਲ ਪੈਂਦੀ ਹੈ ਅਤੇ ਬੱਚਿਆਂ ਨੂੰ ਉਮਰ ਅਨੁਸਾਰ ਪੌਸ਼ਟਿਕ ਖ਼ੁਰਾਕ ਦੇਣ ਦੇ ਨਾਲ-ਨਾਲ ਖੇਡ-ਖੇਡ ਰਾਹੀਂ ਸਿੱਖਿਆ ਦੇ ਕੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਨੂੰ ਹੁਲਾਰਾ ਦਿੱਤਾ ਜਾਂਦਾ ਹੈ। ਗਿੱਲ ਨੇ ਕਿਹਾ ਕਿ ਗਰਭਵਤੀ ਮਹਿਲਾਵਾਂ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਦੀ ਖ਼ੁਰਾਕ ਤੇ ਸਿਹਤ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਣਾ ਵੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪਰਿਵਾਰ ਵਿੱਚ ਪੋਸ਼ਣ ਪ੍ਰਤੀ ਸਹੀ ਸਮਝ ਵਿਕਸਤ ਹੋਣ ਨਾਲ ਮਾਂ ਅਤੇ ਬੱਚੇ ਦੀ ਸਿਹਤ ਨੂੰ ਬਿਹਤਰ ਬਣਾਉਣ ਵਿੱਚ ਮਦਦ ਮਿਲਦੀ ਹੈ।

ਸੰਤੋਖਗੜ੍ਹ ਨਗਰ ਕੌਂਸਲ ਦੇ ਕੰਮਾਂ ਵਿੱਚ ਹੁਣ ਤੀਜੇ ਵਿਅਕਤੀਆਂ ਦੀ ਦਖਲਅੰਦਾਜ਼ੀ 'ਤੇ ਰੋਕ, ਸਿਰ.ਫ ਚੁਣੇ ਹੋਏ ਮੈਂਬਰਾਂ ਦੀ ਮੁੱਢਲੀ ਭਾਗੀਦਾਰੀ ਜ਼ਰੂਰੀ

ਸੰਤੋਖਗੜ੍ਹ/ਊਨਾ, 10 ਸਤੰਬਰ (ਪੈ.ਗਾਮ-ਏ-ਜਗਤ)

ਨਗਰ ਕੌਂਸਲ ਸੰਤੋਖਗੜ੍ਹ ਨੇ ਅਧਿਕਾਰਤ ਅਤੇ ਨਿਰਮਾਣ ਕਾਰਜਾਂ ਵਿੱਚ ਤੀਜੇ ਵਿਅਕਤੀਆਂ ਦੀ ਭਾਗੀਦਾਰੀ ਨੂੰ ਲੈ ਕੇ ਦਫ਼ਤਰੀ ਹੁਕਮ ਜਾਰੀ ਕੀਤਾ ਹੈ।

ਹੁਕਮ ਨੰਬਰ MCS/ Order/ 2026/ 1093-1105 ਤਹਿਤ ਨਿਰਦੇਸ਼ ਦਿੱਤੇ ਗਏ ਹਨ ਕਿ ਨਗਰ ਕੌਂਸਲ ਖੇਤਰ ਵਿੱਚ ਕੀਤੇ ਜਾਣ ਵਾਲੇ ਅਧਿਕਾਰਤ ਕਾਰਜਾਂ ਅਤੇ ਨਿਰਮਾਣ ਕਾਰਜਾਂ ਵਿੱਚ ਅਗਲੇ ਹੁਕਮਾਂ ਤੱਕ ਕਿਸੇ ਵੀ ਨਵੇਂ ਸਿਵਲ ਕਾਰਜ ਨੂੰ ਸ਼ੁਰੂ ਕਰਨ ਤੋਂ ਪਹਿਲਾਂ ਸਿਰਫ਼ ਚੁਣੇ ਹੋਏ ਮੈਂਬਰਾਂ ਦੀ ਮੁੱਢਲੀ ਭਾਗੀਦਾਰੀ ਯਕੀਨੀ ਬਣਾਈ ਜਾਵੇ।

ਦਫ਼ਤਰੀ ਹੁਕਮ ਵਿੱਚ ਕਿਹਾ ਗਿਆ ਹੈ ਕਿ ਅਧੋਹਸਤਾਖਰੀ ਦੇ ਧਿਆਨ ਵਿੱਚ ਆਇਆ ਹੈ ਕਿ ਕੁਝ ਤੀਜੇ ਵਿਅਕਤੀ ਨਗਰ ਕੌਂਸਲ ਖੇਤਰ ਵਿੱਚ ਅਧਿਕਾਰਤ ਪ੍ਰਕਿਰਿਆ ਅਤੇ ਹੋਰ ਨਿਰਮਾਣ ਕਾਰਜਾਂ ਵਿੱਚ ਭਾਗ ਲੈ ਰਹੇ ਹਨ। ਇਸੇ ਮੱਦੇਨਜ਼ਰ ਇਹ ਨਿਰਦੇਸ਼ ਜਾਰੀ ਕੀਤੇ ਗਏ ਹਨ।

ਹੁਕਮ ਦੀਆਂ ਕਾਪੀਆਂ ਨਗਰ ਕੌਂਸਲ ਦੇ ਪ੍ਰਧਾਨ ਅਤੇ ਉਪ-ਪ੍ਰਧਾਨ, ਸਾਰੇ ਚੁਣੇ ਹੋਏ ਮੈਂਬਰਾਂ ਅਤੇ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਭੇਜ ਕੇ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਇਸ ਦੇ ਨਾਲ ਹੀ ਹੁਕਮ ਦੀ ਇੱਕ ਕਾਪੀ ਗਾਰਡ ਫਾਈਲ ਵਿੱਚ ਰੱਖਣ ਲਈ ਕਿਹਾ ਗਿਆ ਹੈ। ਨਗਰ ਕੌਂਸਲ ਦੇ ਇਸ ਹੁਕਮ ਤੋਂ ਬਾਅਦ ਹੁਣ ਇਹ ਸਪੱਸ਼ਟ ਕੀਤਾ ਗਿਆ ਹੈ ਕਿ ਨਵੇਂ ਸਿਵਲ ਅਤੇ ਹੋਰ ਅਧਿਕਾਰਤ ਕਾਰਜਾਂ ਦੀ ਮੁੱਢਲੀ ਪ੍ਰਕਿਰਿਆ ਵਿੱਚ ਚੁਣੇ ਹੋਏ ਨੁਮਾਇੰਦਿਆਂ ਦੀ ਭਾਗੀਦਾਰੀ ਨੂੰ ਤਰਜੀਹ ਦਿੱਤੀ ਜਾਵੇਗੀ।

ਹਰ ਖੇਤ ਤੱਕ ਪਾਣੀ ਦੀ ਰਾਹ 'ਤੇ ਹਰੋਲੀ, ਸਿੰਚਾਈ ਢਾਂਚੇ ਨੂੰ ਮਿਲ ਰਹੀ ਨਵੀਂ ਰ.ਫਤਾਰ

ਊਨਾ, 10 ਸਤੰਬਰ (ਪੈ.ਗਾਮ-ਏ-ਜਗਤ)

ਕਦੇ ਹਰੋਲੀ ਦਾ ਬੀਤ ਏਰੀਆ ਪੀਣ ਵਾਲੇ ਪਾਣੀ ਲਈ ਵੀ ਤਰਸਦਾ ਸੀ ਅਤੇ ਖੇਤੀ ਲਈ ਪਾਣੀ ਦੀ ਘਾਟ ਇੱਥੋਂ ਦੇ ਕਿਸਾਨਾਂ ਦੇ ਸਾਹਮਣੇ ਵੱਡੀ ਚੁਣੌਤੀ ਸੀ। ਹੁਣ ਇਹੀ ਖੇਤਰ ਵੱਡੇ ਪੱਧਰ 'ਤੇ ਸਿੰਚਾਈ ਸਹੂਲਤਾਂ ਨਾਲ ਜੁੜਨ ਦੀ ਰਾਹ 'ਤੇ ਹੈ। ਜਲ ਸ਼ਕਤੀ ਵਿਭਾਗ ਦੀਆਂ ਯੋਜਨਾਵਾਂ ਨਾਲ ਖੇਤਾਂ ਤੱਕ ਪਾਣੀ ਪਹੁੰਚਾਉਣ ਦਾ ਮਜ਼ਬੂਤ ਨੈੱਟਵਰਕ ਤਿਆਰ ਹੋ ਰਿਹਾ ਹੈ। 12 ਦਸੰਬਰ, 2022 ਤੋਂ ਹੁਣ ਤੱਕ ਹਰੋਲੀ ਵਿਧਾਨ ਸਭਾ ਖੇਤਰ ਵਿੱਚ ਕਰੀਬ 14 ਕਰੋੜ ਰੁਪਏ ਦੀ ਲਾਗਤ ਨਾਲ 17 ਸਿੰਚਾਈ ਨਲਕੂਪਾਂ ਦਾ ਨਿਰਮਾਣ ਪੂਰਾ ਕਰਕੇ ਉਨ੍ਹਾਂ ਨੂੰ ਜਨਤਾ ਨੂੰ ਸਮਰਪਿਤ ਕੀਤਾ ਜਾ ਚੁੱਕਾ ਹੈ। ਇਨ੍ਹਾਂ ਨਾਲ 482 ਹੈਕਟੇਅਰ ਯਾਨੀ 12,551 ਕਨਾਲ ਜ਼ਮੀਨ ਨੂੰ ਸਿੰਚਾਈ ਸਹੂਲਤ ਮਿਲ ਰਹੀ ਹੈ। ਆਉਣ ਵਾਲੇ ਸਮੇਂ ਵਿੱਚ ਪਾਣੀ ਦੀ ਉਪਲਬਧਤਾ ਵਧਣ ਦੇ ਨਾਲ ਇਨ੍ਹਾਂ ਖੇਤਾਂ ਵਿੱਚ ਫ਼ਸਲਾਂ ਲਹਿਰਾਉਣਗੀਆਂ ਅਤੇ ਕਿਸਾਨਾਂ ਨੂੰ ਖੇਤੀ ਲਈ ਵਧੇਰੇ ਭਰੋਸੇਮੰਦ ਸਿੰਚਾਈ ਸਹੂਲਤ ਮਿਲੇਗੀ।

- **215 ਕਰੋੜ ਦੀਆਂ 6 ਸਿੰਚਾਈ ਯੋਜਨਾਵਾਂ 'ਤੇ ਕੰਮ ਜਾਰੀ, 128 ਕਰੋੜ ਦੀਆਂ 5 ਨਵੀਆਂ ਯੋਜਨਾਵਾਂ ਵੀ ਪ੍ਰਸਤਾਵਿਤ**



ਸਿੰਚਾਈ ਸਹੂਲਤਾਂ ਦੇ ਵਿਸਥਾਰ ਨੂੰ ਅੱਗੇ ਵਧਾਉਂਦੇ ਹੋਏ ਇਸ ਸਮੇਂ ਹਰੋਲੀ ਖੇਤਰ ਵਿੱਚ 32 ਸਿੰਚਾਈ ਨਲਕੂਪਾਂ ਦਾ ਕੰਮ ਪ੍ਰਗਤੀ 'ਤੇ ਹੈ, ਜਿਨ੍ਹਾਂ 'ਤੇ ਕਰੀਬ 31 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ। ਇਨ੍ਹਾਂ ਦੇ ਪੂਰਾ ਹੋਣ 'ਤੇ ਕਰੀਬ 875 ਹੈਕਟੇਅਰ ਜ਼ਮੀਨ ਨੂੰ ਸਿੰਚਾਈ ਸਹੂਲਤ ਉਪਲਬਧ ਹੋਵੇਗੀ। ਇਸ ਤੋਂ ਇਲਾਵਾ 17 ਸਿੰਚਾਈ ਯੋਜਨਾਵਾਂ ਦੇ ਕਮਾਂਡ ਖੇਤਰ ਦੇ ਆਧੁਨਿਕੀਕਰਨ ਅਤੇ ਅਪਗ੍ਰੇਡੇਸ਼ਨ 'ਤੇ ਕਰੀਬ 13 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ, ਜਿਸ ਨਾਲ 850 ਹੈਕਟੇਅਰ ਜ਼ਮੀਨ ਨੂੰ ਪੂਰੀ ਸਿੰਚਾਈ ਸਹੂਲਤ ਮਿਲੇਗੀ। ਇਨ੍ਹਾਂ ਯਤਨਾਂ ਨਾਲ ਹਰੋਲੀ ਵਿੱਚ ਖੇਤੀ ਦਾ ਦਾਇਰਾ ਵਧੇਗਾ ਅਤੇ ਕਿਸਾਨਾਂ ਨੂੰ ਆਪਣੀ ਜ਼ਮੀਨ ਦੀ ਬਿਹਤਰ ਵਰਤੋਂ ਕਰਨ ਦਾ ਮੌਕਾ ਮਿਲੇਗਾ।

ਪ੍ਰਧਾਨ ਮੰਤਰੀ ਕ੍ਰਿਸ਼ੀ ਸਿੰਚਾਈ ਯੋਜਨਾ ਤਹਿਤ ਸਿੰਚਾਈ ਯੋਜਨਾ ਬੀਤ ਏਰੀਆ ਫੇਜ਼-2 ਇਸ ਬਦਲਾਅ ਦੀ ਸਭ ਤੋਂ ਮਹੱਤਵਪੂਰਨ ਕੜੀ ਹੈ। ਕਰੀਬ 75 ਕਰੋੜ ਰੁਪਏ ਦੀ ਅਨੁਮਾਨਿਤ ਲਾਗਤ ਵਾਲੀ ਇਸ ਯੋਜਨਾ ਦਾ 75 ਪ੍ਰਤੀਸ਼ਤ ਕੰਮ ਪੂਰਾ ਹੋ ਚੁੱਕਾ ਹੈ ਅਤੇ ਬਾਕੀ ਕੰਮ ਜੂਨ, 2027 ਤੱਕ ਪੂਰਾ ਕਰਨ ਦਾ ਟੀਚਾ ਹੈ। ਯੋਜਨਾ ਤਹਿਤ ਸਵਾਂ ਨਦੀ ਦੇ ਕੰਢੇ 9 ਖੂਹਾਂ ਦਾ ਨਿਰਮਾਣ ਕਰਕੇ ਪਾਣੀ ਨੂੰ ਪੰਪਿੰਗ ਰਾਹੀਂ 11 ਲੱਖ ਲੀਟਰ ਸਮਰੱਥਾ ਵਾਲੇ ਟੈਂਕ ਵਿੱਚ ਇਕੱਠਾ ਕੀਤਾ ਜਾਵੇਗਾ।

ਇਸ ਤੋਂ ਬਾਅਦ 600, 450 ਅਤੇ 400 ਮਿਲੀਮੀਟਰ ਵਿਆਸ ਵਾਲੀਆਂ ਚਾਰ ਮੁੱਖ ਪਾਈਪ ਲਾਈਨਾਂ ਰਾਹੀਂ ਪਾਣੀ ਪੋਲੀਆਂ, ਕੁੰਗੜਤ, ਪਾਲਕਵਾਹ ਅਤੇ ਜੋੜੀਆਂ ਤੱਕ ਪਹੁੰਚਾਇਆ ਜਾਵੇਗਾ। ਉੱਥੋਂ ਵੰਡ ਪ੍ਰਣਾਲੀ ਰਾਹੀਂ 28 ਪਿੰਡਾਂ ਦੀ 1,874 ਹੈਕਟੇਅਰ ਜ਼ਮੀਨ ਨੂੰ ਸਿੰਚਾਈ ਸਹੂਲਤ ਮਿਲੇਗੀ। ਯੋਜਨਾ ਪੂਰੀ ਹੋਣ ਤੋਂ ਬਾਅਦ ਬੀਤ ਏਰੀਆ ਸਮੇਤ ਆਸ-ਪਾਸ ਦੇ ਪਿੰਡਾਂ ਦੇ ਖੇਤਾਂ ਨੂੰ ਲੋੜੀਂਦਾ ਸਿੰਚਾਈ ਪਾਣੀ ਮਿਲਣ ਦੀ ਉਮੀਦ ਹੈ ਅਤੇ ਖੇਤਰ ਦੀਆਂ ਖੇਤੀਬਾੜੀ ਗਤੀਵਿਧੀਆਂ ਨੂੰ ਨਵੀਂ ਗਤੀ ਮਿਲੇਗੀ।

ਹਰੋਲੀ ਬਲਾਕ ਕਲੱਸਟਰ ਵਿੱਚ ਐਮਸੀਏਡੀ ਯੋਜਨਾ ਦੇ ਲਾਗੂਕਰਨ ਲਈ 97 ਕਰੋੜ ਰੁਪਏ ਦੀ ਕੇਂਦਰੀ ਸਹਾਇਤਾ ਨੂੰ ਮਨਜ਼ੂਰੀ ਮਿਲ ਚੁੱਕੀ ਹੈ। ਜਿਸ ਵਿੱਚ ਪੁਰਾਣੀਆਂ ਸਿੰਚਾਈ ਯੋਜਨਾਵਾਂ ਦਾ ਅਪਗ੍ਰੇਡੇਸ਼ਨ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ 128 ਕਰੋੜ ਰੁਪਏ ਦੀ ਅਨੁਮਾਨਿਤ ਲਾਗਤ ਵਾਲੀਆਂ ਪੰਜ ਸਿੰਚਾਈ ਯੋਜਨਾਵਾਂ ਦੀ ਡੀਪੀਆਰ ਵੀ ਮਨਜ਼ੂਰੀ ਲਈ ਭੇਜੀਆਂ ਗਈਆਂ ਹਨ। ਇਨ੍ਹਾਂ ਵਿੱਚ ਦੋ ਡੀਪੀਆਰ ਪ੍ਰਧਾਨ ਮੰਤਰੀ ਕ੍ਰਿਸ਼ੀ ਸਿੰਚਾਈ ਯੋਜਨਾ ਅਤੇ ਤਿੰਨ ਡੀਪੀਆਰ ਨਾਬਾਰਡ ਤਹਿਤ ਪ੍ਰਸਤਾਵਿਤ ਹਨ। ਮਨਜ਼ੂਰੀ ਮਿਲਦੇ ਹੀ ਇਨ੍ਹਾਂ ਯੋਜਨਾਵਾਂ 'ਤੇ ਕੰਮ ਸ਼ੁਰੂ ਕੀਤਾ ਜਾਵੇਗਾ।

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਕਿਹਾ ਕਿ ਹਰੋਲੀ ਵਿੱਚ ਸਿੰਚਾਈ ਸਹੂਲਤਾਂ ਦਾ ਵਿਸਥਾਰ ਸਿਰਫ਼ ਯੋਜਨਾਵਾਂ ਅਤੇ ਨਿਰਮਾਣ ਕਾਰਜਾਂ ਤੱਕ ਸੀਮਿਤ ਨਹੀਂ ਹੈ, ਸਗੋਂ ਇਸ ਦਾ ਸਿੱਧਾ ਸਬੰਧ ਕਿਸਾਨਾਂ ਦੀ ਆਮਦਨ, ਖੇਤੀ ਉਤਪਾਦਨ ਅਤੇ ਪੇਂਡੂ ਅਰਥਵਿਵਸਥਾ ਨੂੰ ਮਜ਼ਬੂਤ ਕਰਨ ਨਾਲ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਹਰੋਲੀ ਵਿਧਾਨ ਸਭਾ ਖੇਤਰ ਵਿੱਚ ਕਰੀਬ 215 ਕਰੋੜ ਰੁਪਏ ਦੀਆਂ ਛੇ ਸਿੰਚਾਈ ਯੋਜਨਾਵਾਂ ਜਾਂ ਤਾਂ ਪੂਰੀਆਂ ਹੋ ਚੁੱਕੀਆਂ ਹਨ ਜਾਂ ਉਨ੍ਹਾਂ 'ਤੇ ਕੰਮ ਚੱਲ ਰਿਹਾ ਹੈ, ਜਦਕਿ ਕਰੀਬ 128 ਕਰੋੜ ਰੁਪਏ ਦੀਆਂ ਪੰਜ ਨਵੀਆਂ ਸਿੰਚਾਈ ਯੋਜਨਾਵਾਂ ਪ੍ਰਸਤਾਵਿਤ ਹਨ।

ਇਨ੍ਹਾਂ ਯੋਜਨਾਵਾਂ ਦੇ ਪੂਰਾ ਹੋਣ ਨਾਲ ਹਰੋਲੀ ਵਿੱਚ ਸਿੰਚਾਈ ਦਾ ਦਾਇਰਾ ਹੋਰ ਵਧੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਵੱਡੀ ਮਾਤਰਾ ਵਿੱਚ ਖੇਤੀਬਾੜੀ ਜ਼ਮੀਨ ਪਾਣੀ ਨਾਲ ਜੁੜੇਗੀ। ਕਦੇ ਪਾਣੀ ਦੀ ਘਾਟ ਲਈ ਪਛਾਣੇ ਜਾਣ ਵਾਲੇ ਬੀਤ ਏਰੀਆ ਵਿੱਚ ਹੁਣ ਖੇਤਾਂ ਵਿੱਚ ਫ਼ਸਲਾਂ ਲਹਿਰਾਉਣ ਦੀ ਨਵੀਂ ਉਮੀਦ ਜਗੀ ਹੈ।

ਮੁੱਖ ਮੰਤਰੀ ਸੁਖ ਆਸ਼ਰਯ ਯੋਜਨਾ ਤੋਂ ਊਨਾ ਦੇ 399 ਬੱਚਿਆਂ ਨੂੰ ਮਿਲਿਆ ਲਾਭ

ਊਨਾ, 10 ਸਤੰਬਰ (ਪੈ.ਗਾਮ-ਏ-ਜਗਤ)

ਮੁੱਖ ਮੰਤਰੀ ਸੁਖ ਆਸ਼ਰਯ ਯੋਜਨਾ ਤਹਿਤ ਊਨਾ ਜ਼ਿਲ੍ਹੇ ਵਿੱਚ ਹੁਣ ਤੱਕ 399 ਯੋਗ ਬੱਚਿਆਂ ਨੂੰ ਲਾਭ ਪਹੁੰਚਾਇਆ ਗਿਆ ਹੈ ਅਤੇ ਉਨ੍ਹਾਂ 'ਤੇ 4.99 ਕਰੋੜ ਰੁਪਏ ਤੋਂ ਵੱਧ ਖਰਚ ਕੀਤੇ ਗਏ ਹਨ। ਇਸੇ ਤਰ੍ਹਾਂ, ਵਿੱਤੀ ਸਾਲ 2026-27 ਵਿੱਚ ਇੰਦਰਾ ਗਾਂਧੀ ਸੁਖ ਸਿੱਖਿਆ ਯੋਜਨਾ ਤਹਿਤ 2,267 ਲਾਭਪਾਤਰੀਆਂ ਨੂੰ 3.26 ਕਰੋੜ ਰੁਪਏ ਤੋਂ ਵੱਧ, ਮੁੱਖ ਮੰਤਰੀ ਸ਼ਗੁਨ ਯੋਜਨਾ ਤਹਿਤ 335 ਯੋਗ ਪਰਿਵਾਰਾਂ ਨੂੰ 1.03 ਕਰੋੜ ਰੁਪਏ ਤੋਂ ਵੱਧ ਅਤੇ ਮੁੱਖ ਮੰਤਰੀ ਕੰਨਿਆਦਾਨ ਯੋਜਨਾ ਤਹਿਤ 283 ਯੋਗ ਪਰਿਵਾਰਾਂ ਨੂੰ 1.44 ਕਰੋੜ ਰੁਪਏ ਤੋਂ ਵੱਧ ਦੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ।

- **4.99 ਕਰੋੜ ਰੁਪਏ ਤੋਂ ਵੱਧ ਖਰਚ, ਸਮਾਜਿਕ ਭਲਾਈ ਯੋਜਨਾਵਾਂ ਦੀ ਸਮੀਖਿਆ ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਨੇ ਯੋਗ ਲੋਕਾਂ ਤੱਕ ਸਮੇਂ ਸਿਰ ਲਾਭ ਪਹੁੰਚਾਉਣ ਦੇ ਦਿੱਤੇ ਨਿਰਦੇਸ਼**



ਇਹ ਜਾਣਕਾਰੀ ਡਿਪਟੀ ਕਮਿਸ਼ਨਰ ਊਨਾ ਜਤਿਨ ਲਾਲ ਦੀ ਪ੍ਰਧਾਨਗੀ ਹੇਠ ਅੱਜ (ਵੀਰਵਾਰ) ਐਨਆਈਸੀ ਕਮਰੇ ਵਿੱਚ ਆਯੋਜਿਤ 22ਵੀਂ ਜ਼ਿਲ੍ਹਾ ਪੱਧਰੀ ਨਿਗਰਾਨੀ ਅਤੇ ਸਮੀਖਿਆ ਮੀਟਿੰਗ ਵਿੱਚ ਦਿੱਤੀ ਗਈ। ਮੀਟਿੰਗ ਵਿੱਚ ਸਮਾਜਿਕ ਨਿਆਂ ਅਤੇ ਅਧਿਕਾਰਤਾ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਮਾਜਿਕ ਭਲਾਈ ਯੋਜਨਾਵਾਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਗਈ। ਜ਼ਿਲ੍ਹਾ ਪ੍ਰੋਗਰਾਮ ਅਧਿਕਾਰੀ ਊਨਾ ਹਰੀਸ਼ ਮਿਸ਼ਰਾ ਨੇ ਯੋਜਨਾਵਾਰ ਪ੍ਰਗਤੀ ਦੀ ਜਾਣਕਾਰੀ ਦਿੱਤੀ। ਡਿਪਟੀ ਕਮਿਸ਼ਨਰ ਨੇ ਮੀਟਿੰਗ ਵਿੱਚ ਮਿਸ਼ਨ ਸ਼ਕਤੀ, ਵਨ ਸਟਾਪ ਸੈਂਟਰ, ਬੇਟੀ ਬਚਾਓ-ਬੇਟੀ ਪੜ੍ਹਾਓ, ਮੁੱਖ ਮੰਤਰੀ ਕੰਨਿਆਦਾਨ ਯੋਜਨਾ, ਮੁੱਖ ਮੰਤਰੀ ਸ਼ਗੁਨ ਯੋਜਨਾ, ਇੰਦਰਾ ਗਾਂਧੀ ਸੁਖ ਸਿੱਖਿਆ ਯੋਜਨਾ, ਵਿਧਵਾ ਪੁਨਰਵਿਆਹ ਯੋਜਨਾ, ਮਿਸ਼ਨ ਵਾਤਸਲਯ, ਪੋਸ਼ਣ ਅਭਿਆਨ ਅਤੇ ਮੁੱਖ ਮੰਤਰੀ ਸੁਖ ਆਸ਼ਰਯ ਆਵਾਸ ਯੋਜਨਾ ਸਮੇਤ ਹੋਰ ਯੋਜਨਾਵਾਂ ਦੀ ਪ੍ਰਗਤੀ 'ਤੇ ਵੀ ਚਰਚਾ ਕੀਤੀ। ਡਿਪਟੀ ਕਮਿਸ਼ਨਰ ਜਤਿਨ ਲਾਲ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਹਰ ਯੋਗ ਵਿਅਕਤੀ ਤੱਕ ਸਮੇਂ ਸਿਰ, ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਜਾਵੇ। ਉਨ੍ਹਾਂ ਨੇ ਯੋਜਨਾਵਾਂ ਦੇ ਲਾਗੂਕਰਨ ਦੀ ਨਿਯਮਤ ਨਿਗਰਾਨੀ ਕਰਨ ਅਤੇ ਜ਼ਮੀਨੀ ਪੱਧਰ 'ਤੇ ਇਨ੍ਹਾਂ ਦੀ ਪ੍ਰਭਾਵਸ਼ੀਲਤਾ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸਮਾਜ ਦੇ ਵਾਂਝੇ, ਕਮਜ਼ੋਰ ਅਤੇ ਲੋੜਵੰਦ ਵਰਗਾਂ ਦੇ ਸਮਾਜਿਕ ਅਤੇ ਆਰਥਿਕ ਉਤਥਾਨ ਲਈ ਵੱਖ-ਵੱਖ ਯੋਜਨਾਵਾਂ ਚਲਾ ਰਹੀ ਹੈ। ਮਹਿਲਾਵਾਂ, ਬੱਚਿਆਂ, ਅਨਾਥ ਅਤੇ ਨਿਰਾਸ਼ਰਿਤ ਬੱਚਿਆਂ, ਵਿਧਵਾਵਾਂ ਅਤੇ ਹੋਰ ਲੋੜਵੰਦ ਵਰਗਾਂ ਨੂੰ ਇਨ੍ਹਾਂ ਯੋਜਨਾਵਾਂ ਦਾ ਲਾਭ ਦਿਵਾਉਣਾ ਵਿਭਾਗਾਂ ਦੀ ਮੁੱਢਲੀ ਜ਼ਿੰਮੇਵਾਰੀ ਹੈ। ਯੋਜਨਾਵਾਂ ਦਾ ਉਦੇਸ਼ ਤਾਂ ਹੀ ਪੂਰਾ ਹੋਵੇਗਾ, ਜਦੋਂ ਯੋਗ ਲੋਕਾਂ ਨੂੰ ਬਿਨਾਂ ਕਿਸੇ ਬੇਲੋੜੀ ਦੇਰੀ ਦੇ ਉਨ੍ਹਾਂ ਦਾ ਲਾਭ ਮਿਲੇ।

ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਲਾਭਪਾਤਰੀਆਂ ਦੀਆਂ ਸਮੱਸਿਆਵਾਂ ਦਾ ਸੰਵੇਦਨਸ਼ੀਲਤਾ ਨਾਲ ਤਰਜੀਹ ਦੇ ਆਧਾਰ 'ਤੇ ਹੱਲ ਕਰਨ ਦੇ ਨਿਰਦੇਸ਼ ਵੀ ਦਿੱਤੇ।

ਪੋਸ਼ਣ ਮਹੀਨੇ ਵਿੱਚ ਜਾਗਰੂਕਤਾ ਗਤੀਵਿਧੀਆਂ ਵਧਾਉਣ ਦੇ ਨਿਰਦੇਸ਼

ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਪੋਸ਼ਣ ਮਹੀਨੇ ਦੌਰਾਨ ਵੱਧ ਤੋਂ ਵੱਧ ਲੋਕਾਂ ਦੀ ਭਾਗੀਦਾਰੀ ਯਕੀਨੀ ਬਣਾਉਣ ਅਤੇ ਪੋਸ਼ਣ ਤੇ ਸਿਹਤਮੰਦ ਜੀਵਨਸ਼ੈਲੀ ਦਾ ਸੰਦੇਸ਼ ਵਿਆਪਕ ਪੱਧਰ ਤੱਕ ਪਹੁੰਚਾਉਣ ਦੇ ਨਿਰਦੇਸ਼ ਦਿੱਤੇ।

ਮੀਟਿੰਗ ਵਿੱਚ ਏਡੀਸੀ ਊਨਾ ਇਸ਼ਾਂਤ ਜਸਵਾਲ, ਡੀਐਸਪੀ ਹੇਮਰਾਜ ਵਰਮਾ, ਜ਼ਿਲ੍ਹਾ ਪ੍ਰੋਗਰਾਮ ਅਧਿਕਾਰੀ ਹਰੀਸ਼ ਮਿਸ਼ਰਾ, ਜ਼ਿਲ੍ਹਾ ਬਾਲ ਸੁਰੱਖਿਆ ਅਧਿਕਾਰੀ ਕਮਲਦੀਪ ਸਮੇਤ ਸਬੰਧਤ ਵਿਭਾਗਾਂ ਦੇ ਅਧਿਕਾਰੀ ਮੌਜੂਦ ਰਹੇ।

ਬਲਾਕ ਪੱਧਰੀ ਮੁਕਾਬਲਿਆਂ 'ਚ ਖਿਡਾਰੀਆਂ ਨੇ ਦਿਖਾਏ ਖੇਡ ਪ੍ਰਤਿਭਾ ਦੇ ਜੌਹਰ

ਸੰਗਰੂਰ, 10 ਸਤੰਬਰ (ਪੈ.ਗਾਮ-ਏ-ਜਗਤ)

'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਜ਼ਿਲ੍ਹਾ ਸੰਗਰੂਰ ਵਿੱਚ ਕਰਵਾਈਆਂ ਜਾ ਰਹੀਆਂ ਬਲਾਕ ਪੱਧਰੀ ਖੇਡਾਂ ਦੌਰਾਨ ਖਿਡਾਰੀਆਂ ਵੱਲੋਂ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਜ਼ਿਲ੍ਹਾ ਖੇਡ ਅਫ਼ਸਰ ਨਵਦੀਪ ਸਿੰਘ ਨੇ ਦੱਸਿਆ ਕਿ ਬਲਾਕ ਸੰਗਰੂਰ, ਧੂਰੀ ਅਤੇ ਸ਼ੇਰਪੁਰ ਦੇ ਬਲਾਕ ਪੱਧਰੀ ਟੂਰਨਾਮੈਂਟ ਮੁਕੰਮਲ ਹੋ ਚੁੱਕੇ ਹਨ, ਜਦਕਿ ਅੱਜ 10 ਸਤੰਬਰ ਨੂੰ ਬਲਾਕ ਦਿੜ੍ਹਬਾ, ਲਹਿਰਾ ਅਤੇ ਅਨਦਾਨਾ ਵਿਖੇ ਵੱਖ-ਵੱਖ ਉਮਰ ਵਰਗਾਂ ਦੇ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਅੰਡਰ-14, ਅੰਡਰ-17, ਅੰਡਰ-21, 21 ਤੋਂ 30 ਸਾਲ ਅਤੇ 51 ਤੋਂ 60 ਸਾਲ ਦੇ ਉਮਰ ਵਰਗਾਂ ਵਿੱਚ ਐਥਲੈਟਿਕਸ, ਫੁੱਟਬਾਲ, ਖੋ-ਖੋ, ਕਬੱਡੀ ਨੈਸ਼ਨਲ ਸਟਾਈਲ, ਕਬੱਡੀ ਸਰਕਲ ਸਟਾਈਲ, ਵਾਲੀਬਾਲ ਸ਼ੂਟਿੰਗ ਅਤੇ ਵਾਲੀਬਾਲ ਸਮੈਸ਼ਿੰਗ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ। ਹਲਕਾ ਲਹਿਰਾ ਦੇ ਸਰਕਾਰੀ ਹਾਈ ਸਕੂਲ ਭਾਈ ਕੀ ਪਿਸ਼ੌਰ ਵਿਖੇ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਦੇ ਧਰਮਪਤਨੀ ਸ੍ਰੀਮਤੀ ਸੀਮਾ ਰਾਣੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਖਿਡਾਰੀਆਂ ਦਾ ਹੌਸਲਾ ਵਧਾਇਆ ਅਤੇ ਉਨ੍ਹਾਂ ਨੂੰ ਆਸ਼ੀਰਵਾਦ ਦਿੱਤਾ। ਇਸੇ ਤਰ੍ਹਾਂ ਹਲਕਾ ਦਿੜ੍ਹਬਾ ਦੇ ਸ਼ਹੀਦ ਚਤਵੰਤ ਸਿੰਘ ਖੇਡ ਸਟੇਡੀਅਮ, ਕੌਹਰੀਆਂ ਵਿਖੇ ਬਲਾਕ ਪੱਧਰੀ ਖੇਡਾਂ ਦੀ ਓਪਨਿੰਗ ਮੌਕੇ ਸ੍ਰੀ ਪ੍ਰੀਤਮ ਸਿੰਘ ਪੀਤੂ, ਚੇਅਰਮੈਨ ਇੰਪਰੂਵਮੈਂਟ ਟਰੱਸਟ, ਸੰਗਰੂਰ, ਸ੍ਰੀਮਤੀ ਜਸਵੀਰ ਕੌਰ ਸ਼ੇਰਗਿੱਲ, ਚੇਅਰਪਰਸਨ ਮਾਰਕਿਟ ਕਮੇਟੀ ਦਿੜ੍ਹਬਾ ਅਤੇ ਸ੍ਰੀ ਹਰਵਿੰਦਰ ਸਿੰਘ ਛਾਜਲੀ, ਚੇਅਰਮੈਨ ਮਾਰਕਿਟ ਕਮੇਟੀ ਸੂਲਰ ਘਰਾਟ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਕੀਤੀ।

ਬਲਾਕ ਦਿੜ੍ਹਬਾ: ਐਥਲੈਟਿਕਸ ਅੰਡਰ-14 ਲੜਕਿਆਂ ਦੇ 600 ਮੀਟਰ ਮੁਕਾਬਲੇ ਵਿੱਚ ਸਮਰ ਸਿੰਘ ਨੇ ਪਹਿਲਾ, ਗੁਰਸਾਹਿਬ ਸਿੰਘ ਨੇ ਦੂਸਰਾ ਅਤੇ ਸਰਦਾਰ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ। ਵਾਲੀਬਾਲ ਅੰਡਰ-14 ਲੜਕੀਆਂ ਵਿੱਚ ਕੌਹਰੀਆਂ ਕਿੰਗ ਨੇ ਪਹਿਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੁੱਜਰਾਂ (ਏ) ਨੇ ਦੂਸਰਾ ਅਤੇ ਸਸਸਸ ਗੁੱਜਰਾਂ (ਬੀ) ਨੇ ਤੀਸਰਾ ਸਥਾਨ ਹਾਸਲ ਕੀਤਾ।

ਬਲਾਕ ਲਹਿਰਾ: ਐਥਲੈਟਿਕਸ ਅੰਡਰ-14 ਲੜਕਿਆਂ ਦੀ ਲੰਬੀ ਛਾਲ ਵਿੱਚ ਜਸਕਰਨ ਸਿੰਘ ਨੇ 4.00 ਮੀਟਰ ਦੀ ਛਾਲ ਨਾਲ ਪਹਿਲਾ, ਮਨਿੰਦਰ ਸਿੰਘ ਨੇ 3.77 ਮੀਟਰ ਨਾਲ ਦੂਸਰਾ ਅਤੇ ਪ੍ਰਦੀਪ ਸਿੰਘ ਨੇ 3.71 ਮੀਟਰ ਨਾਲ ਤੀਸਰਾ ਸਥਾਨ ਹਾਸਲ ਕੀਤਾ। ਅੰਡਰ-17 ਲੜਕੀਆਂ ਦੇ 1500 ਮੀਟਰ ਮੁਕਾਬਲੇ ਵਿੱਚ ਵੀਰਾਂ ਕੌਰ ਨੇ ਪਹਿਲਾ ਅਤੇ ਜਸਪ੍ਰੀਤ ਕੌਰ ਨੇ ਦੂਸਰਾ ਸਥਾਨ ਹਾਸਲ ਕੀਤਾ।

